ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 27 ਜੂਨ 2025 (ਨਾਨਕਸ਼ਾਹੀ ਸੰਮਤ : ੫੫੭, ੧੩ ਹਾੜ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਔਰਤ ਨੇ ਰੇਲਵੇ ਲਾਈਨਾਂ 'ਤੇ ਹੀ ਭਜਾ ਦਿੱਤੀ ਕਾਰ, ਰੇਲਵੇ ਨੂੰ ਪਈਆਂ ਭਾਜੜਾਂ, ਕਈ ਰੇਲਾਂ ਮੁਅੱਤਲ

**ਤੇਲੰਗਨਾ, 26 ਜੂਨ (ਆਵਾਜ਼ਿ ਕੌਮ ਬਿਊਰੋ)**-ਤੇਲੰਗਾਨਾ ਦੇ ਰੰਗਾ ਰੈਡੀ ਜ਼ਿਲ੍ਹੇ ਵਿੱਚ ਉੱਤਰ ਪ੍ਰਦੇਸ਼ ਦੀ ਇੱਕ ਔਰਤ ਦਾ ਰੇਲਵੇ ਟਰੈਕ 'ਤੇ ਕਾਰ ਚਲਾਉਣ ਦਾ ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਿਹਾ ਹੈ। ਔਰਤ ਦੀ ਇਸ ਗਲਤੀ ਕਾਰਨ ਰੇਲਵੇ ਵਿਭਾਗ ਨੂੰ ਬਹੁਤ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ ਅਤੇ ਕਈ ਰੇਲਗੱਡੀਆਂ ਨੂੰ ਮੁਅੱਤਲ ਕਰ ਦਿੱਤਾ ਗਿਆ ਅਤੇ ਕਈਆਂ ਨੂੰ ਡਾਇਵਰਟ ਕਰ ਦਿੱਤਾ ਗਿਆ। ਔਰਤ ਵੱਲੋਂ ਰੇਲਵੇ ਟਰੈਕ 'ਤੇ ਕਾਰ ਚਲਾਉਣ ਦਾ ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਿਹਾ ਹੈ। ਇਹ ਘਟਨਾ ਸ਼ੰਕਰਪੱਲੀ ਦੇ ਨੇੜੇ ਵਾਪਰੀ। ਇਸ 13 ਸਕਿੰਟ ਦੇ ਵੀਡੀਓ ਵਿੱਚ ਦੇਖਿਆ ਜਾ ਸਕਦਾ ਹੈ ਕਿ ਔਰਤ, ਰੇਲਵੇ ਟਰੈਕ 'ਤੇ ਕਾਰ ਚਲਾ ਰਹੀ ਹੈ। ਇਸ ਮਾਮਲੇ ਨਾਲ ਸਬੰਧਤ ਇੱਕ ਹੋਰ ਵੀਡੀਓ ਵੀ ਵਾਇਰਲ ਹੋ ਰਿਹਾ ਹੈ, ਜਿਸ ਵਿੱਚ ਸਥਾਨਕ ਨਿਵਾਸੀ, ਰੇਲਵੇ ਕਰਮਚਾਰੀ ਅਤੇ ਪੁਲਿਸ ਔਰਤ ਨੂੰ ਗੱਡੀ ਵਿੱਚੋਂ ਬਾਹਰ ਕੱਢਣ ਲਈ ਜੱਦੋ-ਜਹਿਦ ਕਰਦੇ ਦੇਖੇ ਜਾ ਸਕਦੇ ਹਨ। ਔਰਤ ਦਾ ਇੱਕ ਹੋਰ ਵੀਡੀਓ ਸਾਹਮਣੇ ਆਇਆ ਹੈ, ਜਿਸ ਵਿੱਚ ਭੀੜ ਉਸਨੂੰ ਕਾਰ ਵਿੱਚੋਂ ਬਾਹਰ ਕੱਢਦੀ ਹੈ ਅਤੇ ਉਸਦੇ ਹੱਥ ਬੰਨ੍ਹੇ ਹੋਏ ਹਨ। ਵੀਡੀਓ ਵਿੱਚ, ਔਰਤ ਹਿੰਦੀ ਵਿੱਚ ਚੀਕ ਵੀ ਰਹੀ ਹੈ, 'ਮੇਰੇ ਹੱਥ ਖੋਲ੍ਹੋ'। ਸੂਤਰਾਂ ਦੇ ਹਵਾਲੇ ਨਾਲ ਕਿਹਾ ਕਿ ਜਦੋਂ ਔਰਤ ਰੇਲਵੇ ਟਰੈਕ 'ਤੇ ਗੱਡੀ ਚਲਾ ਰਹੀ ਸੀ, ਤਾਂ ਕਈ ਰੇਲਵੇ ਕਰਮਚਾਰੀ ਅਤੇ ਪੁਲਿਸ ਕਰਮਚਾਰੀ ਕਾਰ ਦੇ ਪਿੱਛੇ ਭੱਜੇ ਅਤੇ ਫਿਰ ਕਾਰ ਨੂੰ ਰੋਕਣ ਵਿੱਚ ਕਾਮਯਾਬ ਹੋ ਗਏ। ਔਰਤ ਨੂੰ ਕਾਰ ਵਿੱਚੋਂ ਬਾਹਰ ਕੱਢਣ ਲਈ 20 ਲੋਕਾਂ ਨੂੰ ਲੱਗਿਆ।

# ਹਿਮਾਚਲ 'ਚ ਕਹਿਰ ਬਣ ਕੇ ਫਟਿਆ ਬੱਦਲ

# ਨਦੀਆਂ 'ਚ ਰੁੜ੍ਹੀਆਂ ਗੱਡੀਆਂ, ਵੇਖੋ ਰੌਂਗਟੇ ਖੜ੍ਹੇ ਕਰਨ ਵਾਲੀਆਂ ਵੀਡੀਓਜ਼

**ਮਨਾਲੀ/ਕੁੱਲੂ, 26 ਜੂਨ (ਆਵਾਜ਼ਿ ਕੌਮ ਬਿਊਰੋ)**-ਜੁਲਾਈ ਦੇ ਮਹੀਨਾ ਸ਼ੁਰੂ ਹੋਣ ਤੋਂ ਪਹਿਲਾਂ ਹੀ ਮਾਨਸੂਨ ਆਪਣਾ ਭਿਆਨਕ ਰੂਪ ਦਿਖਾ ਰਿਹਾ ਹੈ। ਦੇਸ਼ ਦੇ ਕਈ ਇਲਾਕਿਆਂ 'ਚ ਮੀਂਹ ਕਾਰਨ ਲੋਕਾਂ ਨੂੰ ਕਾਫੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉੱਥੇ ਹੀ ਜੇਕਰ ਗੱਲ ਕੀਤੀ ਜਾਵੇ ਹਿਮਾਚਲ ਪ੍ਰਦੇਸ਼ ਦੀ ਤਾਂ ਬੀਤੇ 48 ਘੰਟਿਆਂ ਤੋਂ ਹਿਮਾਚਲ 'ਚ ਮੀਂਹ ਕਾਰਨ ਸਥਿਤੀ ਤਣਾਅਪੂਰਨ ਹੋ ਗਈ ਹੈ। ਦੱਸ ਦਈਏ ਕਿ ਹਿਮਾਚਲ ਪ੍ਰਦੇਸ਼ 'ਚ ਆਰੈਂਜ ਅਲਰਟ ਦੇ ਵਿਚਕਾਰ ਅਸਮਾਨ ਨੇ ਤਬਾਹੀ ਮਚਾ ਦਿੱਤੀ। ਹਾਲਾਂਕਿ, ਅੱਜ ਮੌਸਮ ਸਾਫ਼ ਹੋਣ ਕਾਰਨ ਕੁਝ ਰਾਹਤ ਮਿਲੀ ਹੈ। ਲਾਪਤਾ ਲੋਕਾਂ ਦੀ ਭਾਲ ਮੁਹਿੰਮ ਤੇਜ਼ ਕਰ ਦਿੱਤੀ ਗਈ ਹੈ। ਸੈਂਜ ਦੇ ਜੀਵਨਾਲਾ ਵਿੱਚ ਬੱਦਲ ਫਟਣ ਕਾਰਨ ਹੋਈ ਤਬਾਹੀ ਤੋਂ ਬਾਅਦ, ਵੀਰਵਾਰ ਨੂੰ ਪਿੰਨ ਪਾਰਵਤੀ ਨਦੀ ਦੇ ਪਾਣੀ ਦਾ ਪੱਧਰ ਘੱਟ ਗਿਆ ਹੈ। ਅਜਿਹੀ ਸਥਿਤੀ ਵਿੱਚ, ਬਿਹਾਲੀ ਪਿੰਡ ਵਿੱਚ ਤਿੰਨ ਲਾਪਤਾ ਲੋਕਾਂ ਦੀ ਭਾਲ ਲਈ



ਬਚਾਅ ਟੀਮ ਮੌਕੇ 'ਤੇ ਪਹੁੰਚ ਗਈ। ਐਨਡੀਆਰਐਫ ਦੀ ਇੱਕ ਟੀਮ ਵੀ ਪਹੁੰਚ ਗਈ ਹੈ। ਮੌਸਮ ਸਾਫ਼ ਹੋਣ ਨਾਲ ਲੋਕਾਂ ਨੇ ਵੀ ਰਾਹਤ ਦਾ ਸਾਹ ਲਿਆ ਹੈ। ਧਰਮਸ਼ਾਲਾ ਅਤੇ ਕੁੱਲੂ ਵਿੱਚ ਪੰਜ ਥਾਵਾਂ 'ਤੇ ਬੱਦਲ ਫਟਣ ਕਾਰਨ ਭਾਰੀ ਤਬਾਹੀ ਦੌਰਾਨ ਦੋ ਲੋਕਾਂ ਦੀ ਮੌਤ ਹੋ ਗਈ, ਜਦੋਂ ਕਿ ਨੌਂ ਲੋਕ ਲਾਪਤਾ ਹਨ। ਇਨ੍ਹਾਂ ਵਿੱਚੋਂ ਕੁੱਲੂ ਵਿੱਚ ਤਿੰਨ ਅਤੇ ਧਰਮਸ਼ਾਲਾ ਵਿੱਚ ਛੇ ਲੋਕ ਲਾਪਤਾ ਹਨ। ਕੁੱਲੂ ਜ਼ਿਲ੍ਹੇ ਦੇ ਚਾਰ ਥਾਵਾਂ, ਸੈਂਜ ਦੇ ਜੀਵਨਾਲਾ, ਗੜਸਾ ਦੇ ਸ਼ਿਲਾਗੜ੍ਹ, ਮਨਾਲੀ ਦੀ ਸਨੋ ਗੈਲਰੀ ਅਤੇ ਬੰਜਾਰ ਦੇ ਹੋਰਨਾਗੜ ਵਿੱਚ ਬੱਦਲ ਫਟਣ ਕਾਰਨ ਭਾਰੀ ਤਬਾਹੀ ਹੋਈ। ਇਸ ਕਾਰਨ ਅੱਠ ਵਾਹਨ, 10 ਛੋਟੇ ਪੁਲ ਅਤੇ ਇੱਕ ਬਿਜਲੀ ਪ੍ਰੋਜੈਕਟ ਵਹਿ ਗਿਆ। ਸੈਂਜ ਦੇ ਰੈਲਾ ਬਿਹਾਲ ਵਿੱਚ ਬੱਦਲ ਫਟਣ ਕਾਰਨ ਤਿੰਨ ਲੋਕ ਵਹਿ ਗਏ। ਸੈਂਜ ਘਾਟੀ ਦੇ ਸ਼ਾਈਸ਼ਰ, ਸ਼ੰਘੜ ਅਤੇ ਸੁਚਾਈਹਾਨ ਪੰਚਾਇਤ ਖੇਤਰਾਂ ਵਿੱਚ ਸੈਂਕੜੇ ਸੈਲਾਨੀ 150 ਤੋਂ ਵੱਧ ਸੈਲਾਨੀ ਵਾਹਨਾਂ ਸਮੇਤ ਫਸ ਗਏ। ਹੋਰਨਾਗੜ ਵਿੱਚ ਬੱਦਲ ਫਟਣ ਕਾਰਨ ਆਏ ਹੜ੍ਹਾਂ ਨੇ ਬੰਜਾਰ-ਬਠਹਾਰ ਸੜਕ 'ਤੇ ਇੱਕ ਪੁਲ ਅਤੇ ਇੱਕ ਵਾਹਨ ਨੂੰ ਵਹਿ ਗਿਆ। ਸਰਕਾਰੀ ਪ੍ਰਾਇਮਰੀ ਸਕੂਲ ਵਿੱਚ ਮਲਬਾ ਦਾਖਲ ਹੋਣ 'ਤੇ ਸਥਾਨਕ ਲੋਕਾਂ ਨੇ ਵਿਦਿਆਰਥੀਆਂ ਨੂੰ ਬਚਾਇਆ।

## ਮਜੀਠੀਆ ਨੂੰ 7 ਦਿਨ ਰਿੜਕੇਗੀ ਵਿਜੀਲੈਂਸ, ਅਦਾਲਤ ਨੇ ਦਿੱਤਾ ਰਿਮਾਂਡ

**ਚੰਡੀਗੜ੍ਹ, 26 ਜੂਨ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿਜੀਲੈਂਸ ਨੂੰ ਸਾਬਕਾ ਅਕਾਲੀ ਮੰਤਰੀ ਬਿਕਰਮ ਮਜੀਠੀਆ ਤੋਂ ਪੁੱਛਗਿੱਛ ਕਰਨ ਲਈ 7 ਦਿਨਾਂ ਦਾ ਰਿਮਾਂਡ ਮਿਲ ਗਿਆ ਹੈ। ਵਿਜੀਲੈਂਸ ਨੇ ਅੱਜ ਮਜੀਠੀਆ ਨੂੰ ਮੁਹਾਲੀ ਦੀ ਅਦਾਲਤ ਵਿੱਚ ਪੇਸ਼ ਕੀਤਾ। ਅਦਾਲਤ ਨੇ ਦੋਵਾਂ ਧਿਰਾਂ ਦੀਆਂ ਦਲੀਲਾਂ ਸੁਣਨ ਮਗਰੋਂ ਮਜੀਠੀਆ ਦਾ 7 ਦਿਨਾਂ ਦਾ ਰਿਮਾਂਡ ਦੇ ਦਿੱਤਾ। ਵਿਜੀਲੈਂਸ ਨੇ ਲੰਘੇ ਕੱਲ੍ਹ ਮਜੀਠੀਆ ਨੂੰ ਅੰਮ੍ਰਿਤਸਰ ਤੋਂ ਮਜੀਠੀਆ ਨੂੰ ਗ੍ਰਿਫਤਾਰ ਕੀਤਾ ਸੀ। ਅਦਾਲਤ ਵਿੱਚ ਵਿਜੀਲੈਂਸ ਨੇ 12 ਦਿਨਾਂ ਦੇ ਰਿਮਾਂਡ ਦੀ ਮੰਗ ਕਰਦੇ ਹੋਏ ਕਾਫ਼ੀ ਸਮਾਂ ਬਹਿਸ ਕੀਤੀ। ਇਸ ਤੋਂ ਬਾਅਦ ਅਦਾਲਤ ਨੇ ਵਿਜੀਲੈਂਸ ਨੂੰ 7 ਦਿਨ ਦਾ ਰਿਮਾਂਡ ਦੇ ਦਿੱਤਾ। ਹੁਣ ਮਾਮਲੇ ਦੀ ਅਗਲੀ ਸੁਣਵਾਈ 2 ਜੁਲਾਈ ਨੂੰ ਹੋਵੇਗੀ। ਮਜੀਠੀਆ ਨੂੰ ਅੱਜ ਸਖ਼ਤ ਸੁਰੱਖਿਆ ਹੇਠ ਮੁਹਾਲੀ ਅਦਾਲਤ ਵਿੱਚ ਪੇਸ਼ ਕੀਤਾ ਗਿਆ। ਮਜੀਠੀਆ ਦੇ ਸਮਰਥਕ ਵੀ ਇੱਥੇ ਪਹੁੰਚੇ ਸਨ, ਪਰ ਪੁਲਿਸ ਨੇ ਸੁਰੱਖਿਆ ਦੇ ਨਜ਼ਰੀਏ ਤੋਂ ਉਨ੍ਹਾਂ ਨੂੰ ਹਿਰਾਸਤ ਵਿੱਚ ਲੈ ਲਿਆ। ਇਸ ਦੇ ਨਾਲ ਹੀ ਅਕਾਲੀ ਆਗੂ ਦਲਜੀਤ ਚੀਮਾ ਨੂੰ ਵੀ ਅਦਾਲਤ ਤੋਂ ਬਾਹਰ ਨਹੀਂ ਰਹਿਣ ਦਿੱਤਾ ਗਿਆ। ਪੁਲਿਸ ਨੇ ਉਨ੍ਹਾਂ ਨੂੰ ਹਿਰਾਸਤ ਵਿੱਚ ਵੀ ਲੈ ਲਿਆ। ਦੱਸ ਦਈਏ ਕਿ ਪੰਜਾਬ ਵਿਜੀਲੈਂਸ ਬਿਊਰੋ ਨੇ ਬੁੱਧਵਾਰ ਨੂੰ ਡਰੱਗ



ਮਨੀ ਨਾਲ ਸਬੰਧਤ ਆਮਦਨ ਤੋਂ ਵੱਧ ਜਾਇਦਾਦ ਦੇ ਮਾਮਲੇ ਵਿੱਚ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ ਨੂੰ ਗ੍ਰਿਫ਼ਤਾਰ ਕੀਤੀ ਸੀ। ਉਨ੍ਹਾਂ ਬੁੱਧਵਾਰ-ਵੀਰਵਾਰ ਦੀ ਵਿਚਕਾਰਲੀ ਰਾਤ ਵਿਜੀਲੈਂਸ ਦਫ਼ਤਰ ਵਿੱਚ ਹੀ ਬਿਤਾਈ। ਇਸ ਮਾਮਲੇ ਨੇ ਹੁਣ ਸਿਆਸੀ ਰੰਗ ਲੈ ਲਿਆ ਹੈ। ਸਾਰੀਆਂ ਰਾਜਨੀਤਕ ਪਾਰਟੀਆਂ ਇਸ ਕਾਰਵਾਈ ਨੂੰ ਗਲਤ ਦੱਸ ਰਹੀਆਂ ਹਨ। ਉਨ੍ਹਾਂ ਦਾ ਕਹਿਣਾ ਹੈ ਕਿ ਵਿਰੋਧੀ ਧਿਰ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਇਸ 'ਤੇ ਸੀਐਮ ਭਗਵੰਤ ਮਾਨ ਨੇ ਕਿਹਾ ਹੈ ਕਿ ਕਾਗਜ਼ੀ ਕਾਰਵਾਈ ਕਾਨੂੰਨ ਅਨੁਸਾਰ ਕੀਤੀ ਗਈ ਹੈ। ਉਨ੍ਹਾਂ ਦਾ ਸਮਰਥਨ ਕਰਨ ਵਾਲੇ ਵੀ ਦੋਸ਼ੀ ਹੋਣਗੇ। ਮਜੀਠੀਆ ਦੇ ਵਕੀਲਾਂ ਨੇ ਕਿਹਾ ਕਿ ਜਿਸ ਰਿਪੋਰਟ ਦੇ ਆਧਾਰ 'ਤੇ ਉਨ੍ਹਾਂ ਵਿਰੁੱਧ ਕੇਸ ਦਰਜ ਕੀਤਾ ਗਿਆ, ਉਸ ਨੂੰ ਸੁਪਰੀਮ ਕੋਰਟ ਪਹਿਲਾਂ ਹੀ ਰੱਦ ਕਰ ਚੁੱਕੀ ਹੈ।

## ਅੰਤਰਰਾਸ਼ਟਰੀ ਪੁਲਾੜ ਸਟੇਸ਼ਨ ਪਹੁੰਚਿਆ ਸ਼ੁਭਾਂਸ਼ੂ ਦਾ ਪੁਲਾੜ ਯਾਨ ,14 ਦਿਨ ਉੱਥੇ ਹੀ ਰਹੇਗਾ

**ਵਾਸ਼ਿੰਗਟਨ, 26 ਜੂਨ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਪੁਲਾੜ ਯਾਤਰੀ ਗਰੁੱਪ ਕੈਪਟਨ ਸ਼ੁਭਾਂਸ਼ੂ ਸ਼ੁਕਲਾ ਦਾ ਪੁਲਾੜ ਯਾਨ ਅੰਤਰਰਾਸ਼ਟਰੀ ਪੁਲਾੜ ਸਟੇਸ਼ਨ 'ਤੇ ਪਹੁੰਚ ਗਿਆ ਹੈ। ਜਿਵੇਂ ਹੀ ਉਹ ਪਹੁੰਚਿਆ, ਦੇਸ਼ ਭਰ ਵਿੱਚ ਖੁਸ਼ੀ ਦਾ ਮਾਹੌਲ ਸੀ। ਤੁਹਾਨੂੰ ਦੱਸ ਦੇਈਏ ਕਿ ਲਾਂਚਿੰਗ




ਤੋਂ ਬਾਅਦ ਇਸ ਪੁਲਾੜ ਯਾਨ ਨੇ ਲਗਭਗ 26 ਘੰਟਿਆਂ ਵਿੱਚ ਪੁਲਾੜ ਸਟੇਸ਼ਨ ਦੀ ਯਾਤਰਾ ਪੂਰੀ ਕਰ ਲਈ ਹੈ। ਇਹ ਪੁਲਾੜ ਯਾਨ 418 ਕਿਲੋਮੀਟਰ ਦੀ ਉਚਾਈ 'ਤੇ 28,000 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ ਨਾਲ ਧਰਤੀ ਦੇ ਦੁਆਲੇ ਘੁੰਮ ਰਿਹਾ ਹੈ। ਪੁਲਾੜ ਸਟੇਸ਼ਨ ਵਿੱਚ ਦਾਖਲ ਹੋਣ ਤੋਂ ਪਹਿਲਾਂ ਡੌਕਿੰਗ ਪ੍ਰਕਿਰਿਆ ਦਾ ਇੱਕ ਵੀਡੀਓ ਵੀ ਸਾਹਮਣੇ ਆਇਆ ਹੈ।

ਦੱਸਿਆ ਜਾ ਰਿਹਾ ਹੈ ਕਿ ਡੌਕਿੰਗ ਪ੍ਰਕਿਰਿਆ ਨਿਰਧਾਰਤ ਸਮੇਂ ਤੋਂ 20 ਮਿੰਟ ਪਹਿਲਾਂ ਸ਼ੁਰੂ ਹੋਈ ਸੀ। ਇਸ ਦੇ ਨਾਲ ਹੀ ਪੁਲਾੜ ਸਟੇਸ਼ਨ ਵਿੱਚ ਪੂਰੀ ਤਰ੍ਹਾਂ ਦਾਖਲ ਹੋਣ ਵਿੱਚ 1 ਘੰਟਾ ਹੋਰ ਲੱਗੇਗਾ। ਤੁਹਾਨੂੰ ਦੱਸ ਦੇਈਏ ਕਿ ਸ਼ੁਭਾਂਸ਼ੂ ਸ਼ੁਕਲਾ ਨੇ ਇਹ ਉਡਾਣ ਆਪਣੇ ਸਾਥੀਆਂ ਨਾਲ ਅਮਰੀਕਾ ਦੇ ਫਲੋਰੀਡਾ ਵਿੱਚ ਕੈਨੇਡੀ ਸਪੇਸ ਸੈਂਟਰ (KSC) ਤੋਂ 'ਸਪੇਸਐਕਸ ਫਾਲਕਨ 9' ਪੁਲਾੜ ਯਾਨ 'ਤੇ ਸਵਾਰ ਹੋ ਕੇ ਲਈ ਸੀ।

ਤੁਹਾਨੂੰ ਦੱਸ ਦੇਈਏ ਕਿ ਗਰੁੱਪ ਕੈਪਟਨ ਸ਼ੁਭਾਂਸ਼ੂ ਸ਼ੁਕਲਾ ਦੇ ਨਾਲ ਮਿਸ਼ਨ ਕਮਾਂਡਰ ਪੈਗੀ ਵਿਟਸਨ (ਅਮਰੀਕਾ), ਮਿਸ਼ਨ ਸਪੈਸ਼ਿਲਸਟ ਟਿਬੋਰ ਕਾਪੂ (ਹੰਗਰੀ), ਪੋਲੈਂਡ ਦੇ ਸਲਾਵੋਸ ਵੁਜਨਾਂਸਕੀ-ਵਿਸਨੀਵਸਕੀ (ਮਿਸ਼ਨ ਮਾਹਰ) ਅਤੇ ਯੂਰਪੀਅਨ ਪੁਲਾੜ ਏਜੰਸੀ ਦੇ ਵਿਗਿਆਨੀ ਵੀ ਅੰਤਰਰਾਸ਼ਟਰੀ ਪੁਲਾੜ ਸਟੇਸ਼ਨ 'ਤੇ ਪਹੁੰਚ ਚੁੱਕੇ ਹਨ।

ਸ਼ੁਭਾਂਸ਼ੂ ਸ਼ੁਕਲਾ ਦਾ ਇਹ ਮਿਸ਼ਨ ਭਾਰਤ ਲਈ ਬਹੁਤ ਮਹੱਤਵਪੂਰਨ ਹੈ। 14 ਦਿਨਾਂ ਵਿੱਚ ਉਨ੍ਹਾਂ ਦੀ ਟੀਮ ਪੁਲਾੜ ਵਿੱਚ 60 ਵੱਖ-ਵੱਖ ਪ੍ਰਯੋਗ ਕਰੇਗੀ। ਇਨ੍ਹਾਂ ਵਿੱਚੋਂ 7 ਪ੍ਰਯੋਗ ਭਾਰਤੀ ਵਿਗਿਆਨੀਆਂ ਦੁਆਰਾ ਬਣਾਏ ਗਏ ਹਨ। ਇਹ ਭਾਰਤ ਦੀ ਪੁਲਾੜ ਖੋਜ ਵਿੱਚ ਇੱਕ ਵੱਡੀ ਪ੍ਰਾਪਤੀ ਹੈ।

ਜਿਵੇਂ ਹੀ ਲਖਨਊ ਦੇ ਰਹਿਣ ਵਾਲੇ ਸ਼ੁਭਾਂਸ਼ੂ ਸ਼ੁਕਲਾ 'ਸਪੇਸਐਕਸ ਫਾਲਕਨ 9' ਰਾਕੇਟ 'ਤੇ ਸਵਾਰ ਹੋ ਕੇ ਪੁਲਾੜ ਲਈ ਉਡਾਣ ਭਰੀ, ਉਸਦੇ ਮਾਪਿਆਂ ਦੀਆਂ ਅੱਖਾਂ ਵਿੱਚੋਂ ਹੰਝੂ ਵਹਿ ਤੁਰੇ। ਇਸ ਦੌਰਾਨ ਦੋਵੇਂ ਆਪਣੇ ਪੁੱਤਰ ਨੂੰ ਉਤਸ਼ਾਹਿਤ ਕਰਦੇ ਹੋਏ ਬਹੁਤ ਭਾਵੁਕ ਦਿਖਾਈ ਦਿੱਤੇ।

## ਸ਼੍ਰੋਮਣੀ ਕਮੇਟੀ ਵੱਲੋਂ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸੇਵਾ ਨਿਯਮਾਂ ਸਬੰਧੀ ਕਮੇਟੀ ਗਠਿਤ, 34 ਮੈਂਬਰੀ ਕਮੇਟੀ 'ਚ ਕੌਣ-ਕੌਣ ?

**ਅੰਮ੍ਰਿਤਸਰ, 26 ਜੂਨ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸੇਵਾ ਨਿਯਮਾਂ ਦੇ ਸਬੰਧ ਵਿਚ 34 ਮੈਂਬਰੀ ਕਮੇਟੀ ਦਾ ਗਠਨ ਕੀਤਾ ਹੈ। ਦਫ਼ਤਰ ਤੋਂ ਜਾਰੀ ਇਕ ਪ੍ਰੈੱਸ ਬਿਆਨ ਰਾਹੀਂ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦੱਸਿਆ ਕਿ ਇਸ ਕਮੇਟੀ ਵਿਚ ਸਿੰਘ ਸਾਹਿਬਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਅੰਮ੍ਰਿਤਸਰ ਤੋਂ ਇੱਕ ਨੁਮਾਇੰਦਾ, ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ਼੍ਰੋਮਣੀ ਅਕਾਲੀ ਦਲ ਦਾ ਇੱਕ ਨੁਮਾਇੰਦਾ, ਬਾਬਾ ਹਰਨਾਮ ਸਿੰਘ ਖ਼ਾਲਸਾ ਮੁਖੀ ਦਮਦਮੀ ਟਕਸਾਲ ਤੇ ਪ੍ਰਧਾਨ ਸੰਤ ਸਮਾਜ, ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ ਮੁਖੀ ਤਰਨਾ ਦਲ ਹਰੀਆਂ ਵੇਲਾਂ, ਬਾਬਾ ਬਲਬੀਰ ਸਿੰਘ 96ਵੇਂ ਕਰੋੜੀ ਮੁਖੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ, ਬਾਬਾ ਅਵਤਾਰ ਸਿੰਘ ਸੁਰਸਿੰਘ ਮੁਖੀ ਦਲ ਪੰਥ ਬਾਬਾ ਬਿਧੀ ਚੰਦ ਜੀ, ਪ੍ਰਦਮਸ੍ਰੀ ਬਾਬਾ ਸੇਵਾ ਸਿੰਘ ਕਾਰ ਸੇਵਾ ਖਡੂਰ ਸਾਹਿਬ, ਬਾਬਾ ਕਸ਼ਮੀਰ ਸਿੰਘ ਮੁਖੀ ਸੰਪ੍ਰਦਾ ਕਾਰਸੇਵਾ ਭੂਰੀਵਾਲੇ, ਬਾਬਾ ਤੇਜਾ ਸਿੰਘ ਖੁੱਡਾ ਕੁਰਾਲਾ ਨਿਰਮਲੇ ਸੰਪ੍ਰਦਾ, ਮਹੰਤ ਰਮਿੰਦਰ ਦਾਸ ਉਦਾਸੀਨ ਸੰਪ੍ਰਦਾ, ਮਹੰਤ ਪ੍ਰਿਤਪਾਲ ਸਿੰਘ ਮਿੱਠਾ ਟਿਵਾਣਾ ਸੇਵਾਪੰਥੀ, ਬਾਬਾ ਸੇਵਾ ਸਿੰਘ ਰਾਮਪੁਰ ਖੇੜਾ, ਪ੍ਰਧਾਨ ਚੀਫ ਖ਼ਾਲਸਾ ਦੀਵਾਨ ਸ੍ਰੀ ਅੰਮ੍ਰਿਤਸਰ, ਕੇਂਦਰੀ ਸ੍ਰੀ ਗੁਰੂ ਸਿੰਘ ਸਭਾ ਚੰਡੀਗੜ੍ਹ ਦਾ ਇੱਕ ਨੁਮਾਇੰਦਾ, ਪ੍ਰਸਿੱਧ ਕਥਾਵਾਚਕ ਭਾਈ ਸਾਹਿਬ ਗਿਆਨੀ ਪਿੰਦਰਪਾਲ ਸਿੰਘ, ਗੁਰਬਾਣੀ ਵਿਆਕਰਣ ਦੇ ਮਾਹਿਰ ਗਿਆਨੀ ਸਾਹਿਬ ਸਿੰਘ ਸ਼ਾਹਬਾਦ ਮਾਰਕੰਡਾ, ਭਾਈ ਮਹਿੰਦਰ ਸਿੰਘ ਗੁਰੂ ਨਾਨਕ ਨਿਸ਼ਕਾਮ ਸੇਵਕ ਜਥਾ ਯੂਕੇ, ਮਹੰਤ ਮਨਜੀਤ ਸਿੰਘ ਜੰਮੂ ਕਸ਼ਮੀਰ, ਬੀਬੀ ਇੰਦਰਜੀਤ ਕੌਰ ਮੁਖੀ ਭਗਤ ਪੂਰਨ ਸਿੰਘ ਪਿੰਗਲਵਾੜਾ ਸੁਸਾਇਟੀ, ਡਾ. ਕਰਮਜੀਤ ਸਿੰਘ ਵਾਈਸ ਚਾਂਸਲਰ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ, ਡਾ. ਪ੍ਰਿਤਪਾਲ ਸਿੰਘ ਵਾਈਸ ਚਾਂਸਲਰ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਸ੍ਰੀ ਫ਼ਤਹਿਗੜ੍ਹ ਸਾਹਿਬ, ਸਿੱਖ ਵਿਦਵਾਨ ਡਾ. ਬਲਕਾਰ ਸਿੰਘ ਪਟਿਆਲਾ, ਡਾ. ਪਰਮਵੀਰ ਸਿੰਘ ਪੰਜਾਬੀ ਯੂਨੀਵਰਸਿਟੀ ਪਟਿਆਲਾ, ਡਾ. ਅਮਰਜੀਤ ਸਿੰਘ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ, ਡਾ. ਇੰਦਰਜੀਤ ਸਿੰਘ ਗੋਗੋਆਣੀ ਪ੍ਰਿੰ: ਖ਼ਾਲਸਾ ਕਾਲਜ ਸੀ: ਸੈ: ਸਕੂਲ ਅੰਮ੍ਰਿਤਸਰ, ਸਿੱਖ ਵਿਦਵਾਨ ਡਾ. ਕੇਹਰ ਸਿੰਘ, ਸਿੱਖ ਵਿਦਵਾਨ ਡਾ. ਹਰਭਜਨ ਸਿੰਘ ਡੇਹਰਾਦੂਨ, ਗਿ: ਬਲਜੀਤ ਸਿੰਘ ਪ੍ਰਿੰ: ਸਾਹਿਬਜ਼ਾਦਾ ਜੁਝਾਰ ਸਿੰਘ ਸਿੱਖ ਮਿਸ਼ਨਰੀ ਕਾਲਜ ਚੌਂਤਾ, ਸਿੱਖ ਵਿਦਵਾਨ ਡਾ. ਗੁਰਚਰਨਜੀਤ ਸਿੰਘ ਲਾਂਬਾ ਅਮਰੀਕਾ, ਡਾ. ਜਤਿੰਦਰਪਾਲ ਸਿੰਘ ਉੱਪਲ ਆਸਟ੍ਰੇਲੀਆ, ਰਾਜਬੀਰ ਸਿੰਘ ਕੈਨੇਡਾ, ਇੰਦਰਪਾਲ ਸਿੰਘ ਚੱਢਾ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਅਤੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ (ਕੋਆਰਡੀਨੇਟਰ) ਨੂੰ ਸ਼ਾਮਲ ਕੀਤਾ ਗਿਆ ਹੈ। ਐਡਵੋਕੇਟ ਧਾਮੀ ਨੇ ਆਖਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਇਸ ਮਾਮਲੇ 'ਤੇ ਮੰਗੇ ਸੁਝਾਵਾਂ ਤਹਿਤ ਬਹੁਤ ਸਾਰੀਆਂ ਸੰਪ੍ਰਦਾਵਾਂ, ਜਥੇਬੰਦੀਆਂ ਅਤੇ ਵਿਦਵਾਨਾਂ ਨੇ ਪਹਿਲਾਂ ਹੀ ਆਪਣੇ ਸੁਝਾਅ ਲਿਖਤੀ ਰੂਪ ਵਿਚ ਭੇਜੇ ਹਨ। ਇਨ੍ਹਾਂ ਵਿਚ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਅਬਿਚਲ ਨਗਰ ਨਾਂਦੇੜ, ਦਲ ਖਾਲਸਾ, ਅਖੰਡ ਕੀਰਤਨੀ ਜਥਾ, ਪੰਥਕ ਤਾਲਮੇਲ ਸੰਗਠਨ, ਸਿੱਖ ਕੌਂਸਲ ਯੂਕੇ, ਸੁਖਮਨੀ ਸਾਹਿਬ ਸੇਵਾ ਸੁਸਾਇਟੀ, ਸ਼੍ਰੋਮਣੀ ਖਾਲਸਾ ਪੰਚਾਇਤ, ਸਿੰਘ ਸਭਾਵਾਂ ਸਮੇਤ ਹੋਰ ਜਥੇਬੰਦੀਆਂ ਅਤੇ ਵੱਡੀ ਗਿਣਤੀ ਵਿਚ ਸਿੱਖ ਵਿਦਵਾਨ ਸ਼ਾਮਲ ਹਨ। ਸ਼੍ਰੋਮਣੀ ਕਮੇਟੀ ਤਰਫੋਂ ਹੁਣ ਇਸ ਸਬੰਧ ਵਿਚ 34 ਮੈਂਬਰੀ ਕਮੇਟੀ ਬਣਾ ਦਿੱਤੀ ਗਈ ਹੈ, ਜੋ ਆਪਣੀ ਰਾਇ ਰਿਪੋਰਟ ਦੇਵੇਗੀ।

## ਤਰਨਤਾਰਨ 'ਚ ਅਣ-ਮਨੁੱਖੀ ਕਾਰਾ ! ਮੂੰਹ ਕਾਲਾ ਕਰਕੇ ਬਾਜ਼ਾਰ 'ਚ ਘੁਮਾਈ ਔਰਤ, ਵੀਡੀਓ ਬਣਾ ਕੇ ਕੀਤੀ ਵਾਇਰਲ



**ਤਰਨ-ਤਾਰਨ, 26 ਜੂਨ (ਆਵਾਜ਼ਿ ਕੌਮ ਬਿਊਰੋ)**-ਤਰਨਤਾਰਨ ਦੇ ਪਿੰਡ ਢੋਟੀਆਂ ਵਿਖੇ ਇੱਕ ਅਣ-ਮਨੁੱਖੀ ਵਰਤਾਰਾ ਸਾਹਮਣੇ ਆਇਆ ਹੈ, ਜਿਥੇ ਇੱਕ ਵਿਚੋਲਣ ਔਰਤ ਦਾ ਕੁੜੀ ਦੇ ਪਰਿਵਾਰਕ ਮੈਂਬਰਾਂ ਵੱਲੋਂ ਕੁੜੀ ਦੇ ਤਲਾਕ ਤੋਂ ਬਾਅਦ ਕੁੱਟਮਾਰ ਕਰਨ ਤੋਂ ਬਾਅਦ ਸਰੇਬਾਜ਼ਾਰ ਮੂੰਹ ਕਾਲਾ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਉਕਤ ਘਟਨਾ ਦੀ ਵੀਡੀਉ ਸੋਸ਼ਲ ਮੀਡੀਆ 'ਤੇ ਵਾਇਰਲ ਹੋਈ ਹੈ। ਪੀੜਤ ਔਰਤ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਉਨ੍ਹਾਂ ਦੇ ਪਿੰਡ ਦੇ ਲੋਕਾਂ ਵੱਲੋਂ ਆਪਣੀ ਕੁੜੀ ਦਾ ਰਿਸ਼ਤਾ ਕਰਵਾਉਣ ਲਈ ਕਿਹਾ ਗਿਆ, ਜਿਸ ਤੋਂ ਬਾਅਦ ਉਸ ਵੱਲੋਂ ਮੁੰਡੇ ਦੀ ਦੱਸ ਪਾਈ ਗਈ। ਕੁੜੀ ਦੇ ਪਰਿਵਾਰਕ ਮੈਂਬਰਾਂ ਵੱਲੋਂ ਮੁੰਡੇ ਵਾਲਿਆਂ ਦੇ ਘਰ ਖੁਦ ਜਾ ਕੇ ਦੇਖਾ-ਦਿਖਾਈ ਕੀਤੀ ਗਈ। ਉਸਨੂੰ ਦੱਸਿਆ ਤੱਕ ਨਹੀਂ ਗਿਆ। ਕੁੜੀ ਦੇ ਪਰਿਵਾਰਕ ਮੈਂਬਰਾਂ ਵੱਲੋਂ ਉਸ ਨੂੰ ਦੱਸੇ ਬਗੈਰ ਹੀ ਕੁੜੀ ਦਾ ਵਿਆਹ ਕਰ ਦਿੱਤਾ ਗਿਆ ਅਤੇ ਵਿਆਹ ਤੋਂ ਅਗਲੇ ਦਿਨ ਹੀ ਕੁੜੀ ਵਾਪਸ ਘਰ ਆ ਗਈ ਅਤੇ ਉਸਨੂੰ ਦੱਸੇ ਬਗੈਰ ਹੀ ਮੁੰਡੇ ਵਾਲਿਆਂ ਨਾਲ ਤਲਾਕ ਕਰ ਲਿਆ ਗਿਆ। ਉਪਰੰਤ, ਕੁੜੀ ਦੇ ਪਰਿਵਾਰਕ ਮੈਂਬਰਾਂ ਵੱਲੋਂ ਉਸਨੂੰ ਧਮਕੀਆਂ ਦਿੱਤੀਆਂ ਗਈਆਂ ਅਤੇ ਉਸਦੇ ਘਰ ਦਾਖਲ ਹੋ ਕੇ ਉਸ ਨਾਲ ਕੁੱਟਮਾਰ ਕੀਤੀ ਗਈ। ਔਰਤ ਨੇ ਦੱਸਿਆ ਕਿ ਇਸ ਦੌਰਾਨ ਉਸਦੇ ਕਪੜੇ ਪਾੜ ਦਿੱਤੇ ਗਏ ਅਤੇ ਬਾਅਦ ਵਿੱਚ ਉਸਨੂੰ ਬਹਾਨੇ ਨਾਲ ਇਹ ਕਹਿ ਕੇ ਸੱਦਿਆ ਗਿਆ ਕਿ ਪੰਚਾਇਤ ਵੱਲੋਂ ਉਸਨੂੰ ਫ਼ੈਸਲੇ ਲਈ ਬੁਲਾਇਆ ਗਿਆ ਹੈ, ਪਰ ਜਦ ਉਹ ਗਲੀ ਦੇ ਚੋਰਾਹੇ 'ਤੇ ਪਹੁੰਚੀ ਤਾਂ ਉਥੇ ਕੋਈ ਵੀ ਪੰਚਾਇਤ ਮੌਜੂਦ ਨਹੀਂ ਸੀ। ਕੁੜੀ ਦੇ ਪਰਿਵਾਰਕ ਮੈਂਬਰਾਂ ਵੱਲੋਂ ਉਸਨੂੰ ਉਥੇ ਘੇਰ ਕੇ ਸਰੇਬਾਜ਼ਾਰ ਉਸਦੀ ਕੁੱਟਮਾਰ ਕਰਕੇ ਉਸਦਾ ਮੂੰਹ ਕਾਲਾ ਕਰ ਦਿੱਤਾ ਗਿਆ ਅਤੇ ਵੀਡੀਓ ਬਣਾ ਸੋਸ਼ਲ ਮੀਡੀਆ 'ਤੇ ਪਾ ਦਿੱਤੀ ਗਈ ਹੈ, ਜਿਸ ਤੋਂ ਬਾਅਦ ਉਹ ਪੁਲਿਸ ਪਾਸ ਪਹੁੰਚੀ ਹੈ ਅਤੇ ਆਪਣੇ ਬਿਆਨ ਦਰਜ ਕਰਵਾਏ ਜਾ ਰਹੇ ਹਨ। ਪੀੜਤ ਔਰਤ ਨੇ ਮੁਲਜ਼ਮਾਂ ਖ਼ਿਲਾਫ਼ ਸਖ਼ਤ ਕਾਰਵਾਈ ਦੀ ਮੰਗ ਕੀਤੀ ਗਈ ਹੈ।




# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

★-- ਗੁਰੂ ਪੰਥ ਦੇ ਸੇਵਾਦਾਰ --★

**ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK**

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall

+447976210161

- ਭਾਈ ਬਲਜੀਤ ਸਿਘ ਕੰਗ/Bhai Baljit Singh Kang

+44 7780 605230

- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)

+44 7568 517223

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net



ਦਮਦਮੀ ਟਕਸਾਲ ਜਥਾ ਭਿੰਡਰਾਂ (ਮਹਿਤਾ)

www.damdamitaksal.net

ਨਾਮ ਜਪੋ / Naam Japo
ਕਿਰਤ ਕਰੋ / Kirat Karo
ਵੰਡ ਛਕੋ / Vand Shako

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**

Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**

Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**

Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**

Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net



**ਆਵਾਜ਼ਿ ਕੌਮ**

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਅਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# 29ਵਾਂ ਸਲਾਨਾ ਜੋੜ ਮੇਲਾ
# ਗੁਰਮਤਿ ਸਮਾਗਮ

**1 ਨਵੰਬਰ 2025, ਦਿਨ ਸ਼ਨੀਵਾਰ ਨੂੰ**

**ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ**

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ

**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ**

ਦਮਦਮੀ ਟਕਸਾਲ ਭਿੰਡਰਾਂ ਵਾਲੇ

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ
98141-27470
84278-66404
73408-35137

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਇ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

Note: It does not include flight ticket and insurance, it has to be done by the passenger himself.

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

- ☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।
- ☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

*-- ਗੁਰੂ ਪੰਥ ਦੇ ਸੇਵਾਦਾਰ --*

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
+447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
+44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
+44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV

DAMDAMI TAKSAL
JATHA (UK & EUROPE)

# AMRIT SANCHAARS

## JUNE/JULY 2025

ਆਵਾਜ਼ ਕੌਮ
AWAZE QAUM
International Newspaper & WEB TV

## SMETHWICK

**SATURDAY 28TH JUNE | 11AM**

GNG SMETHWICK, 130 HIGH ST, SMETHWICK, B66 3AP

## EAST LONDON

**SATURDAY 5TH JULY | 1PM**

SRI GURU SINGH SABHA, 2-8 PARK AVE, SOUTHALL, UB1 3AG

## SOUTHALL

**SUNDAY 20TH JULY | 1PM**

SRI GURU SINGH SABHA, 2-8 PARK AVE, SOUTHALL, UB1 3AG

CONTACT **07940 270 120** FOR MORE DETAILS

DAMDAMI TAKSAL JATHA UK & EUROPE



DAMDAMI TAKSAL
JATHA (UK & EUROPE)
ਅੰਮ੍ਰਿਤ ਸੰਚਾਰ
AMRIT SANCHAR
SOUTHALL
ਆਵਾਜ਼ਿ ਕੌਮ
AWAZE QAUM
International Newspaper & WEB TV
SUNDAY 20TH JULY | 1PM
SRI GURU SINGH SABHA SOUTHALL
2-8 PARK AVE | SOUTHALL | UB1 3AG
ਕੇਸੀ ਇਸ਼ਨਾਨ ਕਰਕੇ ਪਹੁੰਚੋ । ਕੱਕਾਰ ਉਪਲਬਧ ਹੋਣਗੇ
ARRIVE AFTER DOING FULL KESI ISHNAAN (BODY & HAIR WASH)
KAKKARS WILL BE AVAILABLE
CONTACT 07940 270 120 FOR MORE DETAILS


DAMDAMI TAKSAL
JATHA (UK & EUROPE)
ਅੰਮ੍ਰਿਤ ਸੰਚਾਰ
AMRIT SANCHAR
WEST MIDLANDS
SATURDAY 28TH JUNE | 11AM
GURU NANAK GURDWARA SMETHWICK
130 HIGH ST | SMETHWICK | B66 3AP
ਕੇਸੀ ਇਸ਼ਨਾਨ ਕਰਕੇ ਪਹੁੰਚੋ । ਕੱਕਾਰ ਉਪਲਬਧ ਹੋਣਗੇ
ARRIVE AFTER DOING FULL KESI ISHNAAN (BODY & HAIR WASH)
KAKKARS WILL BE AVAILABLE
CONTACT 07940 270 120 FOR MORE DETAILS


DAMDAMI TAKSAL
JATHA (UK & EUROPE)
ਅੰਮ੍ਰਿਤ ਸੰਚਾਰ
AMRIT SANCHAR
EAST LONDON
ਆਵਾਜ਼ਿ ਕੌਮ
AWAZE QAUM
International Newspaper & WEB TV
SATURDAY 5TH JULY | 1PM
ATAM ACADEMY
LITTLE HEATH | BARLEY LN | ROMFORD | RM6 4XX
ਕੇਸੀ ਇਸ਼ਨਾਨ ਕਰਕੇ ਪਹੁੰਚੋ । ਕੱਕਾਰ ਉਪਲਬਧ ਹੋਣਗੇ
ARRIVE AFTER DOING FULL KESI ISHNAAN (BODY & HAIR WASH)
KAKKARS WILL BE AVAILABLE
CONTACT 07940 270 120 FOR MORE DETAILS




# ਸੁਦਰਸ਼ਨ, ਅਰਵਿੰਦਰਪਾਲ ਮੰਡੇਰ ਅਤੇ ਉੱਤਰਬਸਤੀਵਾਦੀ ਬਿਰਤਾਂਤਾਂ ਦੀ ਗ਼ੁਲਾਮੀ

**-ਜਸਵੀਰ ਸਿੰਘ**

**ਮਨੁੱਖੀ** ਸਮੂਹਾਂ ਵਿਚਕਾਰ ਦਾਬੇ ਅਤੇ ਗ਼ੁਲਾਮੀ ਵਾਲੇ ਸਬੰਧਾਂ ਦਾ ਅਧਿਐਨ ਕਰਨ ਵਾਲੇ ਵਿਦਵਾਨਾਂ ਦੀ ਮਾਨਤਾ ਹੈ ਕਿ ਜਦੋਂ ਕਿਸੇ ਤਾਕਤਵਰ ਸਮੂਹ ਅਧੀਨ ਰਹਿਣ ਵਾਲੇ ਸਮੂਹਾਂ ਦੇ ਪਤਵੰਤੇ ਹਿੱਸੇ ਦਾਬੇ ਵਾਲੇ ਬਿਰਤਾਂਤਾਂ ਨੂੰ ਚੁੱਪ-ਚਾਪ ਜਰਨਾ ਸ਼ੁਰੂ ਕਰ ਦਿੰਦੇ ਹਨ ਤਾਂ ਇਹ ਸਮੂਹ ਮਾਨਸਿਕ ਗ਼ੁਲਾਮੀ ਵੱਲ ਕਦਮ ਪੁੱਟ ਲੈਂਦੇ ਹਨ੍ਹ ਇਹ ਅਮਲ ਤਾਕਤਵਰ ਸਮੂਹ ਵਲੋਂ ਅਧੀਨ ਸਮੂਹ 'ਤੇ ਸੋਚ ਕਾਬੂ ਕਰਨ ਵਾਲੀ ਮਨੋਸਮਾਜਿਕ ਵਿਧੀ ਦੀ ਸਫ਼ਲਤਾ ਦੇ ਮੁੱਢਲੇ ਚਿੰਨ੍ਹ ਹੁੰਦੇ ਹਨ੍ਹ ਪਿਛਲੇ ਦਿਨੀਂ ਸਿੰਘ ਸਭਾ ਗੁਰਦੁਆਰਾ ਸਾਊਥਾਲ ਲੰਡਨ ਵਿੱਚ ਅਰਵਿੰਦਰਪਾਲ ਮੰਡੇਰ ਦਾ ਭਾਸ਼ਣ ਹੋਇਆ੍ਹ ਇਹ ਭਾਸ਼ਣ ਸੰਘ ਮੁੱਖੀ ਸੁਦਰਸ਼ਨ ਦੇ ਨਾਨਕਸ਼ਾਹੀ ਕੈਲੰਡਰ ਲਾਗੂ ਹੋਣ ਤੋਂ ਬਾਅਦ ਅੰਮ੍ਰਿਤਸਰ ਦੀ ਧਰਤੀ 'ਤੇ ਦਿੱਤੇ ਬਿਆਨ ਦੀ ਯਾਦ ਦਿਵਾਉਂਦਾ ਹੈ ਜਿਸ ਵਿੱਚ ਉਸ ਨੇ ਐਲਾਨੀਆ ਕਿਹਾ ਸੀ ਕਿ ਅੰਗਰੇਜ਼ਾਂ ਨੇ ਜਾਣਬੁੱਝ ਕੇ ਹਿੰਦੂ ਧਰਮ ਦੀ ਪਰਿਭਾਸ਼ਾ ਨੂੰ ਅੰਗਰੇਜ਼ੀ ਦੇ 'ਰਿਲੀਜ਼ਨ' ਸ਼ਬਦ ਦੀ ਵਰਤੋਂ ਰਾਹੀਂ ਵਿਗਾੜਿਆ ਹੈ੍ਹ 'ਧਰਮ' ਸ਼ਬਦ ਨੂੰ ਪਰਿਭਾਸ਼ਿਤ ਕਰਨ ਲਈ ਅੰਗਰੇਜ਼ੀ ਵਿੱਚ ਕੋਈ ਸਮਾਨਅਰਥੀ ਸ਼ਬਦ ਨਹੀਂ ਹੈ੍ਹ ਹਿੰਦੂ ਧਰਮ ਜ਼ਿੰਦਗੀ ਜਿਉਣ ਦਾ ਇੱਕ ਤਰੀਕਾ ਹੈ ਜਿਸ ਨੂੰ 1944 ਵਿੱਚ ਸੁਪਰੀਮ ਕੋਰਟ ਵਲੋਂ ਪ੍ਰਵਾਨ ਕੀਤਾ ਗਿਆ ਸੀ੍ਹ ਸਿੱਖ ਗੁਰੂਆਂ ਨੇ ਆਪਣੇ ਜੀਵਨਕਾਲ ਦੌਰਾਨ ਇਸ ਪਰਿਭਾਸ਼ਾ ਨੂੰ ਅਪਣਾਇਆ ਸੀ੍ਹ" ਸੁਦਰਸ਼ਨ ਨੇ ਐਲਾਨੀਆ ਕਿਹਾ ਸੀ ਕਿ ਸਿੱਖ ਨਾਨਕਸ਼ਾਹੀ ਕੈਲੰਡਰ ਨੂੰ ਰੱਦ ਕਰ ਦੇਣਗੇ੍ਹ ਉਸ ਨੇ ਜੋ ਕਿਹਾ ਉਹ ਵਿਹਾਰਕ ਤੌਰ 'ਤੇ ਕਰਵਾਇਆ ਸਿੱਖਾਂ ਨੇ ਖ਼ੁਦ ਹੀ ਇਸ ਕੈਲੰਡਰ ਨੂੰ ਰੱਦ ਕੀਤਾ੍ਹ ਪਰ ਸੁਦਰਸਨ ਲਈ ਕੈਲੰਡਰ ਨਾਲੋਂ ਵੀ ਵੱਡਾ ਮਸਲਾ ਸਿੱਖ ਪਛਾਣ ਦੀ ਚੇਤਨਾ ਦਾ ਸੀ ਜੋ ਸਿੱਖਾਂ ਨੂੰ ਹਿੰਦੂਆਂ ਤੋਂ ਵੱਖਰਾ ਮੰਨਣ ਦੀ ਜ਼ਿੱਦ 'ਤੇ ਅੜੀ ਹੋਈ ਸੀ ਅਤੇ ਹੈ੍ਹ ਸੁਦਰਸ਼ਨ ਤੇ ਭਾਰਤੀ ਰਾਸ਼ਟਰਵਾਦੀ ਜਾਣਦੇ ਹਨ ਕਿ ਪੱਛਮ ਦੇ 'ਰਿਲੀਜ਼ਨ, ਨੇਸ਼ਨ, ਨੇਸ਼ਨਲਿਜ਼ਮ ਜੂਡੋ-ਇਸਾਈ ਪਰੰਪਰਾ ਨਾਲ ਸਬੰਧਿਤ ਸੰਕਲਪ ਇਕਿਹਰੀ ਧਾਰਮਿਕ ਅਤੇ ਭਾਸ਼ਾਈ ਪਛਾਣ ਪੈਦਾ ਕਰਨ ਦੇ ਸਰੋਤ ਹਨ ਅਤੇ ਧਾਰਮਿਕ ਭਾਸ਼ਾਈ ਇਕਾਈਆਂ ਦਾ ਪਵਿੱਤਰ ਧਰਤੀ ਨਾਲ ਰਿਸ਼ਤਾ ਗੂੜ੍ਹਾ ਕਰਦੇ ਹਨ੍ਹ ਇਨ੍ਹਾਂ ਦੇ ਆਪਣੇ ਵਿਵੇਕਾਨੰਦ, ਪਰਮਹੰਸ ਅਤੇ ਰਾਜਾ ਰਾਮਮੋਹਨ ਰਾਏ, ਮਹਾਤਮਾ ਗਾਂਧੀ ਵਰਗੇ ਨੀਤੀਵਾਨ ਇਨ੍ਹਾਂ ਪੱਛਮੀ ਸੰਕਲਪਾਂ ਦੀ ਵਰਤੋਂ ਕਰਕੇ ਭਾਰਤੀ ਰਾਜ ਸਿਰਜ ਚੁੱਕੇ ਸਨ੍ਹ ਸੁਦਰਸ਼ਨ ਅਤੇ ਭਾਰਤੀ ਰਾਸ਼ਟਰਵਾਦੀਆਂ ਨੂੰ ਇਕਿਹਰੀ ਧਾਰਮਿਕ-ਭਾਸ਼ਾਈ ਪਛਾਣ ਅਤੇ ਪਵਿੱਤਰ ਧਰਤੀ ਦੇ ਕੌਮੀ ਚੇਤਨਾ ਦਾ ਹਿੱਸਾ ਬਣ ਜਾਣ ਤੋਂ ਪੈਦਾ ਹੋਣ ਵਾਲੀਆਂ ਰਾਜਸੀ ਸੰਭਾਵਨਾਂਵਾਂ ਦਾ ਪੂਰਾ ਗਿਆਨ ਸੀ੍ਹ ਪੰਜਾਬੀ ਸੂਬੇ ਲਈ ਸੰਘਰਸ਼ ਦੌਰਾਨ ਉਹ ਇਸ ਵਰਤਾਰੇ ਨੂੰ ਮਹਿਸੂਸ ਕਰ ਚੁੱਕੇ ਸਨ੍ਹ ਸਿੱਖ ਕੌਮੀ ਚੇਤਨਾ ਦੇ ਇਸ ਉਭਾਰ ਨੂੰ ਕਾਬੂ ਕਰਨ ਲਈ ਅਕਾਦਮਿਕ ਕੋਸ਼ਿਸ਼ਾਂ ਤਾਂ ਪੰਜਾਬੀ ਸੂਬੇ ਦੇ ਬਣਨ ਤੋਂ ਬਾਅਦ ਸ਼ੁਰੂ ਹੋ ਗਈਆਂ ਸਨ੍ਹ ਹਰਜੋਤ ਉਬਰਾਏ 1994 ਈਸਵੀ ਵਿੱਚ 'ਰਿਲੀਜ਼ਨ' ਸ਼ਬਦ ਬਾਰੇ ਸੁਦਰਸ਼ਣ ਵਰਗੇ ਵਿਚਾਰ ਪਹਿਲਾਂ ਹੀ ਦੇ ਚੁੱਕੇ ਸੀ੍ਹ ਅਰਵਿੰਦਰਪਾਲ ਮੰਡੇਰ ਨੇ ਸੁਦਰਸ਼ਣ ਦੀ ਨੀਤੀ ਨੂੰ 2009 ਈਸਵੀ ਵਿੱਚ ਸਿਧਾਂਤਕ ਰੂਪ ਦਿੱਤਾ ਮੰਡੇਰ ਨੇ ਹਿੰਦੂ ਨਵ-ਬਸਤੀਵਾਦੀ ਨੀਤੀ ਦੇ ਸਿੱਖ ਮਨਾਂ 'ਤੇ ਗਲਬੇ ਨੂੰ ਪੀਢਿਆਂ ਕਰਨ ਲਈ ਸੂਖਮ ਉਤਰਬਸਤੀਵਾਦੀ ਬਿਰਤਾਂਤਾਂ ਦੀ ਸਿਰਜਣਾ ਕੀਤੀ੍ਹ ਇਸ ਬਿਰਤਾਂਤਕਾਰੀ ਨੇ ਬੌਧਿਕ ਤੌਰ 'ਤੇ ਅਤਿ ਕਮਜ਼ੋਰ ਖਾਲਿਸਤਾਨੀ ਸਿੱਖਾਂ ਦੇ ਵੱਡੇ ਹਿੱਸਿਆਂ ਨੂੰ ਹੈ ਹੈ ਹੈਰਾਨੀਜਨਕ ਤਰੀਕੇ ਨਾਲ ਮਨੋਵਿਗਿਆਨਕ ਤੌਰ 'ਤੇ ਕਾਬੂ ਕਰ ਲਿਆ੍ਹ ਉੱਤਰਬਸਤੀਵਾਦੀ ਬਿਰਤਾਂਤਾਂ ਨੇ ਖਾਲਿਸਤਾਨੀ ਸੰਘਰਸ਼ ਨਾਲ ਸਬੰਧਿਤ ਸਿੱਖਾਂ ਦੇ ਵੱਡੇ ਹਿੱਸਿਆਂ ਨੂੰ ਕੌਮੀ ਅਜ਼ਾਦੀ ਲਈ ਬੌਧਿਕ ਕਸਰਤ ਕਰਨ ਦੀ ਥਾਂ 'ਤੇ ਸਿੱਖਾਂ ਦੇ ਨੇਸ਼ਨ ਹੋਣ ਜਾਂ ਨਾ ਹੋਣ ਵਰਗੀ ਬੇਕਾਰ ਬਹਿਸ ਵਿੱਚ ਉਲਝਾ ਦਿੱਤਾ੍ਹ ਬਹੁਤੇ ਖਾਲਿਸਤਾਨੀ ਭਾਰਤ ਤੋਂ ਵੀ ਅਗਾਂਹ ਜਾ ਕੇ ਪੂਰੇ ਬ੍ਰਹਿਮੰਡ ਨੂੰ ਖਾਲਸਾ ਰਾਜ ਬਣਾਉਣ ਦੇ ਸੁਪਨੇ ਲੈਣ ਲੱਗੇ੍ਹ ਇਹ ਅਮਲ 1920 ਈਸਵੀ ਤੋਂ ਬਾਅਦ ਭਾਰਤੀ ਰਾਸ਼ਟਰਵਾਦੀਆਂ ਵਲੋਂ ਸੈਂਟਰਲ ਸਿੱਖ ਲੀਗ ਰਾਹੀਂ ਸਿੱਖ ਰਾਜਨੀਤੀ ਨੂੰ ਕਾਬੂ ਕਰਨ ਦੀ ਸਫ਼ਲ ਨੀਤੀ ਦੀ ਯਾਦ ਦਿਵਾਉਂਦਾ ਹੈ੍ਹ ਇਹ ਨੀਤੀ ਹਿੰਦੂ ਕੱਟੜਵਾਦੀ ਆਰੀਆ ਸਮਾਜੀ ਕਾਰਵਾਈਆਂ ਦੇ ਸਿੱਟੇ ਵਜੋਂ ਉੱਤਰੀ ਸਿੱਖ ਪਛਾਣ ਦੀ ਰਾਜਨੀਤੀ ਨੂੰ ਕਾਬੂ ਕਰਨ ਲਈ ਲਾਗੂ ਕੀਤੀ ਗਈ ਸੀ੍ਹ ਹਿੰਦੂ ਕੱਟੜਵਾਦੀ ਤਾਕਤਾਂ ਦੀ ਥਾਂ 'ਤੇ ਭਾਰਤੀ ਨੇਸ਼ਨਲ ਕਾਂਗਰਸ ਦੇ ਰਾਸ਼ਟਰਵਾਦੀ ਆਗੂਆਂ ਨੇ ਸਿੱਖ ਮਨਾਂ ਨੂੰ ਕਾਬੂ ਕਰਨ ਲਈ ਭਾਰਤੀ ਨੀਤੀ ਵਿੱਚ ਵੱਡੇ ਬਦਲਾਅ ਲਿਆਂਦੇ੍ਹ ਭਾਰਤੀ ਅਜ਼ਾਦੀ, ਭਾਰਤੀ ਲੋਕਤੰਤਰ, ਭਾਰਤੀ ਧਰਮਨਿਰਪੱਖਤਾ ਵਰਗੇ ਸੰਕਲਪਾਂ ਰਾਹੀਂ ਸਿੱਖ ਪਛਾਣ ਨੂੰ ਰਾਜਨੀਤੀ ਨੂੰ ਸਫ਼ਲਤਾ ਸਹਿਤ ਕਾਬੂ ਕਰ ਲਿਆ ਗਿਆ੍ਹ ਪਰ ਪੰਜਾਬੀ ਸੂਬੇ ਦੇ ਸੰਘਰਸ਼ ਅਤੇ 1984 ਈਸਵੀ ਦੇ ਦਰਬਾਰ ਸਾਹਿਬ 'ਤੇ ਭਾਰਤੀ ਹਮਲੇ ਦੇ ਸਿੱਟੇ ਵਜੋਂ ਸਿੰਘ ਸਭਾ ਲਾਹੌਰ ਦੇ ਕੌਮੀ ਨੀਤੀਵਾਨ ਬੁੱਧੀਜੀਵੀਆਂ ਵਲੋਂ ਸੰਕਲਪੀ ਕੌਮ ਪਛਾਣ ਮੁੜ ਉੱਭਰ ਪਈ੍ਹ ਨਾਨਕਸ਼ਾਹੀ ਕੈਲੰਡਰ ਇਸੇ ਕੌਮੀ ਪਛਾਣ ਦੀ ਚੇਤਨਾ ਦਾ ਪ੍ਰਗਟਾਵਾ ਸੀ੍ਹ ਅਰਵਿੰਦਪਾਲ ਮੰਡੇਰ ਹਿੰਦੂ ਤਾਕਤਾਂ ਅਤੇ ਭਾਰਤੀ ਰਾਸ਼ਟਰਵਾਦੀਆਂ ਸਿੱਖ ਪਛਾਣ ਦੀ ਰਾਜਨੀਤੀ ਨੂੰ ਬ੍ਰਿਟਿਸ਼ ਬਸਤੀਵਾਦ ਦੀ ਪੈਦਾਵਾਰ ਸਾਬਤ ਕਰਕੇ ਕੌਮੀ ਅਜ਼ਾਦੀ ਦੀ ਇੱਛਾ ਨੂੰ ਕਮਜ਼ੋਰ ਕਰਨ ਦੀ ਨੀਤੀ ਦਾ ਅਕਾਦਮਿਕ ਮੋਹਰਾ ਹੈ੍ਹ ਉਹ ਆਪਣੀ ਕਿਤਾਬ "ਰਿਲੀਜ਼ਨ ਐਂਡ ਸਪੈਕਟਰ ਆਫ਼ ਵੈਸਟ" ਵਿੱਚ ਐਲਾਨ ਕਰਦਾ ਹੈ ਕਿ "ਸਿੱਖ ਮਿਲੀਟੈਂਸੀ ਦੀ ਭਾਰਤ ਹਥੋਂ ਹਾਰ ਗੁਰਮਤਿ ਨੂੰ ਪਛਾਣ ਦੀ ਰਾਜਨੀਤੀ ਨਾਲੋਂ ਵੱਖ ਕਰਨ ਦਾ ਸਭ ਤੋਂ ਬੇਹਤਰ ਮੌਕਾ ਸਪੈਕਟਰ੍ਹ ਅਜਿਹਾ ਕਰਨ ਲਈ ਹਰੇਕ ਤਰ੍ਹਾਂ ਦਾ ਖ਼ਤਰਾ ਸਹੇੜ ਕੇ "ਪਰੰਪਰਾਂ ਨੂੰ ਖੰਡਿਤ'ਕਰਨਾ ਜ਼ਰੂਰੀ ਹੈ੍ਹ ਪਰੰਪਰਾਂ ਨੂੰ ਖੰਡਿਤ ਕਰਨ ਤੋਂ ਭਾਵ ਗੁਰਮਤਿ ਅਤੇ ਸਿੱਖ-ਪਛਾਣ ਨੂੰ ਵੱਖਰਿਆਂ ਕਰਨ ਲਈ ਆਦਿ ਗ੍ਰੰਥ ਦੀ ਵਾਰ-ਵਾਰ ਪੜਤ ਤੋਂ ਹੈ੍ਹ" ਪਿਛਲੇ ਦਿਨੀਂ ਸਿੰਘ ਸਭਾ ਗੁਰਦੁਆਰੇ ਵਿੱਚ ਦਿੱਤੇ ਭਾਸ਼ਣ ਵਿੱਚ ਮੰਡੇਰ ਇਸੇ ਸੇਧ ਵਿੱਚ ਪ੍ਰਵਚਨ ਕਰਦਾ ਹੈ ਕਿ "ਗਿਆਨ ਉਪਜਾਉਣ ਵਾਲੇ ਪੱਛਮੀ ਵਿਸ਼ਿਆਂ ਨੇ ਸਿੱਖ ਸਟੱਡੀ ਨੂੰ ਧਾਰਮਿਕ ਪਛਾਣ ਅਧਾਰਿਤ ਸੰਕਲਪਾਂ ਵਿੱਚ ਕੈਦ ਕਰ ਲਿਆ ਹੈ੍ਹ ਸਿੱਖਾਂ ਲਈ ਇਹ ਸਮਝਣਾ ਜ਼ਰੂਰੀ ਹੈ ਕਿ "ਉਨ੍ਹਾਂ ਦਾ ਘਰ ਕਿੱਥੇ ਹੈ, ਪ੍ਰੱਭੂਸੱਤਾ ਕਿੱਥੇ ਵਾਸ ਕਰਦੀ ਹੈ ? ਇਸ ਭਾਸ਼ਣ ਵਿੱਚ ਉਹ ਆਖਦਾ ਹੈ ਕਿ ਪ੍ਰਭੂਸੱਤਾ ਪੰਜਾਬ ਵਿੱਚ ਵਾਸ ਨਹੀਂ ਕਰਦੀ੍ਹ ਉਸ ਨੂੰ ਸੁਣਨ ਵਾਲੇ ਚੁੱਪ ਰਹਿੰਦੇ ਹਨ੍ਹ ਉੱਤਰਬਸਤੀਵਾਦੀ ਬਿਰਤਾਂਤ ਲੰਬੇ ਸਮੇਂ ਤੋਂ ਇਨ੍ਹਾਂ ਸੁਆਲਾਂ ਨਾਲ ਸਬੰਧਿਤ ਰਹੇ ਹਨ੍ਹ ਖਾਲਸਾ ਪੰਥ ਦੇ ਖੇਤਰੀ ਇਕਾਈ ਨਾ ਹੋਣ, 1848 ਈਸਵੀ ਤੋਂ ਪਹਿਲਾਂ ਸਨਾਤਨੀ ਸਿੱਖ ਪਰੰਪਰਾਂ ਦੀ ਚੜ੍ਹਤ, ਅੰਗਰੇਜ਼ਾਂ ਦੀ ਮਦੱਦ ਨਾਲ ਸਿੰਘ ਸਭਾ ਲਾਹੌਰ ਵਲੋਂ ਸਨਾਤਨੀ ਸਿੱਖ ਪਰੰਪਰਾਂ ਨੂੰ ਖਤਮ ਕਰਨਾ, ਗੁਰਸੰਗਤ ਅਤੇ ਨਾਨਕ ਪੰਥ ਨੂੰ ਖਤਮ ਕਰਕੇ ਖਾਲਸਾ ਪੰਥ ਦੀਆਂ ਸੰਕਲਪਾਤਮਿਕ ਹੱਦਾਂ ਵਿੱਚ ਸੀਮਤ ਕਰਨਾ ਅਤੇ ਸਿੱਖਾਂ ਦੀ ਇਕਿਹਰੀ ਧਾਰਮਿਕ-ਭਾਸ਼ਾਈ ਪਛਾਣ ਦੀ ਪੱਛਮੀ ਸਿਧਾਂਤਾਂ ਰਾਹੀਂ ਸਿਰਜਣਾ ਵਰਗੇ ਉਤਰਬਸਤੀਵਾਦੀ ਬਿਰਤਾਂਤ ਪੰਜਾਬੀ ਸੂਬੇ ਦੇ ਸੰਘਰਸ਼ ਤੋਂ ਬਾਅਦ ਲਗਾਤਾਰ ਸਿਰਜੇ ਗਏ ਹਨ੍ਹ

ਖਾਲਸਾ ਪੰਥ ਸੰਕਲਪਾਤਮਿਕ ਤੌਰ 'ਤੇ ਉੱਤਰਬਸਤੀਵਾਦੀਆਂ ਦੇ ਬਿਰਤਾਂਤਕ ਹਮਲੇ ਦਾ ਵੱਡਾ ਨਿਸ਼ਾਨਾ ਹੈ੍ਹ ਖਾਲਸਾ ਪੰਥ ਸਿੱਖ ਪਛਾਣ ਅਤੇ ਸਿੱਖਾਂ ਦੇ ਪਵਿੱਤਰ ਪੰਜਾਬ ਨਾਲ ਰਿਸ਼ਤੇ ਦਾ ਕੇਂਦਰੀ ਸਰੋਤ ਹੈ੍ਹ ਬਸਤੀਵਾਦੀਆਂ ਅਨੁਸਾਰ ਖਾਲਸਾ ਪੰਥ ਜੂਡੋ-ਇਸਾਈ ਧਾਰਮਿਕ ਇਕਾਈ ਵਾਂਗ ਕਿਸੇ ਖਾਸ ਧਰਤੀ ਨਾਲ ਨਹੀਂ ਜੁੜਿਆ ਹੈ੍ਹ ਵਿਸ਼ਵੀਕਰਨ ਅਤੇ ਸਿੱਖਾਂ ਦੇ ਪ੍ਰਵਾਸ ਨੇ ਖਾਲਸਾ ਪੰਥ ਨੂੰ ਪਾਰ-ਰਾਸ਼ਟਰੀ ਅਤੇ ਪਾਰ-ਖੇਤਰੀ ਇਕਾਈ ਬਣਾ ਦਿੱਤਾ ਹੈ੍ਹ ਸਿੱਖ ਹੁਣ ਪੂਰੇ ਵਿਸ਼ਵ ਨੂੰ ਆਪਣਾ ਘਰ ਸਮਝਣ ਲੱਗੇ ਹਨ੍ਹ ਇਸ ਕਰਕੇ ਖਾਲਸਾ ਪੰਥ ਖੇਤਰੀ ਪ੍ਰਭੂਸੱਤਾ 'ਤੇ ਅਧਾਰਿਤ ਪੱਛਮੀ ਕੌਮਾਂਤਰੀ ਰਾਜਨੀਤਿਕ ਪ੍ਰਬੰਧ ਨੂੰ ਚੁਣੌਤੀ ਦੇਣ ਵਾਲੀ ਇਕਾਈ ਹੀ ਨਹੀਂ ਹੈ ਬਲਕਿ ਇਹ ਉੱਤਰ-ਵੈਸਟਫ਼ਲੀਅਨ ਪ੍ਰਬੰਧ ਦਾ ਬਦਲ ਵੀ ਹੈ ਇਸੇ ਤਰ੍ਹਾਂ ਖਾਲਸਾ ਪੰਥ ਦੇ ਸੰਕਲਪ 'ਤੇ ਅਧਾਰਿਤ ਰਹਿਤ ਮਰਿਆਦਾ ਨੇ ਸਿੱਖ ਧਰਮ ਨੂੰ ਪੰਜਾਬ ਤੱਕ ਸੀਮਿਤ ਕਰ ਦਿੱਤਾ ਹੈ੍ਹ ਇਸ ਨੇ ਭਾਰਤ ਦੇ ਦੂਜੇ ਰਾਜਾਂ ਵਿਚਲੇ ਸਹਿਜਧਾਰੀਆਂ ਅਤੇ ਨਾਨਕ ਪੰਥੀਆਂ ਨੂੰ ਪੰਥ ਤੋਂ ਦੂਰ ਕਰ ਦਿਤਾ ਹੈ੍ਹ ਉਦਾਸੀਆਂ ਅਤੇ ਨਿਰਮਲਿਆਂ ਵਰਗੇ ਧਾਰਮਿਕ ਵਿਦਵਾਨ ਪੰਥ ਤੋਂ ਦੂਰ ਹੋ ਗਏ ਹਨ੍ਹ ਖਾਲਿਸਤਾਨ ਸੰਘਰਸ਼ ਨਾਲ ਸਬੰਧਿਤ ਮੋਹਰੀ ਧਿਰਾਂ ਇਸ ਬਿਰਤਾਂਤ ਦਾ ਸ਼ਿਕਾਰ ਹੋ ਰਹੀਆਂ ਹਨ੍ਹ ਕੌਮੀ ਤੌਰ 'ਤੇ ਚੇਤੰਨ ਸਿੱਖਾਂ ਨੂੰ ਹਿੰਦੂ ਨਵ-ਬਸਤੀਵਾਦੀ ਦਾਬੇ ਦੇ ਉੱਤਰਬਸਤੀਵਾਦੀ ਬਿਰਤਾਂਤਾਂ ਰਾਹੀਂ ਗੁਰਦੁਆਰਾ ਸਪੇਸ 'ਤੇ ਕਾਬਜ਼ ਹੋਣ ਦੀ ਨੀਤੀ ਬਾਰੇ ਗਹਿਰੀ ਸਮਝ ਉਸਾਰਨੀ ਚਾਹੀਦੀ ਹੈ੍ਹ ਖਾਲਿਸਤਾਨੀ ਧਿਰਾਂ ਨੂੰ ਪੱਛਮੀ ਬਿਰਤਾਂਤਾਂ ਦੀ ਅੰਨ੍ਹੀ ਵਿਰੋਧਤਾ ਹੇਠਾਂ ਲੁਕੀ ਹੋਈ ਪੰਥ, ਗੁਰੂ, ਗੁਰਮੁੱਖੀ ਅਤੇ ਪੰਜਾਬ ਵਿੱਚਕਾਰ ਪਵਿੱਤਰ ਰਿਸ਼ਤੇ ਨੂੰ ਤੋੜ ਦੇਣ ਵਾਲੀ ਉਤਰਬਸਤੀਵਾਦੀ ਬਿਰਤਾਂਤਕਾਰੀ ਦੀ ਗ਼ੁਲਾਮੀ ਨੂੰ ਸਮਝਣਾ ਅਤੇ ਤੋੜਨਾ ਪਵੇਗਾ। ••

### ਅਮਰ ਸ਼ਹੀਦ ਬਾਬਾ ਬੰਦਾ ਸਿੰਘ ਬਹਾਦਰ ਦੀ ਮਹਾਨ ਸ਼ਖ਼ਸੀਅਤ ਨੂੰ

# ਕਿਸੇ ਵੀ ਵਲਗਣ ਵਿੱਚ ਸੀਮਤ ਨਹੀਂ ਰੱਖਿਆ ਜਾਣਾ ਚਾਹੀਦਾ



**ਕਿਸੇ ਵੀ** ਮਹਾਨ ਸ਼ਖ਼ਸੀਅਤ ਨੂੰ ਕਿਸੇ ਇਕ ਧਾਰਮਿਕ, ਸਭਿਆਚਾਰਕ ਜਾਂ ਭੂਖੰਡ ਦੇ ਵਲਗਣ ਵਿੱਚ ਸੀਮਤ ਨਹੀਂ ਕੀਤਾ ਜਾ ਸਕਦਾ। ਮਹਾਨਤਾ ਉਹ ਗੁਣ ਹੈ ਜੋ ਸਿਰਫ਼ ਕਿਸੇ ਵਿਅਕਤੀ ਦੀ ਜਾਤ, ਧਰਮ ਜਾਂ ਭੂਖੰਡ ਦੇ ਆਧਾਰ 'ਤੇ ਨਹੀਂ, ਸਗੋਂ ਉਸ ਦੀ ਸੋਚ, ਕਰਮ ਅਤੇ ਮਨੁੱਖਤਾ ਲਈ ਕੀਤੇ ਯਤਨਾਂ ਰਾਹੀਂ ਉਜਾਗਰ ਹੁੰਦਾ ਹੈ। ਜਦੋਂ ਕੋਈ ਵਿਅਕਤੀ ਆਪਣੇ ਆਦਰਸ਼ਾਂ, ਉੱਚ ਵਿਚਾਰਾਂ ਅਤੇ ਜੀਵਨ ਜਿਊਣ ਦੇ ਢੰਗ ਰਾਹੀਂ ਸਮਾਜ ਨੂੰ ਸਿਖਾਉਣ ਲੱਗ ਪੈਂਦਾ ਹੈ, ਤਾਂ ਉਹ ਸਿਰਫ਼ ਕਿਸੇ ਇਕ ਭੂਖੰਡ ਜਾਂ ਧਾਰਮਿਕ- ਰਾਜਨੀਤਿਕ ਜਥੇਬੰਦੀ ਤੱਕ ਸੀਮਤ ਨਹੀਂ ਰਹਿੰਦਾ। ਇਸ ਪ੍ਰਕਾਰ ਮਹਾਨ ਵਿਅਕਤੀਆਂ ਦੀ ਵਿਸ਼ਾਲਤਾ ਇਹ ਹੈ ਕਿ ਉਹ ਮਨੁੱਖਤਾ ਨੂੰ ਆਪਣਾ ਪਰਿਵਾਰ ਸਮਝਦੇ ਹਨ। ਉਨ੍ਹਾਂ ਨੂੰ ਕਿਸੇ ਧਰਮ, ਰਾਜਨੀਤਿਕ ਲਕੀਰ ਜਾਂ ਜਾਤੀ ਦੀ ਹੱਦ ਵਿਚ ਨਹੀਂ ਬੰਨ੍ਹਿਆ ਜਾ ਸਕਦਾ। ਸੱਚੀ ਮਹਾਨਤਾ ਹਮੇਸ਼ਾ ਹੱਦਾਂ ਤੋਂ ਪਰੇ ਹੁੰਦੀ ਹੈ। ਅਜਿਹੀਆਂ ਸ਼ਖ਼ਸੀਅਤਾਂ ਸਿਰਫ਼ ਆਪਣੀ ਕੌਮ ਜਾਂ ਧਰਮ ਦੀ ਨਹੀਂ, ਸਗੋਂ ਸਾਰੀ ਦੁਨੀਆ ਦੀ ਵਿਰਾਸਤ ਹੁੰਦੀਆਂ ਹਨ। ਅਸੀਂ ਉਹਨਾਂ ਨੂੰ ਕਿਸੇ ਇੱਕ ਪਰਿਭਾਸ਼ਾ ਵਿਚ ਨਹੀਂ ਬੰਨ੍ਹ ਸਕਦੇ।

ਸ੍ਰੀ ਗੁਰੂ ਨਾਨਕ ਦੇਵ ਜੀ ਸਿੱਖਾਂ ਦੇ ਗੁਰਦੇਵ ਹਨ, ਪਰ ਉਨ੍ਹਾਂ ਦੀ ਬਾਣੀ ਅਤੇ ਵਿਚਾਰ ਸਿਰਫ਼ ਸਿੱਖਾਂ ਲਈ ਨਹੀਂ, ਉਨ੍ਹਾਂ ਵੱਲੋਂ ਮਨੁੱਖਤਾ, ਸੇਵਾ, ਨਾਮ-ਸਿਮਰਨ ਅਤੇ ਸਚਾਈ ਦਾ ਪੈਗ਼ਾਮ ਲੁਕਾਈ 'ਚ ਪਹੁੰਚਾਉਣ ਕਾਰਨ ਹਰ ਜੀਵ ਤੇ ਧਾਰਮਿਕ ਜਗਿਆਸੂ, ਕੌਮਾਂ ਅਤੇ ਭੂਖੰਡ ਦੇ ਸਥਾਨਕ ਲੋਕਾਂ ਦੀਆਂ ਸਿਮ੍ਰਿਤੀਆਂ ਵਿਚ ਅੱਜ ਤਕ ਜਗਾ ਰੱਖਦਾ ਆਇਆ ਹੈ। ਇਹੀ ਕਾਰਨ ਹੈ ਕਿ ਉਹਨਾਂ ਨੂੰ ਵੱਖ ਵੱਖ ਦੇਸ਼ਾਂ ਅਤੇ ਭਾਈਚਾਰਿਆਂ ਵਿਚ ਵੱਖ ਵੱਖ ਨਾਮਾਂ ਨਾਲ ਜਾਣਿਆ ਜਾਂਦਾ ਹੈ। ਰਿਸ਼ੀਆਂ ਦੀ ਪਰੰਪਰਾ ਵਿੱਚ ਆਪ ਜੀ ਨਾਨਕ ਰਿਸ਼ੀ ਜਾਂ ਭਗਤ ਨਾਨਕ, ਮੁਸਲਿਮ ਭਾਈਚਾਰਾ ਬਾਬਾ ਨਾਨਕ ਤੇ ਵਲੀ ਹਿੰਦ, ਅਉਲੀਆ ਸੂਫੀ ਸੰਪਰਦਾ ਲਈ ਨਾਨਕ ਸ਼ਾਹ ਸੂਫੀ ਦਰਵੇਸ਼, ਤੁਰਕ ਤੇ ਅਰਬ ਵਾਸੀਆਂ 'ਚ ਨਾਨਕ ਪੀਰ ਅਤੇ ਦਰਵੇਸ਼ ਵਜੋਂ ਸਨਮਾਨ ਹੈ ਤਾਂ ਤਿੱਬਤ 'ਚ ਨਾਨਕ ਲਾਮਾ ਦੇ ਰੂਪ 'ਚ ਅਤੇ ਚੀਨ 'ਚ ਨਾਨਕ ਫਾਸੀ ਹਨ, ਇਹ ਕੁਝ ਉਦਾਹਰਨਾਂ ਹਨ।

ਅਮਰ ਸ਼ਹੀਦ ਬਾਬਾ ਬੰਦਾ ਸਿੰਘ ਬਹਾਦਰ ਦੇ ਸ਼ਹੀਦੀ ਦਿਵਸ 25 ਜੂਨ 'ਤੇ ਉਹਨਾਂ ਨੂੰ ਸ਼ਰਧਾਂਜਲੀ ਅਤੇ ਕੋਟਿਨ ਕੋਟਿ ਪ੍ਰਣਾਮ ਕਰਨ ਲਈ ਹਰਿਆਣਾ ਸਰਕਾਰ ਵੱਲੋਂ ਜਾਰੀ ਇਸ਼ਿਤਹਾਰ ਵਿੱਚ ਉਨ੍ਹਾਂ ਨੂੰ "ਵੀਰ ਬੰਦਾ ਵੈਰਾਗੀ" ਦਰਸਾਏ ਜਾਣ 'ਤੇ, ਹਾਲਾਂਕਿ ਇਸ ਗੱਲ ਨੂੰ ਅੱਖੋਂ ਪਰੋਖੇ ਕਰਦਿਆਂ ਕਿ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਇਸੇ ਇਸ਼ਿਤਹਾਰ 'ਚ ਸੰਦੇਸ਼ ਵਿੱਚ ਕਿਹਾ ਕਿ "ਬੰਦਾ ਸਿੰਘ ਬਹਾਦਰ ਇੱਕ ਮਹਾਨ ਯੋਧਾ ਸੀ, ਉਸ ਦਾ ਜੀਵਨ ਸਾਡੇ ਸਭ ਲਈ ਪ੍ਰੇਰਨਾ ਸਰੋਤ ਹੈ। ਮੈਂ ਬਾਬਾ ਬੰਦਾ ਸਿੰਘ ਬਹਾਦਰ ਨੂੰ ਉਨ੍ਹਾਂ ਦੀ ਬਹਾਦਰੀ ਅਤੇ ਬਲੀਦਾਨ ਲਈ ਨਮਨ ਕਰਦਾ ਹਾਂ" ਨੂੰ ਅੱਖੋਂ ਪਰੋਖੇ ਕਰਦਿਆਂ ਅਕਾਲੀਆਂ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਬਿਠਾਏ ਗਏ ਗਿਆਨੀ ਕੁਲਦੀਪ ਸਿੰਘ ਗੜਗੱਜ ਹਰਿਆਣਾ ਸਰਕਾਰ ਦੀ ਨਿੰਦਾ ਕਰਨ ਤੱਕ ਚਲੇ ਗਏ ਅਤੇ ਇਸ ਨੂੰ ਸਿੱਖ ਵਿਰੋਧੀ ਗਰਦਾਨਦਿਆਂ ਸੁਚੇਤ ਰਹਿਣ ਲਈ ਤਾਕੀਦ ਕੀਤੀ। ਸ਼੍ਰੋਮਣੀ ਕਮੇਟੀ ਨੇ ਹਰਿਆਣਾ ਸਰਕਾਰ ਉੱਤੇ ਸਿੱਖ ਪਹਿਚਾਣ ਨੂੰ ਕਮਜ਼ੋਰ ਕਰਨ ਦੀ ਗੱਲ ਕੀਤੀ ਅਤੇ ਸਿੱਖ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਦਾ ਦੋਸ਼ ਲਾਇਆ। ਉਨ੍ਹਾਂ ਦਾ ਦਾਅਵਾ ਹੈ ਕਿ ਬੰਦਾ ਬਹਾਦਰ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸੰਪਰਕ ਵਿੱਚ ਆਉਣ ਤੋਂ ਬਾਅਦ "ਬੈਰਾਗੀ ਪਹਿਚਾਣ" ਨੂੰ ਤਿਆਗ ਦਿੱਤੀ ਸੀ।

ਸ਼੍ਰੋਮਣੀ ਕਮੇਟੀ ਦੇ ਦਾਅਵੇ ਨੂੰ ਬੇਸ਼ੱਕ ਗ਼ਲਤ ਨਹੀਂ ਮੰਨਿਆ ਜਾ ਸਕਦਾ। ਜੇਕਰ ਸਹੀ ਇਤਿਹਾਸਕ ਅਤੇ ਸਿੱਖ ਦ੍ਰਿਸ਼ਟੀਕੋਣ ਤੋਂ ਦੇਖਿਆ ਜਾਵੇ, ਤਾਂ ਉਹਨਾਂ ਨੂੰ "ਬਾਬਾ ਬੰਦਾ ਸਿੰਘ ਬਹਾਦਰ" ਕਹਿਣਾ ਉਚਿਤ ਅਤੇ ਸਤਿਕਾਰਯੋਗ ਹੈ।

ਪਰ ਸਵਾਲ ਪੈਦਾ ਹੁੰਦਾ ਹੈ ਕਿ ਹਰਿਆਣਾ ਸਰਕਾਰ ਨੇ ਬਾਬਾ ਬੰਦਾ ਸਿੰਘ ਬਹਾਦਰ ਨੂੰ "ਵੀਰ ਬੰਦਾ ਬੈਰਾਗੀ" ਕਿਉਂ ਕਿਹਾ ? ਇਥੇ ਮੇਰਾ ਮੰਨਣਾ ਹੈ ਕਿ ਬੰਦਾ ਬਹਾਦਰ ਦੀਆਂ ਪ੍ਰਾਪਤੀਆਂ ਇਕ ਧਰਮ ਅਤੇ ਰਾਜਨੀਤਿਕ ਖੇਤਰ 'ਚ ਮਹਾਨ ਕ੍ਰਾਂਤੀ ਸੀ, ਉਨ੍ਹਾਂ ਦੀ ਮਹਾਨਤਾ, ਇਕ ਮਹਾਨ ਤੇ ਇਤਿਹਾਸਕ ਸ਼ਖ਼ਸੀਅਤ ਵਜੋਂ ਕਿਸੇ ਵੀ ਦਾਇਰੇ 'ਚ ਸੀਮਤ ਨਹੀਂ ਰੱਖਿਆ ਜਾਣਾ ਚਾਹੀਦਾ। 'ਕੇਵਲ ਸਾਡਾ' ਹੋਣ ਦਾ ਦਾਅਵਾ ਉਨ੍ਹਾਂ ਦੀ ਮਹਾਨ ਸ਼ਖ਼ਸੀਅਤ ਨਾਲ ਇਨਸਾਫ਼ ਨਹੀਂ ਹੋਵੇਗਾ। ਉਨ੍ਹਾਂ 'ਤੇ ਹੱਕ ਰਾਖਵਾਂ ਨਹੀਂ ਹੋਣਾ ਚਾਹੀਦਾ, ਹਰੇਕ ਦਾ ਹੱਕ ਹੈ, ਜਿਨ੍ਹਾਂ ਨਾਲ ਉਹ ਕਿਸੇ ਤਰਾਂ ਵੀ ਸੰਪਰਕ ਵਿਚ ਆਏ ਹਨ।

ਅਮਰ ਸ਼ਹੀਦ ਬਾਬਾ ਬੰਦਾ ਸਿੰਘ ਬਹਾਦਰ ਨੇ ਹਿੰਦੁਸਤਾਨ ਦੀ ਧਰਤੀ 'ਤੇ ਸਮਾਜਿਕ ਨਿਆਂ ਵਾਲਾ ਪਹਿਲਾ ਕਲਿਆਣਕਾਰੀ ਰਾਜ ਸਥਾਪਤ ਕੀਤਾ। ਇਸ ਸ਼ਹੀਦ ਦਾ ਨਾਮ ਇਤਿਹਾਸ ਵਿੱਚ ਸੁਨਹਿਰੀ ਅੱਖਰਾਂ ਵਿੱਚ ਲਿਖਿਆ ਗਿਆ ਹੈ। ਉਨ੍ਹਾਂ ਮੁਗ਼ਲ ਸਾਮਰਾਜ ਵਿਰੁੱਧ ਲੜਾਈ ਵਿੱਚ ਖ਼ਾਲਸਾ ਫ਼ੌਜ ਦੀ ਅਗਵਾਈ ਕੀਤੀ ਅਤੇ ਪਹਿਲੇ ਸਿੱਖ ਰਾਜ ਦੀ ਸਥਾਪਨਾ ਕਰਦਿਆਂ ਜਾਗੀਰੂ ਜ਼ਮੀਨੀ ਪ੍ਰਣਾਲੀ ਨੂੰ ਖ਼ਤਮ ਕਰਨ ਕੇ ਗ਼ਰੀਬ ਕਿਸਾਨਾਂ ਨੂੰ ਜ਼ਮੀਨਾਂ ਦਾ ਮਾਲਕਾਨਾ ਹੱਕ ਦਿੱਤਾ।

ਬਾਬਾ ਬੰਦਾ ਸਿੰਘ ਬਹਾਦਰ 17 ਅਕਤੂਬਰ 1670 ਨੂੰ ਜੰਮੂ ਕਸ਼ਮੀਰ ਦੇ ਜ਼ਿਲ੍ਹਾ ਪੁੰਛ 'ਚ ਪਿੰਡ ਰਾਜੌਰੀ ਵਿਖੇ ਇਕ ਰਾਜਪੂਤ ਕਿਸਾਨ ਨਾਮ ਦੇਵ ਦੇ ਘਰ ਜਨਮ ਹੋਇਆ। ਨਾਮ ਲਛਮਣ ਦਾਸ ਰੱਖਿਆ ਗਿਆ ਸੀ। ਪਰ ਸ਼ਿਕਾਰ ਦੀ ਇਕ ਘਟਨਾ ਉਪਰੰਤ ਉਨ੍ਹਾਂ ਵੈਰਾਗੀ ਤੇ ਤਿਆਗੀ ਜੀਵਨ ਅਪਣਾ ਲਿਆ ਅਤੇ ਨਾਮ ਮਾਧੋ ਦਾਸ ਬੈਰਾਗੀ ਰੱਖ ਲਿਆ। ਦੱਖਣ ਵਿਚ ਗੋਦਾਵਰੀ ਨਦੀ ਕੰਢੇ ਨਾਸਕ 'ਚ ਅਮਰ ਜੋਗੀ ਦਾ ਚੇਲਾ ਬਣਿਆ ਅਤੇ ਬਾਅਦ 'ਚ ਨਾਂਦੇੜ ਸਾਹਿਬ ਪੁੱਜ ਕੇ ਆਪਣੇ ਮੱਠ ਨੂੰ ਸਥਾਪਿਤ ਕੀਤਾ, ਜਿੱਥੇ 1708 ਵਿੱਚ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਨਾਲ ਮੇਲ ਤੋਂ ਬਾਅਦ ਅੰਮ੍ਰਿਤ ਛਕਿਆ ਅਤੇ "ਬੰਦਾ ਸਿੰਘ ਬਹਾਦਰ" ਨਾਮ ਪ੍ਰਾਪਤ ਕੀਤਾ। ਗੁਰੂ ਸਾਹਿਬ ਨੇ ਉਨ੍ਹਾਂ ਨੂੰ ਮੁਗ਼ਲ ਸ਼ਾਸਨ ਦੇ ਅੱਤਿਆਚਾਰਾਂ ਵਿਰੁੱਧ ਲੜਨ ਅਤੇ ਲੋਕਾਂ ਨੂੰ ਨਿਆਂ ਪ੍ਰਦਾਨ ਕਰਨ ਲਈ ਪੰਜਾਬ ਭੇਜਿਆ।

ਹਰਿਆਣਾ ਸਰਕਾਰ ਵੱਲੋਂ ਬਾਬਾ ਬੰਦਾ ਸਿੰਘ ਬਹਾਦਰ ਨੂੰ "ਵੀਰ ਬੰਦਾ ਬੈਰਾਗੀ" ਕਹਿਣਾ ਦੇ ਪਿੱਛੇ ਕੁਝ ਕਾਰਨ ਹੋ ਸਕਦੇ ਹਨ, ਜਿਨ੍ਹਾਂ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾਣਾ ਚਾਹੀਦਾ ਜਿਵੇਂ ਕਿ, ਖੇਤਰੀ ਦਾਅਵਾ ਅਤੇ ਸਭਿਆਚਾਰਕ ਵਿਰਾਸਤ : ਬਾਬਾ ਬੰਦਾ ਸਿੰਘ ਬਹਾਦਰ ਨੇ ਮੁਗ਼ਲ ਸ਼ਾਸਨ ਵਿਰੁੱਧ ਜੋ ਲੜਾਈ ਲੜੀ ਉਹ ਹਰਿਆਣਾ ਅਤੇ ਪੰਜਾਬ ਵਿੱਚ ਕੇਂਦਰਿਤ ਸੀ। ਉਨ੍ਹਾਂ ਨੇ ਸਮਾਣਾ, ਥਾਨੇਸਰ, ਕੁਰੂਕਸ਼ੇਤਰ, ਸੋਨੀਪਤ ਵਰਗੇ ਖੇਤਰਾਂ ਨੂੰ ਮੁਗ਼ਲਾਂ ਤੋਂ ਆਜ਼ਾਦ ਕਰਵਾਇਆ। ਇਹ ਸਾਰੇ ਮੌਜੂਦਾ ਹਰਿਆਣਾ ਵਿੱਚ ਪੈਂਦੇ ਹਨ। ਹਰਿਆਣਾ ਸਰਕਾਰ ਇਹ ਦਿਖਾਉਣਾ ਚਾਹੁੰਦੀ ਹੋਵੇਗੀ ਕਿ ਉਹ ਹਰਿਆਣਾ ਦੀ ਇਤਿਹਾਸਕ ਧਰਤੀ 'ਤੇ ਲੜੇ ਗਏ ਸੰਘਰਸ਼ਾਂ ਲਈ ਉਨ੍ਹਾਂ ਦਾ ਸਤਿਕਾਰ ਕਰਦੀ ਹੈ।

> **ਅਮਰ ਸ਼ਹੀਦ ਬਾਬਾ ਬੰਦਾ ਸਿੰਘ ਬਹਾਦਰ ਸਿੱਖ ਪਹਿਚਾਣ ਤੱਕ ਸੀਮਤ ਨਹੀਂ ਸਗੋਂ ਸਮੂਹ ਭਾਰਤ ਦੀ ਸਾਂਝੀ ਵਿਰਾਸਤ ਹੈ**

ਹਰਿਆਣਾ ਸਰਕਾਰ ਬੰਦਾ ਸਿੰਘ ਬਹਾਦਰ ਨੂੰ ਧਾਰਮਿਕ ਹੀ ਨਹੀਂ ਰਾਸ਼ਟਰੀ ਨੇਤਾ ਵਜੋਂ ਦੇਖ ਦੀ ਹੈ। ਉਨ੍ਹਾਂ ਨੂੰ ਸਿਰਫ਼ ਇੱਕ ਸਿੱਖ ਯੋਧੇ ਵਜੋਂ ਹੀ ਨਹੀਂ, ਸਗੋਂ ਇੱਕ ਰਾਸ਼ਟਰੀ ਆਜ਼ਾਦੀ ਘੁਲਾਟੀਏ ਵਜੋਂ ਪੇਸ਼ ਕਰਦੀ ਹੈ। ਉਨ੍ਹਾਂ ਨੂੰ "ਵੀਰ ਬੰਦਾ ਬੈਰਾਗੀ" ਕਹਿ ਕੇ, ਉਨ੍ਹਾਂ ਨੂੰ ਧਾਰਮਿਕ ਪਛਾਣ ਤੋਂ ਉੱਪਰ ਉਠਾਇਆ ਗਿਆ ਹੈ ਅਤੇ ਇੱਕ ਲੋਕ ਨਾਇਕ, ਇੱਕ ਸੰਯੁਕਤ ਸਭਿਆਚਾਰਕ ਪ੍ਰਤੀਕ ਵਜੋਂ ਦਿਖਾਇਆ ਗਿਆ ਹੈ। ਹਰਿਆਣਾ ਸਰਕਾਰ ਦਾ ਕਦਮ ਕਿਸੇ ਵੀ ਤਰਾਂ ਬਾਬਾ ਬੰਦਾ ਬਹਾਦਰ ਦੀ ਸਿੱਖ ਪਛਾਣ ਨੂੰ ਨਕਾਰਨ ਜਾਂ ਘਟਾਉਣ ਦੀ ਕੋਸ਼ਿਸ਼ ਨਹੀਂ ਹੈ। ਸਗੋਂ, ਇਹ ਉਨ੍ਹਾਂ ਦੇ ਪੂਰੇ ਜੀਵਨ ਨੂੰ ਇੱਕ ਵਿਸ਼ਾਲ, ਸਰਬ-ਸੰਮਲਿਤ ਦ੍ਰਿਸ਼ਟੀਕੋਣ ਤੋਂ ਦੇਖਣ ਦੀ ਕੋਸ਼ਿਸ਼ ਹੈ।

ਭਾਜਪਾ ਸ਼ਾਸਿਤ ਹਰਿਆਣਾ ਅਤੇ ਕੇਂਦਰ ਸਰਕਾਰਾਂ ਦਾ ਰਾਜਨੀਤਿਕ ਦ੍ਰਿਸ਼ਟੀਕੋਣ: ਸਾਂਝੇ ਭਾਰਤੀ ਸਵੈਮਾਣ ਦੀ ਭਾਵਨਾ ਨੂੰ ਉਤਸ਼ਾਹਿਤ ਕਰਦੀਆਂ ਹਨ। "ਬੈਰਾਗੀ" ਸ਼ਬਦ ਹਿੰਦੂ ਵੈਸ਼ਨਵ ਪਰੰਪਰਾ ਨੂੰ ਵੀ ਦਰਸਾਉਂਦਾ ਹੈ, ਜੋ ਹਿੰਦੂ ਸਮਾਜ ਦੀਆਂ ਭਾਵਨਾਵਾਂ ਨਾਲ ਵੀ ਜੁੜਦਾ ਹੈ। ਇਹ ਨਾਮਕਰਨ ਉਹਨਾਂ ਨੂੰ ਸਿੱਖਾਂ ਅਤੇ ਹਿੰਦੂਆਂ ਦੇ ਸਾਂਝੇ ਨਾਇਕ ਵਜੋਂ ਪੇਸ਼ ਕਰਦਾ ਹੈ।

ਇੱਕ ਸਮਾਵੇਸ਼ੀ ਇਤਿਹਾਸਕ ਦ੍ਰਿਸ਼ਟੀਕੋਣ ਨੂੰ ਦਰਸਾਉਣ ਲਈ "ਵੀਰ ਬੰਦਾ ਬੈਰਾਗੀ" ਨਾਮ ਹਰਿਆਣਾ ਸਰਕਾਰ ਦੁਆਰਾ ਅਪਣਾਇਆ ਗਿਆ ਹੈ।

ਬਾਬਾ ਬੰਦਾ ਬਹਾਦਰ ਦਾ ਮੁੱਢਲਾ ਜੀਵਨ ਇੱਕ ਤਪੱਸਵੀ ਅਤੇ ਬੈਰਾਗੀ ਸੰਨਿਆਸੀ ਵਜੋਂ ਸੀ ਅਤੇ ਗੁਰੂ ਗੋਬਿੰਦ ਸਿੰਘ ਜੀ ਨਾਲ ਮੇਲ ਹੋਣ ਤੋਂ ਬਾਅਦ ਇੱਕ ਨਵਾਂ ਅਧਿਆਇ ਨੇ ਜਨਮ ਲਿਆ। ਹਰਿਆਣਾ ਸਰਕਾਰ ਉਨ੍ਹਾਂ ਦੀਆਂ ਦੋਵਾਂ ਪਛਾਣਾਂ ਦਾ ਸਨਮਾਨ ਉਨ੍ਹਾਂ ਨੂੰ "ਵੀਰ ਬੰਦਾ ਬੈਰਾਗੀ÷, ਇੱਕ ਅਧਿਆਤਮਿਕ ਸੰਤ ਅਤੇ ਧਰਮਵੀਰ ਯੋਧਾ ਕਹਿ ਕਰਨਾ ਸਿਰਫ਼ ਧਾਰਮਿਕ ਦ੍ਰਿਸ਼ਟੀਕੋਣ ਨਾਲ ਹੀ ਨਹੀਂ, ਸਗੋਂ ਸੱਭਿਆਚਾਰ ਅਤੇ ਭੂਗੋਲ ਨਾਲ ਵੀ ਸੰਬੰਧਿਤ ਹੈ।

ਉਨ੍ਹਾਂ ਦੁਆਰਾ ਹਰਿਆਣਾ ਦੀ ਧਰਤੀ 'ਤੇ ਸਮਾਣਾ, ਥਾਨੇਸਰ, ਸੋਨੀਪਤ, ਕੁਰੂਕਸ਼ੇਤਰ ਆਦਿ ਖੇਤਰਾਂ ਨੂੰ ਮੁਗ਼ਲ ਰਾਜ ਤੋਂ ਆਜ਼ਾਦ ਕਰਵਾਇਆ ਜਾਣਾ ਅਤੇ ਇਤਿਹਾਸ 'ਚ ਪਹਿਲੀ ਵਾਰ ਕਿਸਾਨ ਨੂੰ ਜ਼ਮੀਨ ਦਾ ਮਾਲਕ ਬਣਾਇਆ ਜਾਣਾ , ਇਸ ਸਭ ਨੇ ਹਰਿਆਣਾ ਦੀ ਧਰਤੀ 'ਤੇ ਇੱਕ ਕਲਿਆਣਕਾਰੀ ਰਾਜ ਦੀ ਨੀਂਹ ਰੱਖੀ। ਹਰਿਆਣਾ ਸਰਕਾਰ ਦਾ ਉਨ੍ਹਾਂ ਨੂੰ "ਵੀਰ ਬੰਦਾ ਬੈਰਾਗੀ" ਕਹਿਣਾ ਸਿਰਫ਼ ਇੱਕ ਨਾਮ ਨਹੀਂ, ਸਗੋਂ ਇੱਕ ਵਿਰਾਸਤ ਦੀ ਯਾਦ ਦਿਵਾਉਂਦਾ ਹੈ। ਉਨ੍ਹਾਂ ਨੂੰ ਇੱਕ ਮਹਾਨ ਸਿੱਖ ਯੋਧੇ ਵਜੋਂ, ਅਤੇ ਇੱਕ ਲੋਕ ਨੇਤਾ ਵਜੋਂ, ਭਾਰਤ ਦੀ ਸਾਂਝੀ ਵਿਰਾਸਤ ਦੇ ਪ੍ਰਤੀਕ ਵਜੋਂ ਵੀ ਮਾਨਤਾ ਦਿੱਤੀ ਗਈ ਹੈ। ਇਹ ਕਿਸੇ ਵੀ ਤਰਾਂ ਸਿੱਖੀ ਪਛਾਣ ਨੂੰ ਕਮਜ਼ੋਰ ਕਰਨਾ ਨਹੀਂ ਸਗੋਂ ਉਨ੍ਹਾਂ ਦੀ ਮਹਾਨਤਾ ਨੂੰ ਹਰ ਭਾਰਤੀ ਤੱਕ ਪਹੁੰਚਾਉਣਾ ਹੈ, ਧਰਮ, ਜਾਤ ਜਾਂ ਪ੍ਰਾਂਤ ਦੀ ਸੀਮਾ ਤੋਂ ਪਾਰ। ਇਸ ਲਈ ਮੈਂ ਸਮਝਦਾ ਹਾਂ ਕਿ ਇਸ ਵਿਸ਼ੇ 'ਤੇ ਰਾਜਨੀਤੀ ਨਹੀਂ, ਸਗੋਂ ਸਮਝ ਅਤੇ ਸਮਰਪਣ ਨਾਲ ਚਰਚਾ ਕਰਦਿਆਂ ਅਸੀਂ ਆਪਣੇ ਇਤਿਹਾਸ ਨੂੰ ਵੰਡ ਦੇ ਦ੍ਰਿਸ਼ਟੀਕੋਣ ਤੋਂ ਨਹੀਂ, ਸਗੋਂ ਏਕਤਾ ਦੇ ਦ੍ਰਿਸ਼ਟੀਕੋਣ ਤੋਂ ਯਾਦ ਕਰੀਏ। ਸਾਨੂੰ ਅਜਿਹੀਆਂ ਵਿਅਕਤੀਆਂ ਦੀ ਵਿਸ਼ਾਲਤਾ ਨੂੰ ਮੰਨ ਕੇ, ਉਹਨਾਂ ਦੇ ਅਸੂਲਾਂ 'ਤੇ ਚੱਲਕੇ ਮਨੁੱਖਤਾ ਦੀ ਭਲਾਈ ਲਈ ਕੰਮ ਕਰਦੇ ਰਹਿਣਾ ਚਾਹੀਦਾ ਹੈ। ਇਹ ਇਕ ਸੱਚੀ ਸ਼ਰਧਾਂਜਲੀ ਹੈ।

**-ਪ੍ਰੋ ਸਰਚਾਂਦ ਸਿੰਘ ਖਿਆਲਾ, ਬੁਲਾਰਾ**
**ਪੰਜਾਬ ਭਾਜਪਾ, ਮੋ. : 9781455522**

### ਬਿਕਰਮ ਮਜੀਠੀਆ ਦੀ ਗ੍ਰਿਫ਼ਤਾਰੀ

# ਸੂਬਾ ਸਰਕਾਰ ਦੀ ਬੁਖਲਾਹਟ ਦਾ ਨਤੀਜਾ- ਬਰੜਵਾਲ

**ਧੂਰੀ ( ਰਣਜੀਤ ਸਿੰਘ ਪੇਧਨੀ )**-ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਤੇ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਨੂੰ ਵਿਜੀਲੈਂਸ ਵੱਲੋਂ ਗ੍ਰਿਫਤਾਰ ਕੀਤਾ ਜਾਣਾ ਸੂਬੇ ਦੀ ਆਮ ਆਦਮੀ ਪਾਰਟੀ ਸਰਕਾਰ ਦੀ ਬੁਖਲਾਹਟ ਦਾ ਨਤੀਜਾ ਹੈ ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਜਿਲ੍ਹਾ ਮੀਤ ਪ੍ਰਧਾਨ ਗੁਰਮੀਤ ਸਿੰਘ ਬਰੜਵਾਲ ਨੇ ਕੀਤਾ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਕੇਂਦਰ ਦੀ ਸਰਕਾਰ ਕੇਂਦਰੀ ਏਜੰਸੀਆਂ ਦੀ ਵਰਤੋ ਵਿਰੋਧੀ ਪਾਰਟੀਆਂ ਦੇ ਆਗੂਆਂ ਖਿਲਾਫ ਕਰ ਰਹੀ ਹੈ ਉਸੇ ਤਰਜ ਉੱਪਰ ਸੂਬੇ ਦੀ ਆਪ ਸਰਕਾਰ ਚੱਲ ਰਹੀ ਹੈ ਤੇ ਇਸ ਸਰਕਾਰ ਨੇ ਜਿਸ ਨੂੰ ਵੀ ਚੁੱਪ ਕਰਾਉਣਾ ਹੁੰਦਾ ਹੈ ਉਸ ਖਿਲਾਫ ਵਿਜੀਲੈਂਸ ਦੀ ਵਰਤੋਂ ਕੀਤੀ ਜਾ ਰਹੀ ਹੈ ਤੇ ਇਸਦੀ ਤਾਜਾ ਉਦਾਹਰਣ ਬਿਕਰਮ ਮਜੀਠੀਆ ਦੀ ਕੀਤੀ ਗਈ ਗ੍ਰਿਫਤਾਰੀ ਹੈ। ਉਨਾ ਕਿਹਾ ਕਿ ਪਿਛਲੇ ਸਮੇਂ ਤੋਂ ਲਗਾਤਾਰ ਬਿਕਰਮ ਸਿੰਘ ਮਜੀਠੀਆ ਸੂਬਾ ਸਰਕਾਰ ਦੇ ਗਲਤ ਫੈਸਲਿਆਂ ਕਾਰਨ ਸਰਕਾਰ ਨੂੰ ਨਿਸ਼ਾਨੇ ਉੱਪਰ ਲੈ ਰਹੇ ਸਨ ਅਤੇ ਹੁਣ ਉਸਦੇ ਪ੍ਰਤੀਕਰਮ ਵਜੋਂ ਸਰਕਾਰ ਦੇ ਇਸ਼ਾਰੇ 'ਤੇ ਸ. ਮਜੀਠੀਆ ਖਿਲਾਫ ਵਿਜੀਲੈਂਸ ਨੇ ਕੇਸ ਦਰਜ ਕਰਕੇ ਉਨ੍ਹਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਪੰਜਾਬ ਸਰਕਾਰ ਦੀ ਇਸ ਤਾਨਾਸ਼ਾਹੀ ਨੂੰ ਪੰਜਾਬ ਦੇ ਲੋਕ ਕਦੇ ਬਰਦਾਸ਼ਤ ਨਹੀਂ ਕਰਨਗੇ ਤੇ ਅਕਾਲੀ ਦਲ ਦੀ ਸਮੂਹ ਲੀਡਰਸ਼ਿਪ ਤੇ ਵਰਕਰ ਬਿਕਰਮ ਮਜੀਠੀਆ ਦੇ ਨਾਲ ਡੱਟ ਕੇ ਖੜੀ ਹੈ। । ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਤਾਕਤ ਦੇ ਨਸ਼ੇ ਵਿੱਚ ਆਪਣੀ ਸੁੱਧ-ਬੁੱਧ ਗਵਾ ਚੁੱਕੇ ਹਨ ਤੇ ਇਸੇ ਕਾਰਨ ਇੱਕ ਤੋਂ ਬਾਅਦ ਦੂਜਾ ਗਲਤ ਫੈਸਲਾ ਕਰ ਰਹੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV



# ਐਮਰਜੈਂਸੀ ਦੀ 50ਵੀਂ ਵਰ੍ਹੇਗੰਢ ਮੌਕੇ ਭਾਜਪਾ ਆਗੂਆਂ ਨੇ ਕੀਤਾ ਸੰਕੇਤਕ ਪ੍ਰਦਰਸ਼ਨ



**ਤਲਵੰਡੀ ਸਾਬੋ, 26 ਜੂਨ (ਗੁਰਜੰਟ ਸਿੰਘ ਨਥੇਹਾ)**-25 ਜੂਨ 1975 ਨੂੰ ਦੇਸ਼ ਭਰ ਵਿੱਚ ਤਤਕਾਲੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੀ ਅਗਵਾਈ ਵਾਲੀ ਕਾਂਗਰਸ ਸਰਕਾਰ ਵੱਲੋਂ ਲਗਾਈ ਐਮਰਜੈਂਸੀ ਦੇ 50 ਵਰ੍ਹੇ ਪੂਰੇ ਹੋ ਜਾਣ 'ਤੇ ਅੱਜ ਸਮੁੱਚੇ ਖੇਤਰਾਂ ਵਾਂਗ ਹਲਕਾ ਤਲਵੰਡੀ ਸਾਬੋ ਦੇ ਭਾਜਪਾ ਆਗੂਆਂ ਨੇ ਸਥਾਨਕ ਨਗਰ ਅੰਦਰ ਵੀ ਸੰਕੇਤਕ ਰੋਸ ਪ੍ਰਦਰਸ਼ਨ ਕਰਦਿਆਂ ਉਸ ਸਮੇਂ ਨੂੰ ਦੇਸ਼ ਦਾ ਕਾਲਾ ਦੌਰ ਗਰਦਾਨਿਆ। ਜਾਣਕਾਰੀ ਅਨੁਸਾਰ ਸੰਕੇਤਕ ਪ੍ਰਦਰਸ਼ਨ ਤੋਂ ਪਹਿਲਾਂ ਸਥਾਨਕ ਪ੍ਰਾਚੀਨ ਦੁਰਗਾ ਮੰਦਿਰ 'ਚ ਇਕੱਤਰ ਆਗੂਆਂ ਨੂੰ ਸੰਬੋਧਨ ਦੌਰਾਨ ਭਾਜਪਾ ਆਗੂਆਂ ਨੇ ਕਿਹਾ ਕਿ 25 ਜੂਨ 1975 ਨੂੰ ਲੋਕਤੰਤਰੀ ਪ੍ਰਣਾਲੀ ਦਾ ਘਾਣ ਕਰਦਿਆਂ ਤਤਕਾਲੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਨੇ ਸਿਰਫ ਆਪਣੀ ਕੁਰਸੀ ਬਚਾਉਣ ਲਈ ਪੂਰੇ ਦੇਸ਼ 'ਚ ਐਮਰਜੈਂਸੀ ਐਲਾਨ ਦਿੱਤੀ ਅਤੇ ਵਿਰੋਧੀ ਧਿਰਾਂ ਦੇ ਸਿਆਸੀ ਆਗੂਆਂ ਅਤੇ ਇਨਸਾਫ ਪਸੰਦ ਸਮਾਜਿਕ ਕਾਰਕੁੰਨਾਂ ਨੂੰ ਬਿਨਾਂ ਕਿਸੇ ਕਸੂਰ ਦੇ ਫੜ ਕੇ ਜੇਲ੍ਹਾਂ 'ਚ ਸੁੱਟ ਦਿੱਤਾ। ਹੋਰ ਤਾਂ ਹੋਰ ਪ੍ਰੈੱਸ ਦੀ ਆਜ਼ਾਦੀ ਦਾ ਗਲ ਘੋਟਦਿਆਂ ਅਖਬਾਰਾਂ ਤੇ ਸੈਂਸਰਸ਼ਿਪ ਲਾਗੂ ਕਰ ਦਿੱਤੀ ਗਈ ਤਾਂਕਿ ਉਹ ਲੋਕਾਂ ਦੀ ਆਵਾਜ਼ ਬੁਲੰਦ ਨਾ ਕਰ ਸਕਣ। ਭਾਜਪਾ ਆਗੂਆਂ ਨੇ ਕਿਹਾ ਕਿ ਉਸ ਮੌਕੇ ਜਬਰੀ ਨਸਬੰਦੀ ਦੇ ਕਾਂਗਰਸ ਸਰਕਾਰ ਦੇ ਆਰੰਭੇ ਦੌਰ ਨੂੰ ਅੱਜ ਵਰ੍ਹਿਆਂ ਬਾਅਦ ਵੀ ਲੋਕ ਯਾਦ ਕਰਕੇ ਕੰਬ ਉੱਠਦੇ ਹਨ। ਭਾਜਪਾ ਆਗੂਆਂ ਮੁਤਾਬਿਕ ਐਮਰਜੈਂਸੀ ਦੇ ਅੱਜ 50 ਵਰ੍ਹੇ ਪੂਰੇ ਹੋਣ ਤੇ ਭਾਜਪਾ ਨੇ ਲੋਕ ਫਰਜ਼ ਸਮਝਦਿਆਂ ਦੇਸ਼ ਦੇ ਲੋਕਾਂ ਨੂੰ ਪੰਜਾਹ ਸਾਲ ਪਹਿਲਾਂ ਕਾਂਗਰਸ ਸਰਕਾਰ ਵੱਲੋਂ ਵਰਤਾਏ ਜ਼ੁਲਮਾਂ ਬਾਰੇ ਜਾਣੂ ਕਰਵਾਉਣ ਲਈ ਪ੍ਰਦਰਸ਼ਨਾਂ ਦਾ ਦੌਰ ਸ਼ੁਰੂ ਕੀਤਾ ਹੈ। ਇਸ ਮੌਕੇ ਗੋਪਾਲ ਕ੍ਰਿਸ਼ਨ ਬਾਂਸਲ ਇੰਚਾਰਜ ਤਲਵੰਡੀ ਸਾਬੋ, ਰਕੇਸ਼ ਮਹਾਜਨ ਐਕਸ ਜਿਲ੍ਹਾ ਜਰਨਲ ਸਕੱਤਰ, ਸਤਪਾਲ ਸਿੰਘ ਲਹਿਰੀ ਕਾਰਜਕਾਰੀ ਮੈਂਬਰ, ਸੁਖਜੀਤ ਸਿੰਘ ਜਗਾ ਰਾਮ ਤੀਰਥ ਸੋਸ਼ਲ ਮੀਡੀਆ ਇੰਚਾਰਜ, ਕੀਰਤ ਸਿੰਘ ਐਸਸੀ ਮੋਰਚਾ, ਸਲੀਮ ਖਾਨ, ਜਸਪਾਲ ਡਿੰਪੀ, ਸੋਮਨਾਥ ਗਰਗ, ਸੱਤਪਾਲ ਅਰੋੜਾ ਜਸਪ੍ਰੀਤ ਸਿੰਘ ਨਸੀਬਪੁਰਾ, ਲਖਵੀਰ ਕੌਰ ਮਹਿਲਾ ਮੋਰਚਾ, ਜਤਿੰਦਰ ਕੁਮਾਰ ਜਸਵਿੰਦਰ ਕੌਰ ਆਦਿ ਆਗੂ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਖੇਡਾਂ ਦੇ ਖੇਤਰ ਵਿੱਚ ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਇੱਕ ਹੋਰ ਮੀਲ ਪੱਥਰ ਸਥਾਪਿਤ

## ਵਿਸ਼ਵ ਯੂਨੀਵਰਸਿਟੀ ਖੇਡਾਂ ਲਈ ਜੀ.ਕੇ.ਯੂ. ਦੇ 10 ਵਿਦਿਆਰਥੀਆਂ ਦੀ ਚੋਣ




**ਤਲਵੰਡੀ ਸਾਬੋ, 26 ਜੂਨ (ਗੁਰਜੰਟ ਸਿੰਘ ਨਥੇਹਾ)**-ਖੇਡਾਂ ਦੇ ਖੇਤਰ ਵਿੱਚ ਹਰ ਰੋਜ਼ ਨਵੀਆਂ ਪੁਲਾਂਘਾ ਪੁੱਟ ਰਹੀ ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਖਿਡਾਰੀਆਂ ਨੇ ਇੱਕ ਹੋਰ ਨਵਾਂ ਮੀਲ ਪੱਥਰ ਸਥਾਪਿਤ ਕੀਤਾ। ਜਦੋਂ 16 ਤੋਂ 27 ਜੁਲਾਈ 2025 ਨੂੰ ਰਾਈਨ-ਰੁਹਰ, ਜਰਮਨੀ ਵਿਖੇ ਹੋਣ ਜਾ ਰਹੀਆਂ ਵਿਸ਼ਵ ਯੂਨੀਵਰਸਿਟੀ ਖੇਡਾਂ ਵਿੱਚ ਇਸ ਦੇ 10 ਖਿਡਾਰੀ ਚੁਣੇ ਗਏ। ਇਸ ਸ਼ਾਨਾਮੱਤੀ ਪ੍ਰਾਪਤੀ 'ਤੇ ਪ੍ਰੋ. (ਡਾ.) ਰਾਮੇਸ਼ਵਰ ਸਿੰਘ ਉਪ ਕੁਲਪਤੀ ਨੇ ਵਰਸਿਟੀ ਪ੍ਰਬੰਧਕਾਂ, ਡਾਇਰੈਕਟਰ ਸਪੋਰਟਸ, ਕੋਚ, ਖਿਡਾਰੀਆਂ ਅਤੇ ਵਰਸਿਟੀ ਪਰਿਵਾਰ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਇਲਾਕੇ ਦੀ ਨੌਜਵਾਨ ਪੀੜ੍ਹੀ ਨੂੰ ਖੇਡਾਂ ਪ੍ਰਤੀ ਪ੍ਰੋਤਸਾਹਿਤ ਕਰਨ ਅਤੇ ਉਨ੍ਹਾਂ ਦੇ ਖੇਡ ਕੌਸ਼ਲ ਨੂੰ ਨਿਖਾਰਨ ਲਈ ਵਰਸਿਟੀ ਪ੍ਰਬੰਧਕਾਂ ਵੱਲੋਂ ਖਿਡਾਰੀਆਂ ਨੂੰ ਸ਼ਾਨਦਾਰ ਖੇਡ ਮੈਦਾਨ, ਉੱਚ ਦਰਜੇ ਦੇ ਇੰਸਟਰੂਮੈਂਟ, ਪਾਏਦਾਰ ਕੋਚਿੰਗ, ਸਕਾਲਰਸ਼ਿਪ ਅਤੇ ਫ੍ਰੀ ਐਜੂਕੇਸ਼ਨ ਵਰਗੀਆਂ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਖਿਡਾਰੀਆਂ ਨੂੰ ਆਪਣਾ ਖੇਡ ਪੱਧਰ ਹੋਰ ਉੱਚਾ ਚੁੱਕਣ ਲਈ ਪ੍ਰੇਰਿਤ ਕੀਤਾ। ਵਿਦਿਆਰੀਆਂ ਦੀ ਚੋਣ ਬਾਰੇ ਜਾਣਕਾਰੀ ਦਿੰਦਿਆਂ ਡਾ. ਰਾਜ ਕੁਮਾਰ ਸ਼ਰਮਾ, ਡਾਇਰੈਕਟਰ ਸਪੋਰਟਸ ਨੇ ਦੱਸਿਆ ਕਿ ਕਲਿੰਗਾ ਇੰਸਟੀਚਿਊਟ ਆਫ਼ ਇੰਡਸਟ੍ਰੀਅਲ ਟੈਕਨਾਲੋਜੀ ਭੁਵਨੇਸ਼ਵਰ, ਉੜੀਸਾ ਵਿੱਖੇ ਹੋਏ ਚੋਣ ਮੁਕਾਬਲਿਆਂ ਵਿੱਚ ਜੀ.ਕੇ.ਯੂ. ਦੇ ਐਥਲੀਟ ਗੁਰਿੰਦਰਵੀਰ ਸਿੰਘ ਨੇ 100 ਮੀਟਰ, ਮੋਹਿਤ ਨੇ ਹਾਫ਼ ਮੈਰਾਥਨ, ਰਸ਼ਦੀਪ ਕੌਰ ਨੇ ਮਿਕਸ ਰਿਲੇ, ਸਾਨਿਆ ਯਾਦਵ ਨੇ ਡਿਸਕਸ ਥ੍ਰੋ, ਹਰਸ਼ਿਤਾ ਸ਼ੇਰਾਵਤ ਤੇ ਗੁਰਦੇਵ ਨੇ ਹੈਮਰ ਥ੍ਰੋ, ਵਿਸ਼ਨੂੰ ਚੌਧਰੀ ਤੇ ਭਜਨ ਕੌਰ ਨੇ ਤੀਰਅੰਦਾਜ਼ੀ ਦੇ ਰਿਕਰਵ ਮੁਕਾਬਲੇ, ਤਲਵਾਰਬਾਜੀ ਵਿੱਚ ਕੰਗਬੰਸ਼ ਅਭਿਨਾਸ਼ ਮੈਤੇਈ ਤੇ ਬਲਰਾਮ ਜੋਸ਼ੀ ਨੇ ਆਪਣੇ ਆਪਣੇ ਮੁਕਾਬਲੇ ਜਿੱਤ ਕੇ ਵਿਸ਼ਵ ਯੂਨੀਵਰਸਿਟੀ ਖੇਡਾਂ ਲਈ ਕੁਆਲੀਫਾਈ ਕੀਤਾ ਹੈ। ਉਨ੍ਹਾਂ ਦੱਸਿਆ ਕਿ ਵਰਸਿਟੀ ਦੇ ਦੌੜਾਕ ਗੁਰਿੰਦਰਵੀਰ ਸਿੰਘ ਨੇ 100 ਮੀਟਰ ਦੌੜ 10:20 ਸੈਕਿੰਡ ਵਿੱਚ ਤੈਅ ਕਰਕੇ ਨਵਾਂ ਰਾਸ਼ਟਰੀ ਰਿਕਾਰਡ ਬਣਾਇਆ ਹੈ। ਉਨ੍ਹਾਂ ਇਹ ਵੀ ਕਿਹਾ ਕਿ ਭਵਿੱਖ ਵਿੱਚ ਵਰਸਿਟੀ ਦੇ ਇਹ ਖਿਡਾਰੀ ਰਾਸ਼ਟਰੀ ਅਤੇ ਅੰਤਰ-ਰਾਸ਼ਟਰੀ ਪੱਧਰ ਤੇ ਭਾਰਤ ਦਾ ਨਾਮ ਰੋਸ਼ਨ ਕਰਨਗੇ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਪਿੰਡ ਮਹਾਲਮ ਦੀਆਂ ਸੰਗਤਾਂ ਵੱਲੋਂ

# ਅਮਰ ਸ਼ਹੀਦ ਭਾਈ ਮਨੀ ਸਿੰਘ ਜੀ ਦਾ ਸ਼ਹੀਦੀ ਦਿਹਾੜਾ ਮਨਾਇਆ



**ਫ਼ਿਰੋਜ਼ਪੁਰ, 26 ਜੂਨ (ਮਨੋਹਰ ਲਾਲ) :—** ਅੱਜ ਪਿੰਡ ਮਹਾਲਮ ਦੇ ਗੁਰਦੁਆਰਾ ਸਾਹਿਬ ਵਿਖੇ ਅਰਮ ਸ਼ਹੀਦ ਭਾਈ ਮਨੀ ਸਿੰਘ ਜੀ ਦਾ ਸ਼ਹੀਦੀ ਦਿਹਾੜਾ ਸਮੂਹ ਪਿੰਡ ਦੀਆਂ ਸੰਗਤਾਂ, ਇਲਾਕੇ ਭਰ ਦੀਆਂ ਸੰਗਤਾਂ ਨੇ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਦੀਵਾਨ ਸਜਾਏ ਗਏ, ਜਿਸ ਵਿਚ ਸਿੱਖ ਕੌਮ ਦੇ ਕਥਾਵਾਚਕ ਭਾਈ ਹਰਪਾਲ ਸਿੰਘ ਮਖੂ ਨੇ ਸ਼ਹੀਦ ਭਾਈ ਮਨੀ ਸਿੰਘ ਜੀ ਦੇ ਜੀਵਨ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਇਸ ਮੌਕੇ ਤੇ ਕਰਮ ਸਿੰਘ ਮਹਾਲਮ ਢਾਡੀ ਜਥੇ ਨੇ ਢਾਡੀ ਵਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਸਮੂਹ ਨਗਰ ਪਿੰਡ ਮਹਾਲਮ ਦੀ ਪ੍ਰਬੰਧਕ ਕਮੇਟੀ ਅਤੇ ਹੋਰ ਸੰਗਤਾਂ ਨੇ ਵੱਧ ਚੜ੍ਹ ਕੇ ਸੰਗਤਾਂ ਦੀ ਹੱਥੀਂ ਸੇਵਾ ਕੀਤੀ। ਇਸ ਮੌਕੇ ਤੇ ਵਾਰਿਸ ਪੰਜਾਬ ਦੇ ਮੁਖੀ ਭਾਈ ਅੰਮ੍ਰਿਤਪਾਲ ਸਿੰਘ ਦੇ ਸਤਿਕਾਰਯੋਗ ਪਿਤਾ ਬਾਪੂ ਤਰਸੇਮ ਸਿੰਘ ਵਿਸ਼ੇਸ਼ ਤੌਰ ਤੇ ਪਹੁੰਚੇ। ਬਾਬੂ ਤਰਸੇਮ ਸਿੰਘ ਨੇ ਬੋਲਦਿਆਂ ਕਿਹਾ ਕਿ ਅੱਜ ਅਸੀਂ ਸਿੱਖ ਕੌਮ ਦੇ ਮਹਾਨ ਯੋਧੇ ਅਮਰ ਸ਼ਹੀਦ ਭਾਈ ਮਨੀ ਸਿੰਘ ਜੀ ਦਾ ਸ਼ਹੀਦੀ ਦਿਹਾੜਾ ਪਿੰਡ ਮਹਾਲਮ ਦੀਆਂ ਸੰਗਤਾਂ ਨੇ ਮਨਾਇਆ ਹੈ, ਸਾਨੂੰ ਬਹੁਤ ਖੁਸ਼ੀ ਹੋਈ ਹੈ, ਕਿਉਂਕਿ ਸ਼ਹੀਦ ਸਾਡੀ ਕੌਮ ਦੇ ਸਰਮਾਇਆ ਹੁੰਦੇ ਹਨ, ਜਿਹੜੀਆਂ ਕੌਮਾਂ ਆਪਣੇ ਸ਼ਹੀਦਾਂ ਨੂੰ ਭੁੱਲ ਜਾਂਦੀਆਂ ਹਨ, ਉਹ ਸਦਾ—ਸਦਾ ਲਈ ਖਤਮ ਹੋ ਜਾਂਦੀਆਂ ਹਨ। ਅੱਜ ਅਸੀਂ ਸਾਰੇ ਗੁਰੂ ਕਾ ਪੱਲਾ ਫੜੀਏ, ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਦਾ ਤਿਆਗ ਕਰਕੇ ਗੁਰੂ ਵਾਲੇ ਬਣੀਏ। ਅੱਜ ਸਾਡੀ ਕੌਮ ਦੇ ਜ਼ੋ ਹਾਲਾਤ ਬਣੇ ਹਨ, ਉਹ ਤੁਹਾਡੇ ਸਾਹਮਣੇ ਹਨ, ਜਦੋਂ ਉਨ੍ਹਾਂ ਤੋਂ ਪੁਛਿਆ ਕਿ ਤੁਸੀਂ ਲੁਧਿਆਣਾ ਚੋਣਾਂ ਨਹੀਂ ਲੜੀਆਂ ਤਾਂ ਉਨ੍ਹਾਂ ਦਾ ਕਹਿਣਾ ਅਸੀਂ ਵਾਰਿਸ ਪੰਜਾਬ ਨੂੰ ਤਕੜਾ ਕਰ ਰਹੇ ਹਾਂ, ਅਸੀਂ ਅਜੇ ਕੋਈ ਵੀ ਇਲੈਕਸ਼ਨ ਨਹੀਂ ਲੜਾਂਗੇ, ਜਦੋਂ ਭਾਈ ਅੰਮ੍ਰਿਤਪਾਲ ਸਿੰਘ ਮਹਿਰੋ ਬਾਰੇ ਕਿਹਾ ਕਿ ਇਹ ਸਰਕਾਰਾਂ ਇਨ੍ਹਾਂ ਚੀਜਾਂ ਨੂੰ ਬੜਾਵਾ ਦੇ ਰਹੀਆਂ ਹਨ, ਸਰਕਾਰ ਨੂੰ ਚਾਹੀਦਾ ਹੈ ਕਿ ਇਨ੍ਹਾਂ ਉਪਰ ਰੋਕ ਲਗਾਈ ਜਾਵੇ। ਇਸ ਮੌਕੇ ਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਮੂਹ ਅਹੁਦੇਦਾਰ, ਪ੍ਰਧਾਨ ਸੁਖਪਾਲ ਸਿੰਘ ਵਕੀਲ, ਭਾਈ ਲਖਬੀਰ ਸਿੰਘ ਮਹਾਲਮ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਨੇ ਬਾਪੂ ਤਰਸੇਮ ਸਿੰਘ ਨੂੰ ਜੀ ਆਇਆ ਆਖਿਆ ਅਤੇ ਉਨ੍ਹਾਂ ਨੂੰ ਸਮੂਹ ਨਗਰ ਨਿਵਾਸੀਆਂ ਨੇ ਸਨਮਾਨਿਤ ਕੀਤਾ। ਇਸ ਮੌਕੇ ਤੇ ਸੁਖਪਾਲ ਸਿੰਘ ਵਕੀਲ ਪ੍ਰਧਾਨ, ਭਾਈ ਲਖਬੀਰ ਸਿੰਘ ਮਹਾਲਮ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ, ਲਖਬੀਰ ਸਿੰਘ ਨੰਬਰਦਾਰ, ਸਰਪੰਚ ਏਕਨੂਰ ਖਾਲਸਾ ਫੌਜ਼, ਭਾਈ ਕੁਲਦੀਪ ਸਿੰਘ ਨੰਢਾ ਸਿੱਖ ਸਟੂਡੈਂਟਸ ਫੈਡਰੇਸ਼ਨ, ਸੁਖਾ ਸਿੰਘ ਸਾਬਕਾ ਸਰਪੰਚ, ਸਰਵਨ ਸਿੰਘ ਸਰਪੰਚ, ਸੁਖਦੇਵ ਸੰਘ ਮੌਜੂਦਾ ਸਰਪੰਚ, ਜਥੇਦਾਰ ਭਾਈ ਗੁਰਚਰਨ ਸਿੰਘ ਫ਼ਿਰੋਜ਼ਪੁਰ, ਅਜੀਤ ਸਿੰਘ ਮੈਂਬਰ ਪੰਚਾਇਤ, ਹਰਮੇਸ਼ ਸਿਘ ਮੈਂਬਰ ਪੰਚਾਇਤ, ਜਗਤਾਰ ਸਿੰਘ ਮੈਂਬਰ, ਛਿੰਦਾ ਸਿੰਘ ਮੈਂਬਰ, ਅਮਰਜੀਤ ਸਿੰਘ ਸਾਬਕਾ ਸਰਪੰਚ, ਬਲਕਾਰ ਸਿੰਘ ਫ਼ਿਰੋਜ਼ਪੁਰ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ, ਸੰਤੋਖ ਸਿੰਘ ਬੱਗੇ ਕੇ ਪਿੱਪਲ ਗੁਰੂ ਗ੍ਰੰਥ ਸਾਹਿਬ ਸਤਿਾਰ ਕਮੇਟੀ, ਭਾਈ ਹਰਜਿੰਦਰ ਸਿੰਘ ਬਲਾਕ ਇੰਚਰਜ ਵਾਰਿਸ ਪੰਜਾਬ, ਬਲਵਿੰਦਰ ਸਿੰਘ ਵਾਹਕਾ ਮੋੜ, ਦਲਜੀਤ ਸਿੰਘ ਮਹਾਲਮ, ਮੁਖਤਿਆਰ ਸਿੰਘ ਫ਼ਿਰੋਜ਼ਪੁਰ, ਬਲਦੇਵ ਸਿੰਘ, ਬਲਵਿੰਦਰ ਸਿੰਘ ਗ੍ਰੰਥੀ ਗੁਰਦੁਆਰਾ ਸਾਹਿਬ ਮਹਾਲਮ ਤੋਂ ਇਲਾਗਾ ਹੋਰ ਵੀ ਬਹੁਤ ਸਾਰੀਆਂ ਨਗਰ ਪੰਚਾਇਤ ਦੀਆਂ ਸੰਗਤਾਂ ਹਾਜ਼ਰ ਸਨ। ਇਸ ਸਮੇਂ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

### ਫਨਕਾਰ ਅਕੈਡਮੀ ਜੰਡਿਆਲਾ ਗੁਰੂ ਦਾ ਵਿਦਿਆਰਥੀ

# ਜਤਿਨਪ੍ਰੀਤ ਸਿੰਘ ਬੰਡਾਲਾ ਨੈਸ਼ਨਲ ਪ੍ਰਤੀਯੋਗਤਾ ਚੋਂ ਰਿਹਾ ਜੇਤੂ



**ਜੰਡਿਆਲਾ ਗੁਰੂ 26 ਜੂਨ ( ਕੁਲਵੰਤ ਸਿੰਘ ਵਿਰਦੀ )**-ਡਾਂਸ ਸਪਰੋਟਸ ਕੌਂਸਲ ਆਫ ਇੰਡੀਆ ਅਤੇ ਡਾਂਸ ਸਪੋਰਟਸ ਐਸੋਸ਼ੀਏਸ਼ਨ ਨੇਪਾਲ ਵਲੋਂ ਉਖਰਾ ਨੇਪਾਲ ਵਿਖੇ ਕਰਵਾਏ ਗਏ ਇੰਡੋ ਨੇਪਾਲ ਚੈਂਪੀਅਨਸ਼ਿਪ ਵਿਚ ਪੰਜਾਬ ਅਤੇ ਨੇਪਾਲ ਦੇ ਪ੍ਰਤੀਯੋਗੀਆਂ ਨੇ ਭਾਗ ਲਿਆ। ਜਿਸ ਵਿਚ ਪੰਜਾਬ ਅਤੇ ਨੇਪਾਲ ਦੇ 90 ਪ੍ਰਤੀਯੋਗੀ ਸ਼ਾਮਲ ਹੋਏ ਸਨ। ਇਸ ਪ੍ਰਤੀਯੋਗਤਾ ਵਿਚ ਜ਼ਿਲ੍ਹਾ ਅੰਮ੍ਰਿਤਸਰ ਦੇ ਪਿੰਡ ਬੰਡਾਲਾ ਦਾ ਰਹਿਣ ਵਾਲਾ ਜਤਿਨਪ੍ਰੀਤ ਸਿੰਘ ਵੀ ਸ਼ਾਮਲ ਹੋਇਆ ਜਿਸ ਨੂੰ ਪਹਿਲਾ ਮੁਕਾਮ ਹਾਸਿਲ ਹੋਇਆ। ਜਤਿਨਪ੍ਰੀਤ ਸਿੰਘ ਫਨਕਾਰ ਮਿਊਜ਼ਿਕ ਅਤੇ ਡਾਂਸ ਅਕੈਡਮੀ ਜੰਡਿਆਲਾ ਗੁਰੂ ਵਲੋਂ ਸ਼ਾਮਲ ਹੋਇਆ ਸੀ। ਇਸ ਜਿੱਤ ਨਾਲ ਉਸਨੇ ਆਪਣੇ ਦੇਸ਼ ਅਤੇ ਮਾਤਾ ਪਿਤਾ ਤੇ ਪਿੰਡ ਬੰਡਾਲਾ ਦਾ ਨਾਮ ਰੋਸ਼ਨ ਕੀਤਾ ਹੈ। ਲੋਕ ਉਨ੍ਹਾਂ ਨੂੰ ਵਧਾਈਆਂ ਦੇ ਰਹੇ ਹਨ ।ਇਸ ਮੌਕੇ ਤੇ ਜੇਤੂ ਬੱਚੇ ਨੇ ਦੱਸਿਆ ਕਿ ਇੰਨਾਂ ਮੁਕਾਬਲਿਆਂ ਵਿਚ ਫਨਕਾਰ ਮਿਊਜ਼ਿਕ ਅਤੇ ਡਾਂਸ ਅਕੈਡਮੀ ਜੰਡਿਆਲਾ ਗੁਰੂ, ਜਲੰਧਰ ਤੋਂ ਡਾਂਸਿੰਗ ਸਕੂਲ ਆਫ ਆਰਟ, ਓਮ ਸਾਂਈ ਰਾਮ ਡਾਂਸ ਅਕੈਡਮੀ ਨਵਾਂ ਸ਼ਹਿਰ ਦੀਆਂ ਅਕੈਮਡੀਆਂ ਦੇ ਬੱਚਿਆਂ ਨੇ ਭਾਗ ਲਿਆ ।ਇਸ ਮੁਕਬਾਲੇ ਵਿਚ ਨੇਪਾਲ ਅਤੇ ਇੰਡੀਆਂ ਵਿਖੇ ਹੋਈਆਂ ਨੈਸ਼ਨਲ ਪ੍ਰਤੀਯੋਗਤਾ ਨੂੰ ਜਿੱਤ ਕਿ ਆਪਣੇ ਨਾਮ ਕਰਨ ਵਾਲੇ ਬੱਚਿਆਂ ਨੂੰ ਇੰਡੋ-ਨੇਪਾਲ ਚੈਂਪੀਅਨਸ਼ਿਪ ਵਿਚ ਭਾਗ ਲੈਣਾ ਦਾ ਮੌਕਾ ਮਿਲਆ ।ਜਿਸ ਬੱਚਿਆਂ ਨੇ ਸੋਨਾ, ਚਾਂਦੀ ਅਤੇ ਸਿਲਵਰ ਤਗਮੇ ਜਿੱਸ ਕਿ ਹਾਸਲ ਕੀਤੇ ਅਤੇ ਆਪਣੇ ਸ਼ਹਿਰ ਅਤੇ ਮਾਤਾ ਪਿਤਾ ਦਾ ਨਾਮ ਰੋਸ਼ਨ ਕੀਤਾ ।ਇਸ ਮੁਕਾਬਲੇ ਵਿਚ ਸੁਖਦਰਸ਼ਨ ਸਿੰਘ, ਗੁਰਪ੍ਰੀਤ ਸਿੰਘ, ਨੇਪਾਲ ਦੇ ਨੀਤਾ ਲਾਂਬਾ, ਰਾਮ ਲਾਂਬਾ ਨੇ ਜੱਜਮੈਂਟ ਦੀ ਭੂਮਿਕਾ ਨਿਭਾਈ। ਇਸ ਮੌਕੇ ਤੇ ਡਾਂਸ ਸਪੋਰਟਸ ਕੌਂਸਲ ਆਫ ਇੰਡੀਆਂ ਦੇ ਪ੍ਰਧਾਨ ਬਲਵਿੰਦਰ ਸਿੰਘ ਜੌਹਲ, ਤਕਨੀਕੀ ਸਕੱਤਰ ਤਰਨਪਾਲ ਸਿੰਘ, ਅੰਮ੍ਰਿਤਸਰ ਜ਼ੋਨ ਦੇ ਪ੍ਰਬਾਰੀ ਗੁਰਪ੍ਰੀਤ ਸਿੰਘ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

## ਹਰਿਆਣਾ ਸਰਕਾਰ ਵੱਲੋਂ ਸ਼ਹੀਦ ਬਾਬਾ ਬੰਦਾ ਸਿੰਘ ਬਹਾਦਰ ਨੂੰ ਯਾਦ ਕਰਨਾ ਚੰਗੀ ਗੱਲ ,ਪਰ ਵੀਰ ਬਹਾਦਰ ਬੈਰਾਗੀ ਨਾਮ ਨਾਲ ਮਨਾਉਣਾ ਸਿੱਖ ਵਿਰੋਧੀ ਨਿੰਦਣਯੋਗ ਨੀਤੀ : ਭਾਈ ਵਿਰਸਾ ਸਿੰਘ ਖਾਲਸਾ



**ਜੰਡਿਆਲਾ ਗੁਰੂ 26 ਜੂਨ ( ਕੁਲਵੰਤ ਸਿੰਘ ਵਿਰਦੀ )**-ਹਰਿਆਣਾ ਸਰਕਾਰ ਵੱਲੋਂ ਸ਼ਹੀਦ ਬਾਬਾ ਬੰਦਾ ਸਿੰਘ ਬਹਾਦਰ ਨੂੰ ਸਰਕਾਰੀ ਪੱਧਰ ਤੇ ਯਾਦ ਕਰਨਾ ਸਮੇਂ ਅਤੇ ਲੋਕਾਂ ਦੀ ਮੰਗ ਵਾਲਾ ਸ਼ਲਾਘਾਯੋਗ ਕਦਮ ਹੈ ਪਰ ਇਸ ਨੂੰ ਵੀਰ ਬਹਾਦਰ ਬੰਦਾ ਬੈਰਾਗੀ ਨਾਮ ਨਾਲ ਮਨਾਉਣਾ ਬਹੁਤ ਹੀ ਘਟੀਆਂ ਤੇ ਸਿੱਖ ਵਿਰੋਧੀ ਨਿੰਦਣਯੋਗ ਨੀਤੀ ਹੈ ਅਤੇ ਇਸ ਨੀਤੀ ਦਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਹਰਜਿੰਦਰ ਸਿੰਘ ਧਾਮੀ ਅਤੇ ਜਥੇਦਾਰ ਅਕਾਲ ਤਖ਼ਤ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਜਿਥੇ ਵੱਡਾ ਵਿਰੋਧ ਅਤੇ ਇਸ ਨੂੰ ਸਿੱਖ ਵਿਰੋਧੀ ਭਾਜਪਾਈਆਂ ਦੀ ਨੀਤੀ ਦਾ ਹਿੱਸਾ ਦੱਸਿਆ ਜਾ ਰਿਹਾ ਹੈ ਅਤੇ ਸਪੱਸ਼ਟ ਕੀਤਾ ਗਿਆ ਕਿ ਇਸ ਨਾਲ ਦੇਸ਼ਾਂ ਵਿਦੇਸ਼ਾਂ ਵਿੱਚ ਵਸਦੇ ਸਿੱਖ ਭਾਈਚਾਰੇ ਦੀਆਂ ਮਨੋਭਾਵਨਾਵਾਂ ਨੂੰ ਗਹਿਰੀ ਠੇਸ ਪਹੁੰਚੀ ਹੈ ਇਸ ਕਰਕੇ ਸਰਕਾਰ ਆਪਣੇ ਇਸ ਵਰਤਾਰੇ ਲਈ ਮੁਆਫ਼ੀ ਮੰਗੇ, ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਹਰਿਆਣਾ ਸਰਕਾਰ ਵੱਲੋਂ ਸ਼ਹੀਦ ਬਾਬਾ ਬੰਦਾ ਸਿੰਘ ਬਹਾਦਰ ਜੀ ਨੂੰ ਸਰਕਾਰੀ ਪੱਧਰ ਤੇ ਯਾਦ ਕਰਨ ਸਮੇਂ " ਵੀਰ ਬਹਾਦਰ ਬੈਰਾਗੀ ਨਾਮ ਦੱਸਣ ਵਾਲੀ ਸਿੱਖ ਵਿਰੋਧੀ ਨੀਤੀ ਦੀ ਨਿੰਦਾ, ਸਰਕਾਰ ਨੂੰ ਸਿੱਖ ਕੌਮ ਤੋਂ ਇਸ ਸਬੰਧੀ ਮੁਵਾਫੀ ਮੰਗਣ ਦੇ ਨਾਲ ਨਾਲ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਹਰਿਆਣਾ ਸਰਕਾਰ ਵਿਰੁੱਧ ਹਾਈਕੋਰਟ 'ਚ ਪਹੁੰਚ ਕਰਨ ਦੀ ਮੰਗ ਕਰਦਿਆਂ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਕੀਤਾ, ਉਹਨਾਂ ਕਿਹਾ ਸਿੱਖ ਧਰਮ ਸਾਂਝੇ ਵਾਲਤਾ ਅਤੇ ਇਸ ਦੇ ਪਵਿੱਤਰ ਸ੍ਰੀ ਦਰਬਾਰ ਸਾਹਿਬ ਦੇ ਚਾਰ ਦਰਵਾਜ਼ੇ ਸਾਰੇ ਧਰਮਾਂ ਲਈ ਬਰਾਬਰਤਾ ਦਾ ਪ੍ਰਤੀਕ ਹਨ ਇਥੇ ਹੀ ਬਸ ਨਹੀਂ ਸਿੱਖਾਂ ਦੇ ਧਰਮ ਗ੍ਰੰਥ ਸਾਹਿਬ ਜੀ ਦੀ ਰੱਬੀ ਬਾਣੀ'ਚ ਸਭ ਮਜ਼ਬਾਂ ਧਰਮਾਂ ਦੇ ਉਹਨਾਂ ਭਗਤਾਂ ਦੀ ਪਵਿੱਤਰ ਬਾਣੀ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਦਰਜ ਕੀਤੀ ਗਈ ਜਿਨ੍ਹਾਂ ਤੇ ਉਸ ਅਕਾਲ ਪੁਰਖ ਵਾਹਿਗੁਰੂ ਰੱਬ ਦੀ ਕਿਰਪਾ ਹੋਈ ਤੇ ਉਹਨਾਂ ਨੇ ਅਕਾਲ ਪੁਰਖ ਦੀ ਬੰਦਗੀ ਕੀਤੀ, ਭਾਈ ਖਾਲਸਾ ਨੇ ਸਪੱਸ਼ਟ ਕੀਤਾ ਇਸ ਨੂੰ ਮੁੱਖ ਰੱਖਦਿਆਂ ਭਾਜਪਾਈ ਹਰਿਆਣਾ ਸਰਕਾਰ ਦੇ ਸਾਰੇ ਧਰਮਾਂ ਦੇ ਆਗੂਆਂ ਵੱਲੋਂ ਸਿੱਖ ਰਾਜ ਦੇ ਮਾਰਸ਼ਲ ਜਰਨੈਲ ਸ਼ਹੀਦ ਬਾਬਾ ਬੰਦਾ ਸਿੰਘ ਬਹਾਦਰ ਜੀ ਨੂੰ ਸਰਕਾਰੀ ਪੱਧਰ ਤੇ ਯਾਦ ਕਰਨਾ ਉਹਨਾਂ ਦੀ ਮਹਾਨ ਕੁਰਬਾਨੀ ਤੋਂ ਲੋਕਾਂ ਨੂੰ ਜਾਗਰੂਕ ਕਰਨਾ ਸਮੇਂ ਦੀ ਲੋੜ ਵਾਲਾ ਸ਼ਲਾਘਾਯੋਗ ਕਦਮ ਹੈ ਪਰ ਸਨਮਾਨੇ ਕੌਮ ਸ਼ਹੀਦ ਬਾਬਾ ਬੰਦਾ ਸਿੰਘ ਬਹਾਦਰ ਜੀ ਦੀ ਜਗ੍ਹਾ " ਵੀਰ ਬਹਾਦਰ ਬੰਦਾ ਬੈਰਾਗੀ ਨਾਮ ਨਾਲ ਮਨਾਉਣਾ ਜਾ ਯਾਦ ਕਰਨਾ ਅਤਨਿੰਦਣਯੋਗ ਸਿੱਖ ਵਿਰੋਧੀ ਨੀਤੀ ਹੈ ਅਤੇ ਇਸੇ ਕਰਕੇ ਇਸ ਨੀਤੀ ਦਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਤੇ ਜਥੇਦਾਰ ਅਕਾਲ ਤਖ਼ਤ ਸਾਹਿਬ ਨੇ ਸਖ਼ਤ ਵਿਰੋਧ ਕੀਤਾ ਹੈ ਅਤੇ ਨਾਲ ਹੀ ਇਹ ਵੀ ਦੱਸਿਆ ਬੀਤੇ ਸਾਲਾਂ ਤੋਂ ਕੇਂਦਰ ਦੀ ਭਾਜਪਾਈ ਸਰਕਾਰ ਵੱਲੋਂ ਛੋਟੇ ਸਾਹਿਬਜ਼ਾਦਿਆਂ ਨੂੰ ਯਾਦ ਕਰਦਿਆਂ ਇਸ ਸਮਾਗਮ ਨੂੰ ਵੀਰ ਬਾਲ ਦਿਵਸ ਵਜੋਂ ਪੇਸ਼ ਕੀਤਾ ਜਾ ਰਿਹਾ ਹੈ, ਭਾਈ ਖਾਲਸਾ ਨੇ ਦੱਸਿਆ ਇਹ ਵਰਤਾਰਾ ਭਾਜਪਾਈ ਸਰਕਾਰ ਦਾ ਸਿੱਖ ਵਿਰੋਧੀ ਹੋਣ ਦਾ ਵੱਡਾ ਸਬੂਤ ਪੇਸ਼ ਕਰਦਾ ਹੈ ਇਸ ਕਰਕੇ ਸਾਡੀ ਜਥੇਬੰਦੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਹਰਿਆਣਾ ਸਰਕਾਰ ਵੱਲੋਂ ਸ਼ਹੀਦ ਬਾਬਾ ਬੰਦਾ ਸਿੰਘ ਬਹਾਦਰ ਜੀ ਦੇ ਨਾਮ ਦੀ ਜਗ੍ਹਾ ਵੀਰ ਬੰਦਾ ਬੈਰਾਗੀ ਨਾਮ ਦੱਸਣ ਵਾਲੀ ਸਿੱਖ ਵਿਰੋਧੀ ਨੀਤੀ ਦੀ ਨਿੰਦਾ ਕਰਦੀ ਹੈ ਤੇ ਮੰਗ ਕਰਦੀ ਹੈ ਹਰਿਆਣਾ ਸਰਕਾਰ ਦੇ ਆਗੂ ਸਿੱਖ ਕੌਮ ਤੋਂ ਮੁਆਫ਼ੀ ਮੰਗਣ ਕਿਉਂਕਿ ਇਸ ਨੀਤੀ ਨਾਲ ਦੇਸ਼ਾਂ ਵਿਦੇਸ਼ਾਂ ਵਿੱਚ ਵਸਦੇ ਸਿੱਖ ਭਾਈਚਾਰੇ ਦੀਆਂ ਭਾਵਨਾਵਾਂ ਨੂੰ ਗਹਿਰੀ ਠੇਸ ਪਹੁੰਚੀ ਹੈ ਦੇ ਨਾਲ ਨਾਲ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਅਪੀਲ ਕਰਦੀ ਹੈ ਕਿ ਉਹ ਭਾਜਪਾਈਆਂ ਵੱਲੋਂ ਵਰਤੀਆਂ ਜਾ ਰਹੀਆਂ ਸਿੱਖ ਵਿਰੋਧੀ ਨੀਤੀਆਂ ਵਿਰੁੱਧ ਹਾਈਕੋਰਟ ਦਾ ਰੁੱਖ ਅਖਤਿਆਰ ਕਰਨ ਦੀ ਲੋੜ ਤੇ ਜੋਰ ਦੇਵੇ ਜੋ ਸਮੂਹ ਸਿੱਖਾਂ ਅਤੇ ਸਮੇਂ ਦੀ ਲੋੜ ਵਾਲਾ ਸਹੀ ਕਦਮ ਹੈ।।

ਆਵਾਜ਼ਿ ਕੌਮ AWAZE QAUM International Newspaper & WEB TV

# ਜਥੇਦਾਰ ਲਈ ਸੇਵਾ ਨਿਯਮ ਬਣਾਉਣ ਵਾਲੀ ਕਮੇਟੀ ਦਾ ਵਿਸਥਾਰ ਕੀਤਾ ਜਾਵੇ: ਪ੍ਰੋ. ਸਰਚਾਂਦ ਸਿੰਘ ਖਿਆਲਾ

### ਸ਼੍ਰੋਮਣੀ ਕਮੇਟੀ ਨੂੰ ਤਖ਼ਤ ਪਟਨਾ ਸਾਹਿਬ, ਹਜ਼ੂਰ ਸਾਹਿਬ, ਦਿਲੀ ਕਮੇਟੀ, ਹਰਿਆਣਾ ਕਮੇਟੀ ਅਤੇ ਫੈਡਰੇਸ਼ਨ ਦੇ ਪ੍ਰਤੀਨਿਧੀਆਂ ਨੂੰ ਸ਼ਾਮਲ ਕਰਨ ਦੀ ਅਪੀਲ



**ਅੰਮ੍ਰਿਤਸਰ, 26 ਜੂਨ (ਆਵਾਜ਼ਿ ਕੌਮ ਬਿਊਰੋ)** - ਸਿੱਖ ਚਿੰਤਕ ਅਤੇ ਭਾਜਪਾ ਪੰਜਾਬ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ , ਜੋ ਕਿ ਅਤੇ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਾਬਕਾ ਆਗੂ ਹਨ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਅਪੀਲ ਕੀਤੀ ਹੈ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਲਈ ਸੇਵਾ ਨਿਯਮ ਬਣਾਉਣ ਵਾਸਤੇ ਗਠਿਤ 34 ਮੈਂਬਰੀ ਕਮੇਟੀ ਦਾ ਤੁਰੰਤ ਵਿਸਥਾਰ ਕੀਤਾ ਜਾਵੇ।

ਪ੍ਰੋ. ਖਿਆਲਾ ਨੇ ਕਿਹਾ ਕਿ ਭਾਵੇਂ ਕਮੇਟੀ ਵਿੱਚ ਹਰ ਸਿੱਖ ਸੰਸਥਾ ਜਾਂ ਵਿਅਕਤੀ ਨੂੰ ਸ਼ਾਮਲ ਕਰਨਾ ਸੰਭਵ ਨਹੀਂ, ਪਰ ਜਥੇਦਾਰ ਦੀ ਭੂਮਿਕਾ ਵਿਅਕਤੀਗਤ ਜਾਂ ਸਥਾਨਕ ਨਾ ਹੋ ਕੇ ਸੰਪੂਰਨ ਵਿਸ਼ਵ ਸਿੱਖ ਭਾਈਚਾਰੇ ਨੂੰ ਸੇਧ ਦੇਣ ਵਾਲੀ ਅਤੇ ਧਾਰਮਿਕ, ਸਮਾਜਿਕ ਤੇ ਰਾਜਨੀਤਿਕ ਮੁੱਦਿਆਂ ਨਾਲ ਜੁੜੀ ਹੋਈ ਹੈ। ਸ਼੍ਰੋਮਣੀ ਕਮੇਟੀ ਵੱਲੋਂ ਗਠਿਤ ਕਮੇਟੀ 'ਚ ਦੇਸ਼ ਵਿਦੇਸ਼ ਦੀਆਂ ਸਿੱਖ ਸੰਸਥਾਵਾਂ ਅਤੇ ਸ਼ਖ਼ਸੀਅਤਾਂ ਨੂੰ ਤਾਂ ਸ਼ਾਮਿਲ ਕੀਤਾ ਗਿਆ ਲੇਕਿਨ ਤਖ਼ਤ ਸ੍ਰੀ ਹਰਮਿੰਦਰ ਜੀ ਪਟਨਾ ਸਾਹਿਬ ਪ੍ਰਬੰਧਕੀ ਕਮੇਟੀ, ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਪ੍ਰਬੰਧਕੀ ਕਮੇਟੀ, ਦਿਲੀ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ, ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਤੋਂ ਇਲਾਵਾ ਪੰਥ ਦੇ ਹਰਿਆਵਲ ਦਸਤੇ ਸਿੱਖ ਸਟੂਡੈਂਟਸ ਫੈਡਰੇਸ਼ਨ ਨੂੰ ਸ਼ਾਮਿਲ ਨਹੀਂ ਕੀਤਾ ਜਾਣਾ ਅਤੇ ਇਨ੍ਹਾਂ ਸੰਸਥਾਵਾਂ ਦੀ ਗੈ.ਰਮੌਜੂਦਗੀ ਇਹ ਦਰਸਾਉਂਦੀ ਹੈ ਕਿ ਕਿਸੇ ਨਾ ਕਿਸੇ ਰਾਜਨੀਤਿਕ ਪੱਧਰ ਉੱਤੇ ਦੂਰੀ ਜਾਂ ਮਤਭੇਦ ਵਜ੍ਹਾ ਬਣ ਰਹੇ ਹਨ, ਜੋ ਕਿ ਪੰਥਕ ਏਕਤਾ ਇੱਕਜੁੱਟਤਾ ਵਾਸਤੇ ਉਲਟ ਪ੍ਰਭਾਵ ਪਾ ਸਕਦੇ ਹਨ। "ਜੇਕਰ ਅਜੇਹੀਆਂ ਸੰਸਥਾਵਾਂ ਨੂੰ ਬਾਹਰ ਰੱਖਿਆ ਗਿਆ ਤਾਂ ਇਹ ਉਨ੍ਹਾਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਦੂਰ ਕਰਨ ਵਾਲਾ ਕਦਮ ਮੰਨਿਆ ਜਾਵੇਗਾ, ਜੋ ਕਿ ਪੰਥਕ ਨੁਕਸਾਨ ਹੋਵੇਗਾ।" ਜਥੇਦਾਰ ਸਬੰਧੀ ਨਿਯਮ ਬਣਾਉਣ ਵਰਗੇ ਅਹਿਮ ਮਾਮਲੇ 'ਚ ਪੰਥ ਦੀ ਇਕਸਾਰ ਰਾਏ ਅਤੇ ਸਾਂਝੀ ਸਹਿਮਤੀ ਬਹੁਤ ਲਾਜ਼ਮੀ ਹੈ।

ਇਸ ਲਈ ਇਹ ਜ਼ਰੂਰੀ ਹੈ ਕਿ ਕਮੇਟੀ ਵਿੱਚ ਤਖ਼ਤ ਸ੍ਰੀ ਪਟਨਾ ਸਾਹਿਬ, ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ, ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਿੱਖ ਸਟੂਡੈਂਟਸ ਫੈਡਰੇਸ਼ਨ ਵਰਗੀਆਂ ਵਕਾਰੀ ਅਤੇ ਅਹਿਮ ਪੰਥਕ ਸੰਸਥਾਵਾਂ ਨੂੰ ਸ਼ਾਮਲ ਕੀਤਾ ਜਾਵੇ।

ਪ੍ਰੋ. ਖਿਆਲਾ ਨੇ ਅੱਗੇ ਕਿਹਾ, ਉਨ੍ਹਾਂ SGPC ਨੂੰ ਅਪੀਲ ਕੀਤੀ ਕਿ ਜੇਕਰ ਕੋਈ ਹੋਰ ਯੋਗ ਪੰਥਕ ਸੰਸਥਾ ਵੀ ਵਿੱਸਰ ਗਈ ਹੋਵੇ ਜਾਂ ਜਾਣਬੁੱਝ ਕੇ ਛੱਡੀ ਗਈ ਹੋਵੇ, ਤਾਂ ਉਸ ਦੀ ਭੀ ਸ਼ਮੂਲੀਅਤ ਬਾਰੇ ਗੰਭੀਰਤਾ ਨਾਲ ਵਿਚਾਰ ਕੀਤਾ ਜਾਵੇ।

ਇਸ ਤਰ੍ਹਾਂ ਸਾਰੀ ਕੌਮ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ ਹੇਠ ਇੱਕਜੁੱਟ ਹੋ ਕੇ ਸਿੱਖੀ ਦੀ ਸੇਵਾ ਅਤੇ ਪ੍ਰਚਾਰ ਵਿੱਚ ਆਪਣਾ ਬਣਦਾ ਯੋਗਦਾਨ ਪਾ ਸਕੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

### ਰਾਜੌਰੀ ਗਾਰਡਨ ਗੁਰਦੁਆਰਾ 'ਚ

# ਗੁਰਮਤਿ ਕੈਂਪ ਦੇ ਬੱਚਿਆਂ ਨੂੰ ਕੀਤਾ ਗਿਆ ਸਨਮਾਨਿਤ



**ਨਵੀਂ ਦਿੱਲੀ, 26 ਜੂਨ (ਮਨਪ੍ਰੀਤ ਸਿੰਘ ਖਾਲਸਾ):-** ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਰਾਜੌਰੀ ਗਾਰਡਨ 'ਚ ਸਿੱਖ ਯੂਥ ਫਾਊਂਡੇਸ਼ਨ ਅਤੇ ਪ੍ਰੋਜੈਂਟ ਵਾਹਿਗੁਰੂ ਦੇ ਸਹਿਯੋਗ ਨਾਲ ਗਰਮੀਆਂ ਦੀਆਂ ਛੁੱਟੀਆਂ ਦੌਰਾਨ ਬੱਚਿਆਂ ਲਈ ਗੁਰਮਤਿ ਕੈਂਪ ਲਾਏ ਗਏ। ਇਨ੍ਹਾਂ ਕੈਂਪਾਂ 'ਚ ਬੱਚਿਆਂ ਨੂੰ ਗੁਰਮਤਿ, ਗੁਰੂ ਇਤਿਹਾਸ, ਸੈਲਫ ਡਿਫੈਂਸ ਲਈ ਸਿੱਖ ਮਾਰਸ਼ਲ ਆਰਟ, ਮਾਤ੍ਰ ਭਾਸ਼ਾ ਆਦਿ ਦੀ ਸਿੱਖਿਆ ਦਿੱਤੀ ਗਈ। ਬੱਚਿਆਂ ਨੂੰ ਉਮਰ ਅਨੁਸਾਰ ਦੋ ਗਰੁੱਪਾਂ ਵਿੱਚ ਵੰਡ ਕੇ ਪਾਠ ਦਿੱਤੇ ਗਏ। ਗੁਰਦੁਆਰਾ ਸਾਹਿਬ ਦੇ ਪ੍ਰਧਾਨ ਸ. ਹਰਮਨਜੀਤ ਸਿੰਘ ਵੱਲੋਂ ਕੈਂਪ ਦੀ ਸਮਾਪਤੀ 'ਤੇ ਬੱਚਿਆਂ ਨੂੰ ਮੈਡਲ ਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਸਿੱਖ ਯੂਥ ਫਾਊਂਡੇਸ਼ਨ ਦੇ ਮੁਖੀ ਸ. ਹਰਨੀਕ ਸਿੰਘ ਅਤੇ ਸ. ਸੁਖਬੀਰ ਸਿੰਘ ਨੇ ਦੱਸਿਆ ਕਿ ਇਸ ਵਾਰੀ ਬੜੂ ਸਾਹਿਬ ਤੋਂ ਵਿਸ਼ੇਸ਼ ਤੌਰ 'ਤੇ ਕੋਚ ਓਸ਼ਿਅਨ ਸਿੰਘ ਆਏ ਸਨ, ਜਿਨ੍ਹਾਂ ਨੇ ਬੱਚਿਆਂ ਨੂੰ ਸੈਲਫ ਡਿਫੈਂਸ ਦੀ ਸਿੱਖਿਆ ਦਿੱਤੀ। ਸ. ਹਰਮਨਜੀਤ ਸਿੰਘ ਨੇ ਦੱਸਿਆ ਕਿ ਗੁਰਦੁਆਰਾ ਸਾਹਿਬ ਵਿੱਚ ਹਰ ਸਾਲ ਇੰਝ ਦੇ ਕੈਂਪ ਲਾ ਕੇ ਬੱਚਿਆਂ ਨੂੰ ਆਪਣੇ ਵਿਰਸੇ ਅਤੇ ਇਤਿਹਾਸ ਬਾਰੇ ਜਾਣੂ ਕਰਵਾਇਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਹਰ ਸਾਲ ਪਹਿਲਾਂ ਦੇ ਮੁਕਾਬਲੇ ਹੋਰ ਵੀ ਵਧੇਰੇ ਬੱਚੇ ਇਨ੍ਹਾਂ ਕੈਂਪਾਂ ਵਿੱਚ ਸ਼ਾਮਲ ਹੋ ਰਹੇ ਹਨ। ਬੱਚਿਆਂ ਨੂੰ ਗੁਰਬਾਣੀ ਅਨੁਸਾਰ ਗੁਰਮਤਿ, ਸਿੱਖ ਇਤਿਹਾਸ, ਮਾਰਸ਼ਲ ਆਰਟ, ਮਾਤ੍ਰ ਭਾਸ਼ਾ ਆਦਿ ਦੀ ਸਿੱਖਿਆ ਮਿਲਦੀ ਹੈ ਅਤੇ ਉਹ ਖੇਡ-ਖੇਡ ਵਿੱਚ ਹੀ ਬਹੁਤ ਸ਼ੌਂਕ ਨਾਲ ਕਲਾਸਾਂ ਵਿੱਚ ਹਾਜ਼ਰੀ ਦਿੰਦੇ ਹਨ। ਸ. ਹਰਮਨਜੀਤ ਸਿੰਘ ਨੇ ਸਿੱਖ ਯੂਥ ਫਾਊਂਡੇਸ਼ਨ ਦੇ ਸ. ਹਰਨੀਕ ਸਿੰਘ ਅਤੇ ਉਨ੍ਹਾਂ ਦੀ ਟੀਮ ਦੀ ਭਾਰੀ ਸਰਾਹਨਾ ਕੀਤੀ, ਜਿਨ੍ਹਾਂ ਵੱਲੋਂ ਸਮੇਂ-ਸਮੇਂ ਤੇ ਬੱਚਿਆਂ ਲਈ ਇੰਝ ਦੇ ਕਾਰਜ ਕਰਵਾਏ ਜਾਂਦੇ ਹਨ।

### ਪੰਜਾਬ ਸਰਕਾਰ ਵੱਲੋਂ ਗਊ ਸੈਸ ਲੈਣਾ

# ਪੰਜਾਬ ਦੇ ਲੋਕਾਂ ਨਾਲ ਸਰਾਸਰ ਧੋਖਾ ਤੇ ਧੱਕਾ : ਦੌਲਤਪੁਰਾ



**ਮੋਗਾ, 26 ਜੂਨ (ਰਾਜਿੰਦਰ ਸਿੰਘ ਕੋਟਲਾ, ਗੁਰਪ੍ਰੀਤ ਸਿੰਘ)-** ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ ਦੀ ਅਗਵਾਈ ਹੇਠ ਹੋਈ ਇਕੱਤਰਤਾ ਦੌਰਾਨ ਵਿਚਾਰ ਕਰਦੇ ਹੋਏ ਕਿਸਾਨ ਆਗੂਆਂ ਨੇ ਕਿਹਾ ਹੈ ਕਿ ਜੋ ਪੰਜਾਬ ਸਰਕਾਰ ਗਊ ਸੈਸ ਦੇ ਨਾਮ ਉੱਪਰ ਤਕਰੀਬਨ ਹਰੇਕ ਵਸਤੂ ਉੱਪਰ ਗਊ ਸੱਸ ਦੇ ਰੂਪ ਵਿੱਚ ਟੈਕਸ ਵਸੂਲ ਰਹੀ ਹੈ ਉਹ ਸਰਾਸਰ ਪੰਜਾਬ ਦੇ ਲੋਕਾਂ ਨਾਲ ਧੋਖਾ ਅਤੇ ਬੇਇਨਸਾਫੀ ਹੈ ਕਿਉਂਕਿ ਸਰਕਾਰ ਨੇ ਨਾ ਤਾਂ ਕੋਈ ਗਊਆਂ ਨੂੰ ਸਾਂਭਣ ਲਈ ਕੋਈ ਠੋਸ ਕਦਮ ਚੁੱਕੇ ਹਨ ਅਤੇ ਨਾ ਹੀ ਪੰਜਾਬ ਸਰਕਾਰ ਵੱਲੋਂ ਗਊ ਸੈਸ ਦਾ ਕੋਈ ਹਿਸਾਬ ਕਿਤਾਬ ਪੰਜਾਬ ਦੀ ਜਨਤਾ ਨੂੰ ਦਿੱਤਾ ਜਾ ਰਿਹਾ ਹੈ। ਆਗੂਆਂ ਨੇ ਕਿਹਾ ਹੈ ਕਿ ਇਹਨਾਂ ਅਵਾਰਾ ਗਊਆਂ ਦੇ ਨਾਲ ਕਈ ਥਾਵਾਂ ਤੇ ਕੀਮਤੀ ਜਾਨਾਂ ਚਲੀਆਂ ਗਈਆਂ ਹਨ ਜਿਨਾਂ ਦੀ ਭਰਪਾਈ ਕੀ ਪੰਜਾਬ ਸਰਕਾਰ ਕਰੇਗੀ ਜਾਂ ਉਹ ਗਊਸ਼ਾਲਾ ਕਰਨਗੀਆਂ ਜੋ ਸਰਕਾਰ ਦੇ ਫੰਡ ਲੈ ਕੇ ਸਿਰਫ ਤੇ ਸਿਰਫ ਦੁੱਧ ਦੇਣ ਵਾਲੀਆਂ ਗਊਆਂ ਨੂੰ ਸਾਂਭ ਰਹੀਆਂ ਹਨ ਨਾਲ ਹੀ ਉਹਨਾਂ ਨੇ ਕਿਹਾ ਹੈ ਕਿ ਜੋ ਅਵਾਰਾ ਗਊਆਂ ਹਨ ਉਹ ਕਿਸਾਨਾਂ ਦੀਆਂ ਫਸਲਾਂ ਨੂੰ ਲਗਾਤਾਰ ਤਬਾਹ ਕਰਨ ਵਿੱਚ ਕੋਈ ਕਸਰ ਨਹੀਂ ਛੱਡ ਰਹੀਆਂ ਜਿਸ ਤੋਂ ਕਿਸਾਨ ਡਾਢੇ ਪਰੇਸ਼ਾਨ ਹਨ। ਇਸ ਮੌਕੇ ਜਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ, ਅਗਜੈਕਟਿਵ ਮੈਂਬਰ ਪੰਜਾਬ ਹਰਨੇਕ ਸਿੰਘ ਫਤਿਹਗੜ੍ਹ, ਅਗਜੈਕਟਿਵ ਮੈਂਬਰ ਪੰਜਾਬ ਮੰਦਰਜੀਤ ਸਿੰਘ ਮਨਾਵਾਂ, ਜ਼ਿਲਾ ਮੀਤ ਪ੍ਰਧਾਨ ਗੁਰਮੇਲ ਸਿੰਘ ਡਰੋਲੀ, ਲਖਵਿੰਦਰ ਸਿੰਘ ਰੌਲੀ, ਜਸਵਿੰਦਰ ਸਿੰਘ ਚੁਗਾਵਾਂ, ਬਲਕਰਨ ਸਿੰਘ ਢਿੱਲੋ, ਕੁਲਵੰਤ ਸਿੰਘ ਫੌਜੀ, ਦਫਤਰ ਇੰਚਾਰਜ ਪ੍ਰਕਾਸ਼ ਸਿੰਘ ਆਦਿ ਹਾਜ਼ਰ ਸਨ।

### ਸ਼੍ਰੋਮਣੀ ਕਮੇਟੀ ਵੱਲੋਂ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸੇਵਾ ਨਿਯਮਾਂ ਸਬੰਧੀ ਕਮੇਟੀ ਗਠਿਤ

# 34 ਮੈਂਬਰੀ ਕਮੇਟੀ ਵਿਚ ਵੱਖ-ਵੱਖ ਜਥੇਬੰਦੀਆਂ ਦੇ ਨੁਮਾਇੰਦੇ, ਸਿੱਖ ਵਿਦਵਾਨ ਤੇ ਸੰਪ੍ਰਦਾਵਾਂ ਦੇ ਆਗੂ ਸ਼ਾਮਲ



ਨਵੀਂ ਦਿੱਲੀ, 26 ਜੂਨ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸੇਵਾ ਨਿਯਮਾਂ ਦੇ ਸਬੰਧ ਵਿਚ 34 ਮੈਂਬਰੀ ਕਮੇਟੀ ਦਾ ਗਠਨ ਕੀਤਾ ਹੈ। ਦਫ਼ਤਰ ਤੋਂ ਜਾਰੀ ਇਕ ਪ੍ਰੈੱਸ ਬਿਆਨ ਰਾਹੀਂ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦੱਸਿਆ ਕਿ ਇਸ ਕਮੇਟੀ ਵਿਚ ਸਿੰਘ ਸਾਹਿਬਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਅੰਮ੍ਰਿਤਸਰ ਤੋਂ ਇੱਕ ਨੁਮਾਇੰਦਾ, ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ਼੍ਰੋਮਣੀ ਅਕਾਲੀ ਦਲ ਦਾ ਇੱਕ ਨੁਮਾਇੰਦਾ, ਬਾਬਾ ਹਰਨਾਮ ਸਿੰਘ ਖ਼ਾਲਸਾ ਮੁਖੀ ਦਮਦਮੀ ਟਕਸਾਲ ਤੇ ਪ੍ਰਧਾਨ ਸੰਤ ਸਮਾਜ, ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ ਮੁਖੀ ਤਰਨਾ ਦਲ ਹਰੀਆਂ ਵੇਲਾਂ, ਬਾਬਾ ਬਲਬੀਰ ਸਿੰਘ 96ਵੇਂ ਕਰੋੜੀ ਮੁਖੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ, ਬਾਬਾ ਅਵਤਾਰ ਸਿੰਘ ਸੁਰਸਿੰਘ ਮੁਖੀ ਦਲ ਪੰਥ ਬਾਬਾ ਬਿਧੀ ਚੰਦ ਜੀ, ਪ੍ਰਦਮਸ੍ਰੀ ਬਾਬਾ ਸੇਵਾ ਸਿੰਘ ਕਾਰ ਸੇਵਾ ਖਡੂਰ ਸਾਹਿਬ, ਬਾਬਾ ਕਸ਼ਮੀਰ ਸਿੰਘ ਮੁਖੀ ਸੰਪ੍ਰਦਾ ਕਾਰਸੇਵਾ ਭੂਰੀਵਾਲੇ, ਬਾਬਾ ਤੇਜਾ ਸਿੰਘ ਖੁੱਡਾ ਕੁਰਾਲਾ ਨਿਰਮਲੇ ਸੰਪ੍ਰਦਾ, ਮਹੰਤ ਰਮਿੰਦਰ ਦਾਸ ਉਦਾਸੀਨ ਸੰਪ੍ਰਦਾ, ਮਹੰਤ ਪ੍ਰਿਤਪਾਲ ਸਿੰਘ ਮਿੱਠਾ ਟਿਵਾਣਾ ਸੇਵਾਪੰਥੀ, ਬਾਬਾ ਸੇਵਾ ਸਿੰਘ ਰਾਮਪੁਰ ਖੇੜਾ, ਪ੍ਰਧਾਨ ਚੀਫ ਖ਼ਾਲਸਾ ਦੀਵਾਨ ਸ੍ਰੀ ਅੰਮ੍ਰਿਤਸਰ, ਕੇਂਦਰੀ ਸ੍ਰੀ ਗੁਰੂ ਸਿੰਘ ਸਭਾ ਚੰਡੀਗੜ੍ਹ ਦਾ ਇੱਕ ਨੁਮਾਇੰਦਾ, ਪ੍ਰਸਿੱਧ ਕਥਾਵਾਚਕ ਭਾਈ ਸਾਹਿਬ ਗਿਆਨੀ ਪਿੰਦਰਪਾਲ ਸਿੰਘ, ਗੁਰਬਾਣੀ ਵਿਆਕਰਣ ਦੇ ਮਾਹਿਰ ਗਿਆਨੀ ਸਾਹਿਬ ਸਿੰਘ ਸ਼ਾਹਬਾਦ ਮਾਰਕੰਡਾ, ਭਾਈ ਮਹਿੰਦਰ ਸਿੰਘ ਗੁਰੂ ਨਾਨਕ ਨਿਸ਼ਕਾਮ ਸੇਵਕ ਜਥਾ ਯੂਕੇ, ਮਹੰਤ ਮਨਜੀਤ ਸਿੰਘ ਜੰਮੂ ਕਸ਼ਮੀਰ, ਬੀਬੀ ਇੰਦਰਜੀਤ ਕੌਰ ਮੁਖੀ ਭਗਤ ਪੂਰਨ ਸਿੰਘ ਪਿੰਗਲਵਾੜਾ ਸੁਸਾਇਟੀ, ਡਾ. ਕਰਮਜੀਤ ਸਿੰਘ ਵਾਈਸ ਚਾਂਸਲਰ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ, ਡਾ. ਪ੍ਰਿਤਪਾਲ ਸਿੰਘ ਵਾਈਸ ਚਾਂਸਲਰ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਸ੍ਰੀ ਫ਼ਤਹਿਗੜ੍ਹ ਸਾਹਿਬ, ਸਿੱਖ ਵਿਦਵਾਨ ਡਾ. ਬਲਕਾਰ ਸਿੰਘ ਪਟਿਆਲਾ, ਡਾ. ਪਰਮਵੀਰ ਸਿੰਘ ਪੰਜਾਬੀ ਯੂਨੀਵਰਸਿਟੀ ਪਟਿਆਲਾ, ਡਾ. ਅਮਰਜੀਤ ਸਿੰਘ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ, ਡਾ. ਇੰਦਰਜੀਤ ਸਿੰਘ ਗੋਗੋਆਣੀ ਪ੍ਰਿੰ: ਖ਼ਾਲਸਾ ਕਾਲਜ ਸੀ: ਸੈ: ਸਕੂਲ ਅੰਮ੍ਰਿਤਸਰ, ਸਿੱਖ ਵਿਦਵਾਨ ਡਾ. ਕੇਹਰ ਸਿੰਘ, ਸਿੱਖ ਵਿਦਵਾਨ ਡਾ. ਹਰਭਜਨ ਸਿੰਘ ਡੇਹਰਾਦੂਨ, ਗਿ: ਬਲਜੀਤ ਸਿੰਘ ਪ੍ਰਿੰ: ਸਾਹਿਬਜ਼ਾਦਾ ਜੁਝਾਰ ਸਿੰਘ ਸਿੱਖ ਮਿਸ਼ਨਰੀ ਕਾਲਜ ਚੌਂਤਾ, ਸਿੱਖ ਵਿਦਵਾਨ ਡਾ. ਗੁਰਚਰਨਜੀਤ ਸਿੰਘ ਲਾਂਬਾ ਅਮਰੀਕਾ, ਡਾ. ਜਤਿੰਦਰਪਾਲ ਸਿੰਘ ਉੱਪਲ ਆਸਟ੍ਰੇਲੀਆ, ਸ. ਰਾਜਬੀਰ ਸਿੰਘ ਕੈਨੇਡਾ, ਸ. ਇੰਦਰਪਾਲ ਸਿੰਘ ਚੱਢਾ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਅਤੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ (ਕੋਆਰਡੀਨੇਟਰ) ਨੂੰ ਸ਼ਾਮਲ ਕੀਤਾ ਗਿਆ ਹੈ। ਐਡਵੋਕੇਟ ਧਾਮੀ ਨੇ ਆਖਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਇਸ ਮਾਮਲੇ 'ਤੇ ਮੰਗੇ ਸੁਝਾਵਾਂ ਤਹਿਤ ਬਹੁਤ ਸਾਰੀਆਂ ਸੰਪ੍ਰਦਾਵਾਂ, ਜਥੇਬੰਦੀਆਂ ਅਤੇ ਵਿਦਵਾਨਾਂ ਨੇ ਪਹਿਲਾਂ ਹੀ ਆਪਣੇ ਸੁਝਾਅ ਲਿਖਤੀ ਰੂਪ ਵਿਚ ਭੇਜੇ ਹਨ। ਇਨ੍ਹਾਂ ਵਿਚ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਅਬਿਚਲ ਨਗਰ ਨਾਂਦੇੜ, ਦਲ ਖਾਲਸਾ, ਅਖੰਡ ਕੀਰਤਨੀ ਜਥਾ, ਪੰਥਕ ਤਾਲਮੇਲ ਸੰਗਠਨ, ਸਿੱਖ ਕੌਂਸਲ ਯੂਕੇ, ਸੁਖਮਨੀ ਸਾਹਿਬ ਸੇਵਾ ਸੁਸਾਇਟੀ, ਸ਼੍ਰੋਮਣੀ ਖਾਲਸਾ ਪੰਚਾਇਤ, ਸਿੰਘ ਸਭਾਵਾਂ ਸਮੇਤ ਹੋਰ ਜਥੇਬੰਦੀਆਂ ਅਤੇ ਵੱਡੀ ਗਿਣਤੀ ਵਿਚ ਸਿੱਖ ਵਿਦਵਾਨ ਸ਼ਾਮਲ ਹਨ। ਸ਼੍ਰੋਮਣੀ ਕਮੇਟੀ ਤਰਫੋਂ ਹੁਣ ਇਸ ਸਬੰਧ ਵਿਚ 34 ਮੈਂਬਰੀ ਕਮੇਟੀ ਬਣਾ ਦਿੱਤੀ ਗਈ ਹੈ, ਜੋ ਆਪਣੀ ਰਾਇ ਰਿਪੋਰਟ ਦੇਵੇਗੀ।

# ਇੰਦਰਾ ਗਾਂਧੀ ਨੇ ਐਮਰਜੈਂਸੀ ਲਗਾ ਕੇ ਲੋਕਤੰਤਰ ਦੀ ਹੱਤਿਆ ਕੀਤੀ : ਹਰਦੀਪ ਗਿੱਲ, ਗਾਂਧੀ ਪਰਿਵਾਰ ਨੇ ਸੰਵਿਧਾਨ ਦੀ ਆਤਮਾ ਨੂੰ ਰੋਲਿਆ



**ਜੰਡਿਆਲਾ ਗੁਰੂ, 26 ਜੂਨ (ਕੁਲਵੰਤ ਸਿੰਘ ਵਿਰਦੀ )-**ਭਾਰਤੀ ਜਨਤਾ ਪਾਰਟੀ ਵੱਲੋਂ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਤਰਸਿੱਕਾ ਵਿਖੇ ਸੰਵਿਧਾਨ ਹੱਤਿਆ ਦਿਵਸ ਤਹਿਤ ਐਮਰਜੈਂਸੀ ਦਿਵਸ ਨੂੰ ਕਾਲੇ ਦਿਨ ਵਜੋਂ ਮਨਾਇਆ ਗਿਆ। ਇਸ ਮੌਕੇ 'ਤੇ ਭਾਰਤੀ ਜਨਤਾ ਪਾਰਟੀ ਪੰਜਾਬ ਐਸ. ਸੀ ਮੋਰਚੇ ਦੇ ਜਨਰਲ ਸਕੱਤਰ ਅਤੇ ਹਲਕਾ ਜੰਡਿਆਲਾ ਗੁਰੂ ਦੇ ਭਾਜਪਾ ਇੰਚਾਰਜ ਹਰਦੀਪ ਸਿੰਘ ਗਿੱਲ ਵਲੋਂ ਕਾਂਗਰਸ ਦੀ ਇੰਦਰਾ ਗਾਂਧੀ ਸਰਕਾਰ ਵੱਲੋਂ ਦੇਸ਼ ਵਿੱਚ ਐਮਰਜੈਂਸੀ ਲਗਾਉਣ ਬਾਰੇ ਦੱਸਿਆ ਗਿਆ। ਉਹਨਾਂ ਆਖਿਆ ਕਿ ਕਾਂਗਰਸ ਨੇ ਸੰਵਿਧਾਨ ਦਾ ਕਤਲ ਕਰਕੇ 19 ਮਹੀਨਿਆਂ ਲਈ ਦੇਸ਼ ਨੂੰ ਇੱਕ ਕਾਲ ਕੋਠੜੀ ਵਿੱਚ ਤਬਦੀਲ ਕਰ ਦਿੱਤਾ ਸੀ। ਵਿਰੋਧੀ ਧਿਰ ਦੇ ਸਾਰੇ ਆਗੂਆਂ ਨੂੰ ਜੇਲਾਂ ਵਿੱਚ ਡੱਕ ਕੇ ਲੋਕਤੰਤਰ ਦਾ ਗਲਾ ਘੁੱਟ ਘੁੱਟਣ ਵਿੱਚ ਕੋਈ ਕਸਰ ਨਹੀਂ ਸੀ ਛੱਡੀ। ਪ੍ਰੈਸ 'ਤੇ ਪਾਬੰਦੀਆਂ ਲਗਾ ਦਿੱਤੀਆਂ ਗਈਆਂ ਸਨ। ਉਸ ਸਮੇਂ ਅਟਲ ਬਿਹਾਰੀ ਵਾਜਪਾਈ ਤੇ ਲਾਲ ਕਿਸਨ ਅਡਵਾਨੀ ਵਰਗੇ ਭਾਜਪਾ ਦੇ ਵੱਡੇ ਨੇਤਾਵਾਂ ਨੇ ਪੂਰੇ ਦੇਸ਼ ਵਿੱਚ ਸੰਘਰਸ਼ ਵਿੱਢਿਆ ਅਤੇ 19 ਮਹੀਨਿਆਂ ਮਗਰੋਂ ਐਮਰਜੈਂਸੀ ਟੁੱਟਣ ਮਗਰੋਂ ਜਦੋਂ ਲੋਕ ਸਭਾ ਚੋਣਾਂ ਕਰਵਾਈਆਂ ਗਈਆਂ ਤਾਂ ਪਹਿਲੀ ਵਾਰ ਦੇਸ਼ ਵਿੱਚ ਗੈਰ ਕਾਂਗਰਸੀ ਸਰਕਾਰ ਬਣੀ। ਉਹਨਾਂ ਕਿਹਾ ਕਿ ਅੱਜ ਰਾਹੁਲ ਗਾਂਧੀ ਸੰਵਿਧਾਨ ਹੱਥ ਵਿੱਚ ਫੜ ਕੇ ਆਪਣੇ ਆਪ ਨੂੰ ਸੰਵਿਧਾਨ ਦਾ ਸਭ ਤੋਂ ਵੱਡਾ ਰਖਵਾਲਾ ਦੱਸਦਾ ਹੈ ਪਰ ਅਸਲ ਵਿੱਚ ਸੰਵਿਧਾਨ ਦਾ ਸਭ ਤੋਂ ਵੱਧ ਘਾਣ ਅਤੇ ਲੋਕਤੰਤਰ ਦੀ ਹੱਤਿਆ ਕਾਂਗਰਸ ਨੇ ਕੀਤੀ। ਐਮਰਜੈਂਸੀ ਲਗਾਉਣ ਤੋਂ ਇਲਾਵਾ ਸ੍ਰੀ ਹਰਿਮੰਦਰ ਸਾਹਿਬ ਤੇ ਸ੍ਰੀ ਅਕਾਲ ਤਖਤ ਸਾਹਿਬ 'ਤੇ ਹਮਲਾ ਵੀ ਸੰਵਿਧਾਨ ਵਿਰੋਧੀ ਕਾਰਵਾਈ ਜੋ ਕਾਂਗਰਸ ਦੀ ਸਰਕਾਰ ਵਿੱਚ ਹੋਈ ਜਿਸ ਲਈ ਗਾਂਧੀ ਪਰਿਵਾਰ ਦੋਸ਼ੀ ਹੈ। ਇਸ ਮੌਕੇ 'ਤੇ ਹੋਰਨਾਂ ਤੋਂ ਇਲਾਵਾ ਭਾਜਪਾ ਤਰਸਿੱਕਾ ਮੰਡਲ ਦੇ ਪ੍ਰਧਾਨ ਮਨਜੀਤ ਸਿੰਘ ਸੰਧੂ, ਕੇਵਲ ਸਿੰਘ ਖੱਬੇ ਰਾਜਪੂਤਾਂ ਪ੍ਰਧਾਨ ਸਰਕਲ ਮਹਿਤਾ, ਹਰਜੋਤ ਸਿੰਘ ਮਹਿਤਾ, ਗੁਰਮੇਲ ਸਿੰਘ ਬੇਰੀਆਂਵਾਲਾ , ਗੁਰਦਿਆਲ ਸਿੰਘ ਬੇਰੀਆਂਵਾਲਾ, ਸਤਬੀਰ ਸਿੰਘ ਫੌਜੀ, ਸਰਵਣ ਸਿੰਘ ਮੈਂਬਰ ਪੰਚਾਇਤ, ਸਮਿੱਤਰ ਸਿੰਘ ਕੋਟ ਖਹਿਰਾ, ਸਤਨਾਮ ਸਿੰਘ, ਗੋਬਿੰਦ ਸਿੰਘ, ਰਵੇਲ ਸਿੰਘ ਫੌਜੀ, ਪ੍ਰਗਟ ਸਿੰਘ, ਜਗਤਾਰ ਸਿੰਘ, ਬਲਵੰਤ ਸਿੰਘ, ਮਲਕੀਤ ਸਿੰਘ, ਠੇਕੇਦਾਰ ਮਨਪ੍ਰੀਤ ਸਿੰਘ ਮੰਨੂ, ਸਰਬਜੀਤ ਸਿੰਘ ਵਡਾਲੀ ਤੋਂ ਇਲਾਵਾ ਹੋਰ ਵੀ ਭਾਜਪਾ ਵਰਕਰ ਹਾਜ਼ਰ ਸਨ।..... ਫੋਟੋ ਕੈਪਸ਼ਨ : ਸੰਵਿਧਾਨ ਹੱਤਿਆ ਦਿਵਸ ਦੇ ਸਮਾਗਮ ਮੌਕੇ ਹਲਕਾ ਜੰਡਿਆਲਾ ਗੁਰੂ ਤੋਂ ਭਾਜਪਾ ਇੰਚਾਰਜ ਹਰਦੀਪ ਸਿੰਘ ਗਿੱਲ, ਮਨਜੀਤ ਸਿੰਘ ਸੰਧੂ, ਕੇਵਲ ਸਿੰਘ ਖੱਬੇ, ਸਤਬੀਰ ਸਿੰਘ ਫੌਜੀ, ਹਰਜੋਤ ਸਿੰਘ ਮਹਿਤਾ।

# ਅੰਮ੍ਰਿਤਸਰ ਪੁਲਿਸ ਸ. ਕਰਤਾਰ ਸਿੰਘ ਮਾਮਲੇ ਦੀ ਡੂੰਘਾਈ ਨਾਲ ਜਾਂਚ ਕਰਕੇ ਦੋਸ਼ੀਆਂ ਦੇ ਖਿਲਾਫ਼ ਕਰੇ ਸਖ਼ਤ ਕਾਰਵਾਈ- ਜਥੇਦਾਰ ਗੜਗੱਜ

## ਸ. ਕਰਤਾਰ ਸਿੰਘ ਸ਼ਹੀਦ ਪਰਿਵਾਰ ਵਿੱਚੋਂ ਸਨ ਜਿਨ੍ਹਾਂ ਦੇ ਪਿਤਾ ਅਤੇ ਦੋ ਭਰਾ ਸਿੱਖ ਸੰਘਰਸ਼ ਦੌਰਾਨ ਸ਼ਹੀਦ ਹੋਏ ਹਨ





ਨਵੀਂ ਦਿੱਲੀ, 26 ਜੂਨ (ਮਨਪ੍ਰੀਤ ਸਿੰਘ ਖਾਲਸਾ):- ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਬੀਤੇ ਦਿਨੀਂ ਭੇਤ ਭਰੇ ਹਾਲਾਤ ਵਿੱਚ ਚਲਾਣਾ ਕਰ ਗਏ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਦੇ ਇੰਚਾਰਜ ਵਜੋਂ ਸੇਵਾਵਾਂ ਨਿਭਾਅ ਰਹੇ ਸ. ਕਰਤਾਰ ਸਿੰਘ ਦੇ ਪਰਿਵਾਰ ਨਾਲ ਪਿੰਡ ਚੋਹਲਾ ਸਾਹਿਬ ਜ਼ਿਲ੍ਹਾ ਤਰਨ ਤਾਰਨ ਉਨ੍ਹਾਂ ਦੇ ਗ੍ਰਹਿ ਵਿਖੇ ਪੁੱਜ ਕੇ ਮੁਲਾਕਾਤ ਕੀਤੀ ਤੇ ਦੁੱਖ ਸਾਂਝਾ ਕੀਤਾ। ਜਥੇਦਾਰ ਗੜਗੱਜ ਨੇ ਕਿਹਾ ਕਿ ਸ. ਕਰਤਾਰ ਸਿੰਘ ਸ਼ਹੀਦ ਪਰਿਵਾਰ ਵਿੱਚੋਂ ਸਨ ਜਿਨ੍ਹਾਂ ਦੇ ਪਿਤਾ ਅਤੇ ਦੋ ਭਰਾ ਸਿੱਖ ਸੰਘਰਸ਼ ਦੌਰਾਨ ਸ਼ਹੀਦ ਹੋਏ ਹਨ। ਉਨ੍ਹਾਂ ਕਿਹਾ ਕਿ ਸ. ਕਰਤਾਰ ਸਿੰਘ ਪੰਥਕ ਭਾਵਨਾ ਵਾਲੇ ਸਿੰਘ ਸਨ, ਜਿਨ੍ਹਾਂ ਨੇ ਸਿੱਖ ਸੰਸਥਾ ਵੱਲੋਂ ਲੱਗੀਆਂ ਸੇਵਾਵਾਂ ਹਮੇਸ਼ਾ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਈਆਂ। ਇਸ ਮੌਕੇ ਜਥੇਦਾਰ ਗੜਗੱਜ ਨੇ ਅਕਾਲ ਪੁਰਖ ਅੱਗੇ ਅਰਦਾਸ ਕੀਤੀ ਕਿ ਉਹ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ਣ। ਜਥੇਦਾਰ ਗੜਗੱਜ ਨਾਲ ਮੁਲਾਕਾਤ ਦੌਰਾਨ ਸ. ਕਰਤਾਰ ਸਿੰਘ ਦੀਆਂ ਭੈਣਾਂ ਅਤੇ ਪਰਿਵਾਰਕ ਮੈਂਬਰਾਂ ਨੇ ਇਹ ਖ਼ਦਸ਼ਾ ਪ੍ਰਗਟਾਇਆ ਕਿ ਉਨ੍ਹਾਂ ਨੂੰ ਕਤਲ ਕਰਕੇ ਨਹਿਰ ਵਿੱਚ ਸੁੱਟਿਆ ਗਿਆ ਹੈ ਅਤੇ ਉਹ ਚੜ੍ਹਦੀ ਕਲਾ ਵਾਲੇ ਸਿੰਘ ਸਨ ਜੋ ਆਤਮ ਹੱਤਿਆ ਨਹੀਂ ਕਰ ਸਕਦੇ ਸਨ। ਪਰਿਵਾਰ ਨੇ ਇਹ ਵੀ ਦੱਸਿਆ ਕਿ ਪੁਲਿਸ ਵੱਲੋਂ ਸ. ਕਰਤਾਰ ਸਿੰਘ ਦਾ ਮੋਬਾਈਲ ਫ਼ੋਨ ਹੁਣ ਤੱਕ ਬਰਾਮਦ ਨਹੀਂ ਕੀਤਾ ਗਿਆ ਅਤੇ ਇਹ ਮੰਗ ਕੀਤੀ ਕਿ ਪੁਲਿਸ ਜਾਂਚ ਵਿੱਚ ਕਿਸੇ ਕਿਸਮ ਦੀ ਢਿਲਾਈ ਨਾ ਵਰਤੇ। ਇਸ ਸਬੰਧੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਅੰਮ੍ਰਿਤਸਰ ਪੁਲਿਸ ਨੂੰ ਇਸ ਮਾਮਲੇ ਵਿੱਚ ਡੂੰਘਾਈ ਨਾਲ ਜਾਂਚ ਕਰਕੇ ਦੋਸ਼ੀਆਂ ਦੇ ਖਿਲਾਫ਼ ਸਖ਼ਤ ਕਾਰਵਾਈ ਕਰਨੀ ਚਾਹੀਦੀ ਹੈ। ਇਸ ਦੌਰਾਨ ਸ਼੍ਰੋਮਣੀ ਕਮੇਟੀ ਦੇ ਹਲਕਾ ਮੈਂਬਰ ਸ. ਗੁਰਬਚਨ ਸਿੰਘ ਕਰਮੂਵਾਲਾ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਐਡੀਸ਼ਨਲ ਹੈੱਡ ਗ੍ਰੰਥੀ ਗਿਆਨੀ ਮਲਕੀਤ ਸਿੰਘ, ਹੈੱਡ ਪ੍ਰਚਾਰਕ ਭਾਈ ਸਰਬਜੀਤ ਸਿੰਘ ਢੋਟੀਆਂ ਆਦਿ ਹਾਜ਼ਰ ਸਨ।

### ਸ਼ਹੀਦ ਭਾਈ ਨਿੱਝਰ ਕਤਲ ਮਾਮਲੇ ਦੀ ਸੁਣਵਾਈ 14 ਅਗਸਤ ਨੂੰ ਹੋਵੇਗੀ

# ਭਾਈ ਪੰਮਾ ਅਤੇ ਪਨੂੰ ਵਲੋਂ ਕਨਿਸ਼ਕ ਕਾਂਡ ਦੇ ਵਕੀਲ ਕੀਤੇ ਗਏ ਹਾਇਰ



**ਨਵੀਂ ਦਿੱਲੀ 26 ਜੂਨ (ਮਨਪ੍ਰੀਤ ਸਿੰਘ ਖਾਲਸਾ)**:- ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਕਤਲ ਮਾਮਲੇ ਦੀ ਸੁਣਵਾਈ ਅਦਾਲਤ ਵਲੋਂ ਮੁਲਤਵੀ ਕੀਤੀ ਗਈ ਹੈ ਕਿਉਂਕਿ ਐਸਐਫਜੇ ਦੇ ਭਾਈ ਗੁਰਪਤਵੰਤ ਸਿੰਘ ਪਨੂੰ ਅਮਰੀਕਾ ਤੋਂ ਅਤੇ ਐਸਐਫਜੇ ਦੇ ਕੋ ਆਰਡੀਨੇਟਰ ਭਾਈ ਪਰਮਜੀਤ ਸਿੰਘ ਪੰਮਾ ਯੂਕੇ ਤੋਂ ਇਸ ਕੇਸ ਦੇ ਸੰਬੰਧ ਵਿੱਚ ਕੈਨੇਡਾ ਆਏ ਹੋਏ ਹਨ ਅਤੇ ਉਹਨਾਂ ਨੇ ਭਾਈ ਹਰਦੀਪ ਸਿੰਘ ਨਿੱਝਰ ਦੇ ਕੇਸ ਲਈ ਨਵਾਂ ਵਕੀਲ ਖੜਾ ਕੀਤਾ ਹੈ ਜਿਸ ਕਰਕੇ ਵਕੀਲਾਂ ਨੇ ਤਰੀਕ ਅੱਗੇ ਲੈ ਲਈ ਹੈ। ਭਾਈ ਪੰਮਾ ਨੇ ਗੱਲਬਾਤ ਕਰਦਿਆਂ ਦਸਿਆ ਕਿ ਭਾਈ ਨਿੱਝਰ ਨੂੰ ਸ਼ਹੀਦ ਕਰਣ ਵਿਚ ਭਾਰਤੀ ਕਰੰਦਿਆਂ ਦਾ ਹੱਥ ਹੈ ਤੇ ਇਸ ਗੱਲ ਦੀ ਪੁਸ਼ਟੀ ਕੈਨੇਡਾ ਦੇ ਸਾਬਕਾ ਪੀਐਮ ਜਸਟਿਨ ਟਰੂਡੋ ਨੇ ਕਈ ਵਾਰੀ ਕੀਤੀ ਸੀ । ਉਨ੍ਹਾਂ ਦਸਿਆ ਕਿ ਆਰਸੀਐਮਪੀ ਦੇ ਮੁਖੀ ਮਾਈਕ ਡੂਹੇਮ ਨੇ ਕਿਹਾ ਸੀ ਕਿ ਸਾਡੇ ਕੋਲ ਸਿਰਫ਼ ਖੁਫੀਆ ਜਾਣਕਾਰੀ ਹੀ ਨਹੀਂ ਹੈ ਬਲਕਿ ਠੋਸ ਸਬੂਤ ਹਨ ਕਿ ਇਸ ਮਾਮਲੇ ਵਿੱਚ ਭਾਰਤ ਦੀ ਉੱਚ-ਪੱਧਰੀ ਭੂਮਿਕਾ ਹੈ ਇਸ ਲਈ ਅਸੀਂ ਪੈਕ ਐਂਡ ਕੰਪਨੀ ਜੋ ਕਿ ਕੈਨੇਡਾ ਦੀ ਸਭ ਤੋਂ ਵਡੀ ਲਾਅ ਫਰਮ ਹੈ ਜਿਸਨੇ ਕਨਿਸ਼ਕ ਬੰਬ ਕਾਂਡ ਦਾ ਕੇਸ ਲੜਿਆ ਸੀ ਅਸੀਂ ਓਸ ਨੂੰ ਨਿੱਜੀ ਤੌਰ ਤੇ ਇਸ ਮਾਮਲੇ ਲਈ ਹਾਇਰ ਕੀਤਾ ਹੈ । ਉਨ੍ਹਾਂ ਦਸਿਆ ਕਿ ਭਾਈ ਨਿੱਝਰ ਨੂੰ ਸ਼ਹੀਦ ਕਰਣ ਵਿਚ ਜਿਨ੍ਹਾਂ ਦਾ ਵੀ ਹੱਥ ਹੈ ਓਹ ਸਾਰੇ ਕੈਨੇਡੀਅਨ ਕਨੂੰਨ ਤਹਿਤ ਕੱਟਘਰੇ ਵਿਚ ਲਿਆਂਦੇ ਜਾਣਗੇ ਭਾਵੇਂ ਓਹ ਭਾਰਤੀ ਰਾਜਦੂਤ ਹੋਣ, ਗ੍ਰਿਹਮੰਤਰੀ ਹੋਣ ਜਾ ਹੋਰ ਕੌਈ ਵੀ ਭਾਵੇਂ ਕਿੰਨੀ ਹੀ ਵਡੀ ਪਦਵੀ ਤੇ ਵਿਰਾਜਮਾਨ ਹੋਏ । ਉਨ੍ਹਾਂ ਦਸਿਆ ਕਿ ਰਾਇਲ ਕੈਨੇਡੀਅਨ ਮਾਊਂਟੇਡ ਪੁਲਿਸ (ਆਰਸੀਐਮਪੀ) ਦੇ ਮੁਖੀ ਮਾਈਕ ਡੂਹੇਮ ਨੇ ਕਿਹਾ ਸੀ ਕਿ ਸਾਡੇ ਕੋਲ ਸਿਰਫ਼ ਖੁਫੀਆ ਜਾਣਕਾਰੀ ਹੀ ਨਹੀਂ ਹੈ ਬਲਕਿ ਠੋਸ ਸਬੂਤ ਹਨ ਕਿ ਇਸ ਮਾਮਲੇ ਵਿੱਚ ਭਾਰਤ ਦੀ ਉੱਚ-ਪੱਧਰੀ ਭੂਮਿਕਾ ਹੈ ਅਤੇ ਜਿਨ੍ਹਾਂ ਸਬੂਤਾਂ ਦਾ ਜ਼ਿਕਰ ਕਰ ਰਿਹਾ ਹਾਂ, ਉਨ੍ਹਾਂ ਵਿੱਚੋਂ ਕੁਝ ਸਬੂਤ ਨਿਆਂਇਕ ਪ੍ਰਕਿਰਿਆ ਦੌਰਾਨ ਸਾਹਮਣੇ ਆਉਣਗੇ। ਜਿਕਰਯੋਗ ਹੈ ਕਿ ਆਰਸੀਐਮਪੀ ਕਮਿਸ਼ਨਰ ਮਾਈਕ ਡੂਹਾਈਮ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਦੋਸ਼ ਲਗਾਇਆ ਸੀ ਕਿ ਭਾਰਤ ਸਰਕਾਰ ਦੇ ਏਜੰਟ ਕੈਨੇਡਾ ਵਿੱਚ ਕਤਲ, ਜਬਰਦਸਤੀ ਅਤੇ ਡਰਾਉਣ-ਧਮਕਾਉਣ ਸਮੇਤ ਕਈ ਤਰ੍ਹਾਂ ਦੇ ਅਪਰਾਧਾਂ ਵਿੱਚ ਸ਼ਾਮਲ ਹਨ। ਉਨ੍ਹਾਂ ਦੋਸ਼ ਲਾਇਆ ਕਿ ਪੁਲਿਸ ਕੋਲ ਮੌਜੂਦ ਸਬੂਤਾਂ ਤੋਂ ਪਤਾ ਚੱਲਦਾ ਹੈ ਕਿ ਭਾਰਤੀ ਡਿਪਲੋਮੈਟਾਂ ਅਤੇ ਕੌਂਸਲੇਟ ਸਟਾਫ ਨੇ ਜਾਣਕਾਰੀ ਇਕੱਠੀ ਕੀਤੀ ਅਤੇ ਇਸਨੂੰ ਭਾਰਤ ਸਰਕਾਰ ਨਾਲ ਸਾਂਝਾ ਕੀਤਾ, ਜਿਸਨੇ ਫਿਰ "ਅਪਰਾਧਿਕ ਸੰਗਠਨਾਂ ਨੂੰ ਹਿੰਸਕ ਕਾਰਵਾਈਆਂ ਕਰਨ ਲਈ ਨਿਰਦੇਸ਼ ਦਿੱਤੇ÷। ਭਾਰਤੀ ਵਿਦੇਸ਼ ਮੰਤਰਾਲੇ ਨੇ ਭਾਰਤ ਅਤੇ ਭਾਰਤੀ ਡਿਪਲੋਮੈਟਾਂ 'ਤੇ ਲਗਾਏ ਗਏ ਗੰਭੀਰ ਦੋਸ਼ਾਂ ਦੇ ਸਮਰਥਨ ਵਿੱਚ ਸਖ਼ਤ ਇਤਰਾਜ ਜਤਾਇਆ ਸੀ । ਇਥੇ ਦਸਣ ਯੋਗ ਹੈ ਕਿ ਭਾਈ ਪੰਮਾ ਅਤੇ ਪਨੂੰ ਨੂੰ ਕੈਨੇਡੀਅਨ ਦੌਰੇ ਦੌਰਾਨ ਕੈਨੇਡਾ ਸਰਕਾਰ ਵਲੋਂ ਸਖ਼ਤ ਸੁਰੱਖਿਆ ਦਿੱਤੀ ਗਈ ਹੈ ਤੇ ਭਾਈ ਪੰਮਾ ਨਾਲ 15 ਸੁਰੱਖਿਆ ਕਰਮੀ ਚਲ ਰਹੇ ਹਨ। ਅਦਾਲਤ ਅੰਦਰ ਚਲ ਰਹੇ ਮਾਮਲੇ ਦੀ ਸੁਣਵਾਈ 14 ਅਗਸਤ ਨੂੰ ਹੋਵੇਗੀ।

### ਜਥੇਦਾਰ ਗੜਗੱਜ ਨੇ ਸ. ਕਰਤਾਰ ਸਿੰਘ ਦੇ ਪਰਿਵਾਰ ਨਾਲ ਮੁਲਾਕਾਤ ਕਰਕੇ ਕੀਤਾ ਦੁੱਖ ਸਾਂਝਾ

# ਅੰਮ੍ਰਿਤਸਰ ਪੁਲਿਸ ਡੂੰਘਾਈ ਨਾਲ ਜਾਂਚ ਕਰਕੇ ਦੋਸ਼ੀਆਂ ਦੇ ਖਿਲਾਫ਼ ਕਰੇ ਸਖ਼ਤ ਕਾਰਵਾਈ- ਜਥੇਦਾਰ ਗੜਗੱਜ



**ਸ੍ਰੀ ਅੰਮ੍ਰਿਤਸਰ, 26 ਜੂਨ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਬੀਤੇ ਦਿਨੀਂ ਭੇਤ ਭਰੇ ਹਾਲਾਤ ਵਿੱਚ ਚਲਾਣਾ ਕਰ ਗਏ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਦੇ ਇੰਚਾਰਜ ਵਜੋਂ ਸੇਵਾਵਾਂ ਨਿਭਾਅ ਰਹੇ ਸ. ਕਰਤਾਰ ਸਿੰਘ ਦੇ ਪਰਿਵਾਰ ਨਾਲ ਪਿੰਡ ਚੋਹਲਾ ਸਾਹਿਬ ਜ਼ਿਲ੍ਹਾ ਤਰਨ ਤਾਰਨ ਉਨ੍ਹਾਂ ਦੇ ਗ੍ਰਹਿ ਵਿਖੇ ਪੁੱਜ ਕੇ ਮੁਲਾਕਾਤ ਕੀਤੀ ਤੇ ਦੁੱਖ ਸਾਂਝਾ ਕੀਤਾ। ਜਥੇਦਾਰ ਗੜਗੱਜ ਨੇ ਕਿਹਾ ਕਿ ਸ. ਕਰਤਾਰ ਸਿੰਘ ਸ਼ਹੀਦ ਪਰਿਵਾਰ ਵਿੱਚੋਂ ਸਨ ਜਿਨ੍ਹਾਂ ਦੇ ਪਿਤਾ ਅਤੇ ਦੋ ਭਰਾ ਸਿੱਖ ਸੰਘਰਸ਼ ਦੌਰਾਨ ਸ਼ਹੀਦ ਹੋਏ ਹਨ। ਉਨ੍ਹਾਂ ਕਿਹਾ ਕਿ ਸ. ਕਰਤਾਰ ਸਿੰਘ ਪੰਥਕ ਭਾਵਨਾ ਵਾਲੇ ਸਿੰਘ ਸਨ, ਜਿਨ੍ਹਾਂ ਨੇ ਸਿੱਖ ਸੰਸਥਾ ਵੱਲੋਂ ਲੱਗੀਆਂ ਸੇਵਾਵਾਂ ਹਮੇਸ਼ਾ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਈਆਂ। ਇਸ ਮੌਕੇ ਜਥੇਦਾਰ ਗੜਗੱਜ ਨੇ ਅਕਾਲ ਪੁਰਖ ਅੱਗੇ ਅਰਦਾਸ ਕੀਤੀ ਕਿ ਉਹ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ਣ।





ਜਥੇਦਾਰ ਗੜਗੱਜ ਨਾਲ ਮੁਲਾਕਾਤ ਦੌਰਾਨ ਸ. ਕਰਤਾਰ ਸਿੰਘ ਦੀਆਂ ਭੈਣਾਂ ਅਤੇ ਪਰਿਵਾਰਕ ਮੈਂਬਰਾਂ ਨੇ ਇਹ ਖ਼ਦਸ਼ਾ ਪ੍ਰਗਟਾਇਆ ਕਿ ਉਨ੍ਹਾਂ ਨੂੰ ਕਤਲ ਕਰਕੇ ਨਹਿਰ ਵਿੱਚ ਸੁੱਟਿਆ ਗਿਆ ਹੈ ਅਤੇ ਉਹ ਚੜ੍ਹਦੀ ਕਲਾ ਵਾਲੇ ਸਿੰਘ ਸਨ ਜੋ ਆਤਮ ਹੱਤਿਆ ਨਹੀਂ ਕਰ ਸਕਦੇ ਸਨ। ਪਰਿਵਾਰ ਨੇ ਇਹ ਵੀ ਦੱਸਿਆ ਕਿ ਪੁਲਿਸ ਵੱਲੋਂ ਸ. ਕਰਤਾਰ ਸਿੰਘ ਦਾ ਮੋਬਾਈਲ ਫ਼ੋਨ ਹੁਣ ਤੱਕ ਬਰਾਮਦ ਨਹੀਂ ਕੀਤਾ ਗਿਆ ਅਤੇ ਇਹ ਮੰਗ ਕੀਤੀ ਕਿ ਪੁਲਿਸ ਜਾਂਚ ਵਿੱਚ ਕਿਸੇ ਕਿਸਮ ਦੀ ਢਿਲਾਈ ਨਾ ਵਰਤੇ। ਇਸ ਸਬੰਧੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਅੰਮ੍ਰਿਤਸਰ ਪੁਲਿਸ ਨੂੰ ਇਸ ਮਾਮਲੇ ਵਿੱਚ ਡੂੰਘਾਈ ਨਾਲ ਜਾਂਚ ਕਰਕੇ ਦੋਸ਼ੀਆਂ ਦੇ ਖਿਲਾਫ਼ ਸਖ਼ਤ ਕਾਰਵਾਈ ਕਰਨੀ ਚਾਹੀਦੀ ਹੈ। ਇਸ ਦੌਰਾਨ ਸ਼੍ਰੋਮਣੀ ਕਮੇਟੀ ਦੇ ਹਲਕਾ ਮੈਂਬਰ ਸ. ਗੁਰਬਚਨ ਸਿੰਘ ਕਰਮੂਵਾਲਾ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਐਡੀਸ਼ਨਲ ਹੈੱਡ ਗ੍ਰੰਥੀ ਗਿਆਨੀ ਮਲਕੀਤ ਸਿੰਘ, ਹੈੱਡ ਪ੍ਰਚਾਰਕ ਭਾਈ ਸਰਬਜੀਤ ਸਿੰਘ ਢੋਟੀਆਂ ਆਦਿ ਹਾਜ਼ਰ ਸਨ।

# ਐਸਜੀਪੀਸੀ ਵਲੋਂ 34 ਮੈਂਬਰੀ ਕਮੇਟੀ 'ਚ ਦਿੱਲੀ ਕਮੇਟੀ ਤੇ ਪਟਨਾ ਸਾਹਿਬ ਕਮੇਟੀ ਦੇ ਮੈਂਬਰ ਅਣਡਿੱਠ ਕਰਨਾ ਹੋਛੀ ਰਾਜਨੀਤੀ: ਕਾਲਕਾ/ਕਾਹਲੋਂ

**ਨਵੀਂ ਦਿੱਲੀ, 26 ਜੂਨ (ਮਨਪ੍ਰੀਤ ਸਿੰਘ ਖਾਲਸਾ)**:- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਹੈ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦੀ ਨਿਯੁਕਤੀ ਤੇ ਹਟਾਉਣ ਲਈ ਵਿਧੀ ਵਿਧਾਨ ਤੈਅ ਕਰਨ ਵਾਸਤੇ 34 ਮੈਂਬਰੀ ਕਮੇਟੀ ਦਾ ਗਠਨ ਕਰਨ ਸਮੇਂ ਦਿੱਲੀ ਗੁਰਦੁਆਰਾ ਕਮੇਟੀ ਅਤੇ ਤਖ਼ਤ ਸ੍ਰੀ ਪਟਨਾ ਸਾਹਿਬ ਕਮੇਟੀ ਦੇ ਮੈਂਬਰਾਂ ਨੂੰ ਵਿਚ ਸ਼ਾਮਲ ਨਾ ਕਰ ਕੇ ਬਾਦਲ ਪਰਿਵਾਰ ਦੀ ਚਾਪਲੂਸੀ ਕੀਤੀ ਹੈ ਜੋ ਬਹੁਤ ਹੀ ਨਿੰਦਣਯੋਗ ਹੈ। ਜਾਰੀ ਕੀਤੇ



ਇਕ ਬਿਆਨ ਵਿਚ ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਕਿਹਾ ਕਿ ਬਹੁਤ ਹੈਰਾਨੀ ਵਾਲੀ ਗੱਲ ਹੈ ਕਿ 1971 ਵਿਚ ਪਾਰਲੀਮੈਂਟ ਵੱਲੋਂ ਐਕਟ ਬਣਾਉਣ ਤੋਂ ਲੈ ਕੇ ਪਿਛਲੇ 54 ਸਾਲਾਂ ਤੋਂ ਦਿੱਲੀ ਗੁਰਦੁਆਰਾ ਕਮੇਟੀ ਸੰਗਤਾਂ ਦੀ ਸੇਵਾ ਕਰ ਰਹੀ ਹੈ ਤੇ ਸ਼੍ਰੋਮਣੀ ਕਮੇਟੀ ਤੋਂ ਬਾਅਦ ਸਭ ਤੋਂ ਵੱਡੀ ਪੰਥਕ ਸੰਸਥਾ ਹੈ। ਉਹਨਾਂ ਕਿਹਾ ਕਿ ਇਸ ਕਮੇਟੀ ਦੇ ਮੈਂਬਰਾਂ ਅਤੇ ਤਖਤ ਸ੍ਰੀ ਪਟਨਾ ਸਾਹਿਬ ਕਮੇਟੀ ਦੇ ਮੈਂਬਰਾਂ ਨੂੰ ਪੂਰੀ ਤਰ੍ਹਾਂ ਅਣਡਿੱਠ ਕਰਨਾ ਸਾਬਤ ਕਰਦਾ ਹੈ ਕਿ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸਿਰਫ ਤੇ ਸਿਰਫ ਸ਼੍ਰੋਮਣੀ ਅਕਾਲੀ ਦਲ ਬਾਦਲ ਦੀ ਚਾਪਲੂਸੀ ਕੀਤੀ ਤੇ ਉਹਨਾਂ ਨੂੰ ਖੁਸ਼ ਕਰਨ ਦਾ ਯਤਨ ਕੀਤਾ। ਉਹਨਾਂ ਕਿਹਾ ਕਿ ਅਜਿਹਾ ਕਰਦਿਆਂ ਐਡਵੋਕੇਟ ਧਾਮੀ ਨੇ ਉਸ ਸ਼੍ਰੋਮਣੀ ਕਮੇਟੀ ਦੇ ਅਕਸ ਨੂੰ ਹੋਰ ਛੁਟਿਆ ਦਿੱਤਾ ਹੈ ਜਿਸ ਕਮੇਟੀ 'ਤੇ ਕਦੇ ਦੇਸ਼ ਵਿਦੇਸ਼ ਵਿਚ ਵਸਦੇ ਸਿੱਖਾਂ ਨੂੰ ਬਹੁਤ ਮਾਣ ਸੀ। ਉਹਨਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਪ੍ਰਤੀ ਹਰ ਸਿੱਖ ਦੇ ਮਨ ਵਿਚ ਆਦਰ ਸੀ ਪਰ ਇਸ ਤਰੀਕੇ ਦੀ ਹੋਛੀ ਰਾਜਨੀਤੀ ਕਰਦਿਆਂ ਹੌਲੀ-ਹੌਲੀ ਸ਼੍ਰੋਮਣੀ ਕਮੇਟੀ ਦਾ ਮਾਣ ਸਤਿਕਾਰ ਬਹੁਤ ਘਟਿਆ ਹੈ ਤੇ ਇਕ ਹੀ ਪਰਿਵਾਰ ਦੀ ਜੀ ਹਜ਼ੂਰੀ ਕਰ ਕੇ ਇਹ ਨਿਰੰਤਰ ਘੱਟ ਰਿਹਾ ਹੈ। ਉਹਨਾਂ ਨੇ ਕਮੇਟੀ ਵਿਚ ਸ਼ਾਮਲ ਬਾਬਾ ਹਰਨਾਮ ਸਿੰਘ ਧੁੰਮਾ ਤੇ ਬਾਬਾ ਬਲਬੀਰ ਸਿੰਘ ਵਰਗੇ ਆਗੂਆਂ ਨੂੰ ਅਪੀਲ ਕੀਤੀ ਕਿ ਉਹ ਇਸ ਤਰੀਕੇ ਦਾ ਵਿਧੀ ਵਿਧਾਨ ਤਿਆਰ ਕਰਨ ਜਿਸ ਨਾਲ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦੀ ਨਿਯੁਕਤੀ ਤੇ ਉਹਨਾਂ ਨੂੰ ਹਟਾਉਣ ਦੀ ਪ੍ਰਕਿਰਿਆ ਪੂਰਨ ਪਾਰਦਰਸ਼ੀ ਹੋਵੇ। ਉਹਨਾਂ ਕਿਹਾ ਕਿ ਜਥੇਦਾਰਾਂ ਨੂੰ ਹਟਾਉਣ ਦਾ ਵਿਰੋਧ ਸਭ ਤੋਂ ਪਹਿਲਾਂ ਦਿੱਲੀ ਗੁਰਦੁਆਰਾ ਕਮੇਟੀ ਨੇ ਕੀਤਾ ਸੀ ਤੇ ਅੱਜ ਸਮੁੱਚਾ ਪੰਥ ਇਸ ਮੁੱਦੇ 'ਤੇ ਇਕਜੁੱਟ ਹੈ। ਉਹਨਾਂ ਕਿਹਾ ਕਿ ਆਸ ਹੈ ਕਿ 34 ਮੈਂਬਰੀ ਕਮੇਟੀ ਅਜਿਹਾ ਵਿਧੀ ਵਿਧਾਨ ਬਣਾਏਗੀ ਜਿਸ ਨਾਲ ਇਹ ਮਾਮਲਾ ਹਮੇਸ਼ਾ ਹਮੇਸ਼ਾ ਲਈ ਹੱਲ ਹੋ ਸਕਦਾ ਹੈ।

# ਪਿੰਡ ਕਿਲ੍ਹਾ ਜੀਵਨ ਸਿੰਘ ਤੋਂ ਗਰੀਬੀ ਨਾਲ ਗੁੱਥ ਮਖੁੱਦਾ ਹੋ ਰਹੇ ਗਰੀਬ ਪ੍ਰੀਵਾਰ ਨੇ ਪ੍ਰਸਾਸਨ ਤੇ ਸਮਾਜ ਸੇਵਕਾਂ ਪਾਸੋਂ ਮੱਦਦ ਦੀ ਲਗਾਈ ਗੁਹਾਰ



**ਜੰਡਿਆਲਾ ਗੁਰੂ 26 ਜੂਨ ( ਕੁਲਵੰਤ ਸਿੰਘ ਵਿਰਦੀ )**-ਜੰਡਿਆਲਾ ਗੁਰੂ ਦੇ ਅਧੀਨ ਪੈਂਦੇ ਪਿੰਡ ਕਿਲ੍ਹਾ ਜੀਵਨ ਸਿੰਘ ਦੇ ਵਾਸੀ ਨਿਰਮਲ ਸਿੰਘ ਨੰਦੂ ਪੁੱਤਰ ਸੁਖਵਿੰਦਰ ਸਿੰਘ ਉਰਫ ਬਾਬਾ ਧੰਨਾ ਜੋ ਗਰਬੁਤ ਦੀ ਜ਼ਿੰਦਗੀ ਬਤੀਤ ਕਰ ਰਹੇ ਹਨ ਨੇ ਪੰਜਾਬ ਸਰਕਾਰ, ਖਾਸ ਕਰਕੇ ਇਥੋਂ ਦੇ ਹਲਕਾ ਵਿਧਾਇਕ ਤੇ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ, ਡਿਪਟੀ ਕਮਿਸ਼ਨਰ ਅੰਮ੍ਰਿਤਸਰ, ਮਾਰਕੀਟ ਕਮੇਟੀ ਗਹਿਰੀ ਮੰਡੀ ਦੇ ਚੇਅਰਮੈਨ ਸੂਬੇਦਾਰ ਛਨਾਖ ਸਿੰਘ ਜੌਹਲ, ਪਿੰਡ ਕਿਲ੍ਹਾ ਜੀਵਨ ਸਿੰਘ ਦੇ ਸਰਪੰਚ ਬਲਜਿੰਦਰ ਸਿੰਘ ਬਾਊ ਤੇ ਹੋਰ ਸਮਾਜ ਸੇਵੀ ਸੰਸਥਾਵਾਂ ਤੋਂ ਮਦਦ ਦੀ ਗੁਹਾਰ ਲਗਾਈ। ਪੱਤਰਕਾਰਾਂ ਦੀ ਟੀਮ ਨੇ ਜਦੋਂ ਇਸ ਸਬੰਧੀ ਪਿੰਡ ਕਿਲ੍ਹਾ ਜੀਵਨ ਸਿੰਘ ਪਹੁੰਚ ਕੇ ਇਸ ਪਰਿਵਾਰ ਦੇ ਹਲਾਤ ਵੇਖੇ ਤੇ ਇਸ ਪਰਿਵਾਰ ਦੀ ਦਾਸਤਾਨ ਸੁਣੀ ਤਾਂ ਇੱਕ ਵਾਰੀ ਤਾਂ ਮਨ ਭਰ ਗਿਆ। ਪਰਿਵਾਰ ਦੇ ਮੁਖੀ ਨਿਰਮਲ ਸਿੰਘ ਨੰਦੂ ਤੇ ਉਹਨਾਂ ਦੀ ਪਤਨੀ ਹਰਪ੍ਰੀਤ ਕੌਰ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਉਹ ਸ਼ਡੂਲ ਕਾਸਟ ਬਰਾਦਰੀ ਨਾਲ ਸਬੰਧ ਰੱਖਦੇ ਅਤੇ ਉਹਨਾਂ ਦੀਆਂ ਸੱਤ ਬੇਟੀਆਂ ਹਨ ਤੇ ਉਨ੍ਹਾਂ ਦੇ ਘਰ ਦਾ ਗੁਜ਼ਾਰਾ ਬੜੀ ਹੀ ਮੁਸ਼ਕਲ ਨਾਲ ਚੱਲਦਾ ਹੈ। ਉਹਨਾਂ ਦੱਸਿਆ ਕਿ ਉਨ੍ਹਾਂ ਦੇ ਘਰ ਦੇ ਦੋ ਵਾਂਸਾਂ ਦੀ ਛੱਤ ਵਾਲੇ ਕੋਠੇ ਹਨ ਜੋਂ ਕਿਸੇ ਵੇਲੇ ਵੀ ਡਿੱਗ ਸਕਦੇ ਹਨ। ਉਹਨਾਂ ਦੱਸਿਆ ਕਿ ਬਰਸਾਤਾਂ ਦੇ ਦਿਨਾਂ ਵਿੱਚ ਆਪਣੇ ਅੰਦਰ ਸੌਣ ਤੋਂ ਵੀ ਡਰਦੇ ਹਨ ਤੇ ਇਥੋਂ ਤੱਕ ਕਈ ਵਾਰ ਤਾਂ ਉਹਨਾਂ ਨੂੰ ਬਾਹਰ ਤੰਬੂ ਨੁਮਾ ਕਮਰਾ ਬਣਾ ਕੇ ਸੌਣਾ ਪੈਂਦਾ ਹੈ। ਗਰੀਬੀ ਨਾਲ ਗੁੱਥ ਮਖੁੱਦਾ ਹੋ ਰਹੇ ਪੀੜਤ ਪਰਿਵਾਰ ਦੇ ਮੁਖੀ ਨੰਦੂ ਨੇ ਦੱਸਿਆ ਕਿ ਉਹ ਕਿਰਾਏ ਤੇ ਲੈਕੇ ਥ੍ਰੀ ਵ੍ਹੀਲਰ ਚਲਾ ਕੇ ਗੁਜ਼ਰ ਗੁਜ਼ਾਰਾ ਕਰ ਰਿਹਾ ਹੈ ਪਰੰਤੂ ਜੇਕਰ ਕਿਸੇ ਕਾਰਨ ਦੋ ਚਾਰ ਦਿਹਾੜੀਆਂ ਟੁੱਟ ਜਾਣ ਤਾਂ ਉਨ੍ਹਾਂ ਦਾ ਕਚੂੰਮਰ ਨਿਕਲ ਜਾਂਦਾ ਹੈ ਤੇ ਕਈ ਵਾਰ ਤਾਂ ਉਹਨਾਂ ਨੂੰ ਭੁਖਿਆਂ ਵੀ ਸੌਣਾ ਪੈਂਦਾ ਹੈ। ਇਸ ਲਈ ਇੱਕ ਵਾਰ ਫਿਰ ਤੋਂ ਇਸ ਪਰਿਵਾਰ ਨੇ ਵੱਖ - ਵੱਖ ਸੰਸਥਾਵਾਂ ਤੇ ਸਰਕਾਰ ਤੋਂ ਮੰਗ ਕੀਤੀ ਕਿ ਉਨ੍ਹਾਂ ਨੂੰ ਇੱਕ ਜਾਂ ਦੋ ਪੱਕੇ ਮਕਾਨ ਬਣਾ ਕੇ ਦਿੱਤੇ ਜਾਣ ਤਾਂ ਕਿ ਉਹ ਵੀ ਸਿਰਾਣੇ ਥੱਲੇ ਬਾਂਹ ਦੇ ਕੇ ਸੌਂ ਸਕਣ। ਇਸ ਖਬਰ ਦੇ ਸਬੰਧ ਵਿੱਚ ਜਦੋਂ ਕਿਲਾ ਜੀਵਨ ਸਿੰਘ ਦੇ ਸਰਪੰਚ ਬਲਜਿੰਦਰ ਸਿੰਘ ਬਾਊ ਨਾਲ ਫੋਨ ਤੇ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਅਸੀਂ ਇਸ ਪਰਿਵਾਰ ਦਾ ਮਕਾਨ ਪਹਿਲ ਦੇ ਆਧਾਰ ਤੇ ਪਾਵਾਂਗੇ ਤੇ ਜਲਦੀ ਹੀ ਇਸ ਪਰਿਵਾਰ ਦੀ ਹੋਰ ਵੀ ਸਹਾਇਤਾ ਕੀਤੀ ਜਾਵੇਗੀ। ਇਸ ਮੌਕੇ ਤੇ ਸਮਾਜ ਸੇਵਕ ਤੇ ਰਾਧਾ ਸਵਾਮੀ ਭੁਪਿੰਦਰ ਸਿੰਘ ਸੂਏਵਾਲਾ, ਸੰਦੀਪ ਸਿੰਘ ਛੀਨਾਂ, ਬਲਜਿੰਦਰ ਸਿੰਘ ਛੀਨਾਂ, ਡਾਕਟਰ ਦਲੇਰ ਸਿੰਘ ਜੌਹਲ, ਵਰਿੰਦਰਜੀਤ ਸਿੰਘ ਢੋਟ, ਚੇਅਰਮੈਨ ਨਵਤੇਜ ਸਿੰਘ ਅਮਰਕੋਟ, ਮਨਦੀਪ ਸਿੰਘ ਜੋਸਨ, ਸੋਨੂੰ ਜੋਸਨ ਤੇ ਇਲਾਕੇ ਦੇ ਲੋਕਾਂ ਨੇ ਸਰਕਾਰ ਤੋਂ ਹੋਰ ਸਮਾਜਿਕ ਸੰਸਥਾਵਾਂ ਤੋਂ ਮੰਗ ਕੀਤੀ ਕਿ ਇਸ ਗਰੀਬ ਪਰਿਵਾਰ ਜੋ ਸ਼ਿਡਊਲਡ ਕਾਸਟ ਬਰਾਦਰੀ ਨਾਲ ਸਬੰਧ ਰੱਖਦੇ ਹਨ ਦੀ ਸਹਾਇਤਾ ਲਈ ਅੱਗੇ ਆਉਣ ਤਾਂ ਕਿ ਇਹ ਪਰਿਵਾਰ ਵੀ ਸੁਖ ਦੀ ਨੀਂਦ ਸੌਂ ਸਕੇ। ਇਸ ਮੌਕੇ ਤੇ ਗਰੀਬ ਪਰਿਵਾਰ ਨੇ ਆਪਣੀ ਬੈਂਕ ਦਾ ਖਾਤਾ ਨੰਬਰ 630910510000750 ਤੇ ਆਈਐਫਸੀ ਕੋਡ B K I D 0006309 ਵੀ ਪੱਤਰਕਾਰਾਂ ਨਾਲ ਸਾਂਝਾ ਕੀਤਾ ਤੇ ਦਾਨੀ ਸੱਜਣਾਂ ਨੂੰ ਅਪੀਲ ਕੀਤੀ ਕਿ ਉਹ ਉਨ੍ਹਾਂ ਦੀ ਆਰਥਿਕ ਮਦਦ ਕਰਨ।


ਸੂਰਾ ਸੋ ਪਹਿਚਾਨੀਐ ਜੁ ਲਰੈ ਦੀਨ ਕੇ ਹੇਤ ॥
ਪੁਰਜਾ ਪੁਰਜਾ ਕਟਿ ਮਰੈ ਕਬਹੂ ਨ ਛਾਡੈ ਖੇਤੁ ॥
ਸੱਦਾ ਪੱਤਰ
ਸਤਿਕਾਰ ਯੋਗ ਸਮੂਹ ਖ਼ਾਲਸਾ ਪੰਥ ਜੀਓ
ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ ।
ਦੋਆਬੇ ਦਾ ਮਾਣ
ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ
ਦੀ ਯਾਦ ਨੂੰ ਤਾਜਾ ਕਰਦਿਆਂ
ਦੂਜਾ ਸ਼ਹੀਦੀ ਸਮਾਗਮ
ਆਵਾਜ਼ਿ ਕੌਮ AWAZE QAUM International Newspaper & WEB TV
29 ਜੂਨ 2025 ਐਤਵਾਰ
ਪਿੰਡ ਖੋਸਾ (ਜਲੰਧਰ)
(ਗੁ: ਸੱਤਵੀਂ ਪਾਤਸ਼ਾਹੀ ਸ੍ਰੀ ਗੁਰੂ ਹਰਿਰਾਏ ਸਾਹਿਬ ਜੀ)
(ਨੇੜੇ ਲੋਹੀਆਂ ਖਾਸ) ਆਪ ਜੀ ਨੂੰ ਪਹੁੰਚਣ ਲਈ ਹਾਰਦਿਕ ਸੱਦਾ ਦਿੱਤਾ ਜਾਂਦਾ ਹੈ
27 ਜੂਨ 2025 | ਅਰੰਭ ਸ੍ਰੀ ਅਖੰਡ ਪਾਠ ਸਾਹਿਬ ਜੀ 10 ਵਜੇ ਸਵੇਰੇ
29 ਜੂਨ 2025 | ਭੋਗ ਸ੍ਰੀ ਅਖੰਡ ਪਾਠ ਸਾਹਿਬ ਜੀ 10 ਵਜੇ ਸਵੇਰੇ
ਉਪਰੰਤ ਦੀਵਾਨ ਸਜਾਏ ਜਾਣਗੇ
ਨੋਟ: ਪੰਥਕ ਬੁਲਾਰੇ ਵੀ ਸੰਗਤਾਂ ਦੇ ਦਰਸ਼ਨ ਕਰਨਗੇ
ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਦੀ ਯਾਦ ਵਿੱਚ ਖੂਨਦਾਨ ਕੈਂਪ ਵੀ ਲਗਾਇਆ ਜਾਵੇਗਾ
ਬੇਨਤੀ ਕਰਤਾ
ਜਲਾਵਤਨੀ ਭਾਈ ਪ੍ਰਗਟ ਸਿੰਘ "ਜਰਮਨੀ" ਨਿੱਝਰ ਸਾਬ ਦੇ ਨਜ਼ਦੀਕੀ ਸਾਥੀ

ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ

# ਐਮਰਜੈਂਸੀ ਵਿਰੁੱਧ ਅੱਜ ਕਰਵਾਏ ਗਏ ਕਾਲਾ ਦਿਵਸ ਸਮਾਗਮ ਕੁਰੂਕਸ਼ੇਤਰ ਯੂਨੀਵਰਸਿਟੀ ਵਿੱਚ ਜਥੇਦਾਰ ਦਾਦੂਵਾਲ ਜੀ ਨੇ ਕੇਂਦਰ ਸਰਕਾਰ ਨੂੰ ਕੀਤੀ ਅਪੀਲ

























(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਕੁਰੂਕਸ਼ੇਤਰ, 26 ਜੂਨ (ਆਵਾਜ਼ਿ ਕੌਮ ਬਿਊਰੋ)- ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਤਤਕਾਲੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਵੱਲੋਂ ਸੰਨ 1975 ਵਿੱਚ ਆਪਣੀ ਕੁਰਸੀ ਬਚਾਉਣ ਲਈ ਲਗਾਈ ਗਈ ਐਮਰਜੈਂਸੀ ਵਿਰੁੱਧ ਕਾਲਾ ਦਿਵਸ ਕੁਰੂਕਸ਼ੇਤਰਾ ਯੂਨੀਵਰਸਿਟੀ ਵਿਖੇ ਅੱਜ ਮਨਾਇਆ ਗਿਆ ਜਿਸ ਵਿੱਚ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਜਗਦੀਸ਼ ਸਿੰਘ ਝੀਂਡਾ,ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ,ਐਮਰਜੈਂਸੀ ਦੌਰਾਨ 22 ਮਹੀਨਿਆਂ ਦੀ ਜੇਲ ਕੱਟਣ ਵਾਲੇ ਪ੍ਰੋਫੈਸਰ ਪ੍ਰੇਮ ਸਿੰਘ ਚੰਦੂਮਾਜਰਾ,ਸਾਬਕਾ ਵਾਈਸ ਚਾਂਸਲਰ ਡੀਡੀ ਸਿੰਘ ਸੰਧੂ ,ਜਥੇਦਾਰ ਗੁਰਚਰਨ ਸਿੰਘ ਟੌਹੜਾ ਦੇ ਦੋਹਤਰੇ ਕੰਵਰਬੀਰ ਸਿੰਘ ਟੌਹੜਾ,ਸਰਦਾਰ ਪਰਮਿੰਦਰ ਸਿੰਘ ਢੀਡਸਾ ਅਤੇ ਹੋਰ ਆਗੂਆਂ ਨੇ ਸੰਬੋਧਨ ਕੀਤਾ,ਹਾਜ਼ਰ ਸਿੱਖ ਸੰਗਤਾਂ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਐਮਰਜੈਂਸੀ ਵਿਰੁੱਧ ਕਾਲਾ ਦਿਵਸ ਸਮਾਗਮ ਮਨਾਇਆ ਗਿਆ

# *ਇੰਦਰਾ ਗਾਂਧੀ ਇੰਟਰਨੈਸ਼ਨਲ ਏਅਰਪੋਰਟ ਦਿੱਲੀ ਦਾ ਨਾਮ ਬਦਲ ਕੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਇੰਟਰਨੈਸ਼ਨਲ ਏਅਰਪੋਰਟ ਦਿੱਲੀ ਰੱਖਿਆ ਜਾਵੇ- ਜਥੇਦਾਰ ਦਾਦੂਵਾਲ


























ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243


ਸੂਰਾ ਸੋ ਪਹਿਚਾਨੀਐ ਜੁ ਲਰੈ ਦੀਨ ਕੇ ਹੇਤ ॥
ਪੁਰਜਾ ਪੁਰਜਾ ਕਟਿ ਮਰੈ ਕਬਹੂ ਨ ਛਾਡੈ ਖੇਤੁ ॥
ਸੱਦਾ ਪੱਤਰ
ਸਤਿਕਾਰ ਯੋਗ ਸਮੂਹ ਖ਼ਾਲਸਾ ਪੰਥ ਜੀਓ
ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ ।
ਦੋਆਬੇ ਦਾ ਮਾਣ
ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ
ਦੀ ਯਾਦ ਨੂੰ ਤਾਜਾ ਕਰਦਿਆਂ
ਦੂਜਾ ਸ਼ਹੀਦੀ ਸਮਾਗਮ
ਆਵਾਜ਼ਿ ਕੌਮ AWAZE QAUM International Newspaper & WEB TV
29 ਜੂਨ 2025 ਐਤਵਾਰ
ਪਿੰਡ ਖੋਸਾ (ਜਲੰਧਰ)
(ਗੁ: ਸੱਤਵੀਂ ਪਾਤਸ਼ਾਹੀ ਸ੍ਰੀ ਗੁਰੂ ਹਰਿਰਾਏ ਸਾਹਿਬ ਜੀ)
(ਨੇੜੇ ਲੋਹੀਆਂ ਖਾਸ) ਆਪ ਜੀ ਨੂੰ ਪਹੁੰਚਣ ਲਈ ਹਾਰਦਿਕ ਸੱਦਾ ਦਿੱਤਾ ਜਾਂਦਾ ਹੈ
27 ਜੂਨ 2025 | ਅਰੰਭ ਸ੍ਰੀ ਅਖੰਡ ਪਾਠ ਸਾਹਿਬ ਜੀ 10 ਵਜੇ ਸਵੇਰੇ
29 ਜੂਨ 2025 | ਭੋਗ ਸ੍ਰੀ ਅਖੰਡ ਪਾਠ ਸਾਹਿਬ ਜੀ 10 ਵਜੇ ਸਵੇਰੇ
ਉਪਰੰਤ ਦੀਵਾਨ ਸਜਾਏ ਜਾਣਗੇ
ਨੋਟ: ਪੰਥਕ ਬੁਲਾਰੇ ਵੀ ਸੰਗਤਾਂ ਦੇ ਦਰਸ਼ਨ ਕਰਨਗੇ
ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਦੀ ਯਾਦ ਵਿੱਚ ਖ਼ੂਨਦਾਨ ਕੈਂਪ ਵੀ ਲਗਾਇਆ ਜਾਵੇਗਾ
ਬੇਨਤੀ ਕਰਤਾ
ਭਾਈ ਸੁਰਿੰਦਰ ਸਿੰਘ ਯੂ.ਐੱਸ.ਏ "ਜਥਾ ਠੀਕਰੀਵਾਲ"




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਨਸ਼ਾ ਛੁੜਾਓ ਕੇਂਦਰ ਵਿੱਚ ਮਨਾਇਆ ਗਿਆ

# ਵਿਸ਼ਵ ਨਸ਼ਾ ਵਿਰੋਧੀ ਅਤੇ ਤਸਕਰੀ ਵਿਰੋਧੀ ਦਿਵਸ



**ਪਠਾਨਕੋਟ, 26 ਜੂਨ (ਆਵਾਜ਼ਿ ਕੌਮ ਬਿਊਰੋ)**-ਜ਼ਿਲਾ ਕਾਨੂੰਨੀ ਸੇਵਾਵਾਂ ਅਥਾਰਟੀ ਪਠਾਨਕੋਟ ਦੇ ਸਕੱਤਰ ਕਮ ਸੀ ਜੇ ਐਮ ਰੁਪਿੰਦਰ ਸਿੰਘ ਦੇ ਨਿਰਦੇਸ਼ਾਂ ਅਨੁਸਾਰ ਨਸ਼ਾ ਛੁਡਾਓ ਕੇਂਦਰ ਪਠਾਨਕੋਟ ਵਿਖੇ ਡਾਕਟਰ ਸਤਿਆਰਥ ਜਾਂਗਲੀ ਦੀ ਅਗਵਾਈ ਵਿੱਚ ਵਿਸ਼ਵ ਨਸ਼ਾ ਵਿਰੋਧੀ ਅਤੇ ਤਸਕਰੀ ਵਿਰੋਧੀ ਦਿਵਸ ਮਨਾਇਆ ਗਿਆ, ਜਿਸ ਵਿੱਚ ਪੈਨਲ ਲੋਇਰ ਐਡਵੋਕੇਟ ਰੋਮਿਕਾ, ਪੀਐਲਵੀ ਵਿਨੋਦ ਕੁਮਾਰ ਅਤੇ ਡਾਕਟਰ ਸਾਕਸ਼ੀ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ, ਇਸ ਮੌਕੇ ਤੇ ਡਾਕਟਰ ਸਾਕਸ਼ੀ ਨੇ ਕਿਹਾ ਕਿ ਸਰਕਾਰ ਵੱਲੋਂ ਯੁੱਧ ਨਸ਼ੇ ਵਿਰੁੱਧ ਮੁਹਿਮ ਦੇ ਤਹਿਤ ਨਸ਼ਾ ਛੁਡਾਓ ਕੇਂਦਰਾਂ ਵਿੱਚ ਭਟਕੇ ਯੁਵਕਾਂ ਨੂੰ ਦਾਖਿਲ ਕੀਤਾ ਜਾ ਰਿਹਾ ਹੈ, ਤਾਂ ਜੋ ਉਹ ਸਿਹਤਮੰਦ ਹੋ ਕੇ ਆਪਣੇ ਪਰਿਵਾਰ ਨਾਲ ਖੁਸ਼ਹਾਲ ਜੀਵਨ ਬਤੀਤ ਕਰ ਸਕਣ, ਇਸ ਮੌਕੇ ਤੇ ਐਡਵੋਕੇਟ ਰੋਮਿਕਾ ਅਤੇ ਪੀਐਲਵੀ ਵਿਨੋਦ ਕੁਮਾਰ ਨੇ ਦੱਸਿਆ ਕਿ ਨਸ਼ਾ ਛੁਡਾਓ ਕੇਂਦਰ ਵਿੱਚ ਨਸ਼ਾ ਪੀੜਤਾਂ ਨੂੰ ਮੁਫਤ ਵਿੱਚ ਕਾਨੂੰਨੀ ਸਹਾਇਤਾ ਦਿੱਤੀ ਜਾਂਦੀ ਹੈ ਜਿਸ ਵਿੱਚ ਉਹਨਾਂ ਨੂੰ ਮੁਫਤ ਵਿੱਚ ਵਕੀਲ ਦੇ ਕੇ ਉਨਾਂ ਦਾ ਹਰ ਤਰ੍ਹਾਂ ਦਾ ਕੇਸ ਲੜਿਆ ਜਾਂਦਾ ਹੈ, ਤਾਂ ਜੋ ਉਹ ਇਨਸਾਫ ਤੋਂ ਵਾਂਝੇ ਨਾ ਰਹਿ ਸਕਣ, ਉਹਨਾਂ ਦੱਸਿਆ ਕਿ ਉਨਾਂ ਦੇ ਜ਼ਿਲਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਪੀਐਲਵੀ ਹਰ ਵੀਰਵਾਰ ਨੂੰ ਨਸ਼ਾ ਛੁਡਾਓ ਕੇਂਦਰ ਵਿੱਚ ਆਉਂਦੇ ਹਨ, ਜਿਨਾਂ ਕੋਲੋਂ ਮੁਫਤ ਕਾਨੂੰਨੀ ਸਹਾਇਤਾ ਪ੍ਰਾਪਤ ਕੀਤੀ ਜਾ ਸਕਦੀ ਹੈ। ਉਹਨਾਂ ਦੱਸਿਆ ਕਿ ਟੋਲ ਫਰੀ ਨੰਬਰ 15100 ਤੇ ਵੀ ਮੁਫਤ ਕਾਨੂੰਨੀ ਸਹਾਇਤਾ ਪ੍ਰਾਪਤ ਕੀਤੀ ਜਾ ਸਕਦੀ ਹੈ।

ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੋਹਣ ਦੇ

# ਵਿਦਿਆਰਥੀਆ ਦਾ ਵਰਚੁਅਲ ਸਮਰ ਕੈਂਪ ਸਮਾਪਤ



**ਹੁਸ਼ਿਆਰਪੁਰ, 26 ਜੂਨ (ਆਵਾਜ਼ਿ ਕੌਮ ਬਿਊਰੋ)**-ਵਿਦਿਆਰਥੀਆ ਦੇ ਸਰਵ ਪੱਖੀ ਵਿਕਾਸ ਨੂੰ ਯਕੀਨੀ ਬਣਾਉਣ ਵਾਸਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੋਹਣ ਦੇ ਵਿਦਿਆਰਥੀਆਂ ਦਾ ਇੱਕ ਵਰਚੂਅਲ (ਆਨਲਾਈਨ) 10 ਦਿਨਾਂ ਸਮਰ ਕੈਂਪ ਦਾ ਆਯੋਜਨ ਅੰਗ੍ਰੇਜ਼ੀ ਲੈਕਚਰਾਰ ਮੁਨੀਸ਼ ਮੌਦਗਿਲ ਵਲੋਂ ਕੀਤਾ ਗਿਆ। ਪ੍ਰਿੰਸੀਪਲ ਮਲਕੀਤ ਕੌਰ ਦੀ ਦੇਖ ਰੇਖ ਅਧੀਨ ਲਗਾਏ ਗਏ ਇਸ ਕੈਂਪ ਵਿੱਚ ਗਿਆਰਵੀਂ ਅਤੇ ਬਾਰ੍ਹਵੀਂ ਜਮਾਤ ਦੇ ਲਗਭਗ 90 ਵਿਦਿਆਰਥੀਆਂ ਨੇ ਭਾਗ ਲਿਆ। ਇਸ ਕੈਂਪ ਦੌਰਾਨ ਵਿਦਿਆਰਥੀਆਂ ਦੇ ਸਰਵ ਪੱਖੀ ਵਿਕਾਸ ਨਾਲ ਸੰਬੰਧਿਤ ਵੱਖ ਵੱਖ ਤਰ੍ਹਾਂ ਦੀਆਂ 10 ਉਸਾਰੂ ਗਤੀਵਿਧੀਆਂ ਕਾਰਵਾਈਆਂ ਗਈਆਂ। ਲੈਕਚਰਾਰ ਮੁਨੀਸ਼ ਮੌਦਗਿਲ ਨੇ ਦੱਸਿਆ ਕਿ 5 ਜੂਨ ਵਿਸ਼ਵ ਵਾਤਾਵਰਣ ਦਿਵਸ ਮੌਕੇ ਪੌਦੇ ਲਗਵਾਉਣ ਤੋਂ ਸ਼ੁਰੂ ਕੀਤੇ ਇਸ ਕੈਂਪ ਦੌਰਾਨ ਚਾਰਟ ਬਣਾਉਣ, ਮਹਿੰਦੀ ਲਗਾਉਣ, ਯੋਗਾ ਕਰਨ, ਖਾਣਾ ਬਣਾਉਣ, ਸਲਾਦ ਡੈਕੋਰੇਸ਼ਨ, ਬੈਸਟ ਆਊਟ ਆਫ ਵੇਸਟ, ਇੰਗਲਿਸ਼ ਸਪੀਕਿੰਗ, ਕੁਇਜ਼ ਆਦਿ ਗਤੀਵਿਧੀਆਂ ਕਰਵਾਈਆਂ ਗਈਆਂ। ਸਮੂਹ ਵਿਦਿਆਰਥੀਆਂ ਨੇ ਇਸ ਕੈਂਪ ਵਿੱਚ ਵੱਧ ਚੜ੍ਹ ਕੇ ਹਿੱਸਾ ਲਿਆ ਅਤੇ ਆਪਣੀਆਂ ਵੱਡੀਆਂ ਗਤੀਵਿਧੀਆਂ ਦੀਆਂ ਫੋਟੋਜ਼ ਅਤੇ ਵੀਡੀਓਜ਼ ਕੈਂਪ ਦੇ ਆਨਲਾਈਨ ਗੂਗਲ ਕਲਾਸ ਰੂਮ ਤੇ ਅੱਪਲੋਡ ਕੀਤੀਆ। ਮੁਨੀਸ਼ ਮੌਦਗਿਲ ਨੇ ਦੱਸਿਆ ਕਿ ਇਹਨਾਂ ਆਨਲਾਈਨ ਗਤੀਵਿਧੀਆਂ ਦਾ ਮੁਲਾਂਕਣ ਵੀ ਆਨਲਾਈਨ ਹੀ ਕੀਤਾ ਗਿਆ। ਇਸ ਕੈਂਪ ਵਿੱਚ ਗਿਆਰਵੀਂ ਜਮਾਤ ਦੇ ਵਿਦਿਆਰਥੀਆਂ ਗੁਰਲੀਨ ਕੌਰ ਟੂਰਾ, ਕ੍ਰਿਸ਼ਨਾ ਅਤੇ ਪੁਸ਼ਕਰ ਨੇ ਸਾਰੀਆ ਗਤੀਵਿਧੀਆਂ ਵਿੱਚ ਭਾਗ ਲੈ ਕੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਸਰਾ ਸਥਾਨ ਹਾਸਲ ਕੀਤਾ, ਜਦਕਿ ਨਿਕਿਤਾ ਕੌਰ, ਦੀਆ ਬੈਂਸ, ਪ੍ਰੀਤ ਇੰਦਰ ਕੌਰ ਅਤੇ ਲਵਪ੍ਰੀਤ ਲੋਈ ਨੇ ਵੀ ਵਧੀਆ ਪ੍ਰਦਰਸ਼ਨ ਕੀਤਾ। ਇਸੇ ਪ੍ਰਕਾਰ ਬਾਰ੍ਹਵੀਂ ਜਮਾਤ ਵਿੱਚੋਂ ਜੈਸਮੀਨ ਭਾਟੀਆ ਅਤੇ ਰੌਸ਼ਨੀ ਨੇ ਸਾਰੀਆ ਗਤੀਵਿਧੀਆਂ ਵਿੱਚ ਭਾਗ ਲੈ ਕੇ ਕ੍ਰਮਵਾਰ ਪਹਿਲਾ ਅਤੇ ਦੂਜਾ ਸਥਾਨ ਜਦ ਕਿ ਮੋਹਿਤ ਅਤੇ ਪ੍ਰਭਜੋਤ ਸਿੰਘ ਨੇ ਸੰਯੁਕਤ ਤੌਰ ਤੇ ਤੀਸਰਾ ਸਥਾਨ ਹਾਸਲ ਕੀਤਾ। ਵਧੀਆ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਛੁੱਟੀਆਂ ਦੌਰਾਨ ਹੀ ਸਕੂਲ ਵਿੱਚ ਆਯੋਜਿਤ ਇੱਕ ਸਧਾਰਨ ਸਮਾਰੋਹ ਦੌਰਾਨ ਸਨਮਾਨਿਤ ਕੀਤਾ ਗਿਆ। ਇਸ ਮੌਕੇ ਲੈਕਚਰਾਰ ਪ੍ਰਭਜੋਤ ਸਿੰਘ, ਪੰਜਾਬੀ ਅਧਿਆਪਕ ਹਰਮੇਸ਼ ਕੁਮਾਰੀ, ਅੰਗਰੇਜੀ ਅਧਿਆਪਕ ਅਮਨਪ੍ਰੀਤ ਕੌਰ, ਕੰਪਿਊਟਰ ਫੈਕਲਟੀ ਸੀਮਾ, ਲਾਇਬ੍ਰੇਰੀਅਨ ਜਸਵਿੰਦਰ ਸਿੰਘ ਤੋਂ ਇਲਾਵਾ ਗੁਰਮੇਲ ਸਿੰਘ, ਸੋਨੀ ਅਤੇ ਬਲਵੀਰ ਕੁਮਾਰ ਵੀ ਹਾਜਰ ਸਨ।

**ਵਿਦਿਆਰਥੀਆ ਨੇ ਅਪਲੋਡ ਕੀਤੀਆ ਆਨਲਾਈਨ ਗਤੀਵਿਧੀਆਂ ਦੀਆਂ ਫੋਟੋਜ਼ ਅਤੇ ਵੀਡੀਓਜ਼**

ਜ਼ਿਲ੍ਹਾ ਪ੍ਰਸ਼ਾਸਨ ਅਤੇ ਉਦਯੋਗਿਕ ਵਿਭਾਗ ਵੱਲੋਂ ਨਿਵੇਸ਼ਕਾਂ ਨੂੰ ਸਮੇਂ ਸਿਰ ਸੇਵਾਵਾਂ ਦੇਣ 'ਤੇ ਜ਼ੋਰ - ਡਾ: ਪ੍ਰੀਤੀ ਯਾਦਵ

# ਮਿੱਥੇ ਸਮੇਂ 'ਚ ਕੇਸਾਂ ਦਾ ਨਿਪਟਾਰਾ ਕਰਨ ਦੀ ਹਦਾਇਤ

**ਪਟਿਆਲਾ 26 ਜੂਨ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਦੀ ਨਵੀਨ ਉਦਯੋਗਿਕ ਨੀਤੀ ਅਧੀਨ ਸਮੂਹ ਵਿਭਾਗਾਂ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਨਿਵੇਸ਼ਕਾਂ ਨੂੰ ਪੂਰੀ ਸਹੂਲਤ ਅਤੇ ਸਮੇਂ ਸਿਰ ਸੇਵਾ ਪ੍ਰਦਾਨ ਕੀਤੀ ਜਾਵੇ । ਇਸ ਗੱਲ ਦਾ ਪ੍ਰਗਟਾਵਾ ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ: ਪ੍ਰੀਤੀ ਯਾਦਵ ਨੇ ਇਨਵੈਸਟ ਪੰਜਾਬ ਦੀ ਵਿਸ਼ੇਸ਼ ਮੀਟਿੰਗ ਦੌਰਾਨ ਕੀਤਾ । ਇਸ ਮੌਕੇ ਉਹਨਾਂ ਦੇ ਨਾਲ ਵਧੀਕ ਡਿਪਟੀ ਕਮਿਸ਼ਨਰ (ਯੂ ਡੀ) ਨਵਰੀਤ ਕੌਰ ਸੇਖੋਂ ਅਤੇ ਜ਼ਿਲ੍ਹਾ ਉਦਯੋਗ ਕੇਂਦਰ ਦੇ ਮੈਨੇਜਰ ਅੰਗਦ ਸਿੰਘ ਸੋਹੀ ਵੀ ਸਨ । ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਸ ਮੀਟਿੰਗ ਦਾ ਮੁੱਖ ਮੰਤਵ ਜ਼ਿਲ੍ਹੇ ਵਿੱਚ ਉਦਯੋਗਿਕ ਨਿਵੇਸ਼ ਦੀ ਰਫ਼ਤਾਰ ਨੂੰ ਤੇਜ ਕਰਨਾ ਅਤੇ ਇਨਵੈਸਟ ਪੰਜਾਬ ਪੋਰਟਲ ਉਪਰ ਅਪਲਾਈ ਕੀਤੇ ਨਿਵੇਸ਼ਕਾਂ ਦੇ ਕੇਸਾਂ ਨੂੰ ਸਮਾਂਬੱਧ ਨਿਪਟਾਰੇ ਕਰਨਾ ਹੈ। ਮੀਟਿੰਗ ਦੌਰਾਨ ਹਰੇਕ ਵਿਭਾਗ ਨੇ ਆਪਣੇ ਮੌਜੂਦਾ ਕਾਰਜਾਂ ਦੀ ਸੰਖੇਪ ਰਿਪੋਰਟ ਪੇਸ਼ ਕੀਤੀ ਅਤੇ ਨਿਵੇਸ਼ਕਾਂ ਨੂੰ ਆ ਰਹੀਆਂ ਰੁਕਾਵਟਾਂ ' ਤੇ ਵਿਚਾਰ ਵਟਾਂਦਰਾ ਕੀਤਾ ਗਿਆ । ਡਿਪਟੀ ਕਮਿਸ਼ਨਰ ਨੇ ਸਮੂਹ ਵਿਭਾਗਾਂ ਨੂੰ ਨਿਰਦੇਸ਼ ਦਿੰਦਿਆਂ ਕਿਹਾ ਕਿ ਇਨਵੈਸਟ ਪੰਜਾਬ ਪਲੇਟਫਾਰਮ ਰਾਹੀਂ ਕੇਸਾਂ ਦੀ ਨਿਗਰਾਨੀ ਮਿੱਥੇ ਸਮੇਂ ਵਿੱਚ ਕਰਕੇ ਐਨ.ਓ.ਸੀ. ਪ੍ਰਦਾਨ ਕੀਤੇ ਜਾਣ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਉਦਯੋਗਿਕ ਵਿਕਾਸ ਲਈ ਉਚਿਤ ਮਾਹੌਲ ' ਤੇ ਸਰਲ ਨੀਤੀਆਂ ਲਾਗੂ ਕੀਤੀਆਂ ਗਈਆਂ ਹਨ, ਜਿਹਨਾਂ ਦਾ ਉਦੇਸ਼ ਰੋਜ਼ਗਾਰ ਦੇ ਨਵੇਂ ਮੌਕੇ ਦੇਣਾ ਹੈ ਤਾਂ ਕਿ ਨਿਵੇਸ਼ਕਾਂ ਨੂੰ ਕਿਸੇ ਮੁਸ਼ਕਿਲ ਦਾ ਸਾਹਮਣਾ ਨਾ ਕਰਨਾ ਪਵੇ। ਇਸ ਮੌਕੇ ਲੇਬਰ ਵਿਭਾਗ (ਡਾਇਰੈਕਟਰ ਆਫ ਫੈਕਟਰੀਜ਼) ਹੋਮ ਅਫੇਅਰਜ਼, ਇੰਡੀਸਟ੍ਰੀਜ਼ ਐਂਡ ਕਾਮਰਸ, ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ, ਲੇਬਰ ਵਿਭਾਗ, ਕਰ ਵਿਭਾਗ, ਹੈਲਥ ਐਂਡ ਡਰੱਗ ਵਿਭਾਗਾਂ ਦੇ ਅਧਿਕਾਰੀ ਅਤੇ ਕਰਮਚਾਰੀ ਹਾਜ਼ਰ ਸਨ । ਇਹਨਾਂ ਵੱਲੋਂ ਨਿਵੇਸ਼ਕਾਂ ਦੇ ਮਸਲੇ ਵਿਚਾਰੇ ਗਏ ਅਤੇ ਇਹਨਾਂ ਦੇ ਤੁਰੰਤ ਨਿਪਟਾਰੇ ਲਈ ਕਾਰਵਾਈ ਅਮਲ ਵਿੱਚ ਲਿਆਂਦੀ ਗਈ ।

# ਨਜਾਇਜ ਪਿਸਟਲ, 2 ਜ਼ਿੰਦਾ ਰੌਂਦ ਤੇ ਹੈਰੋਇਨ ਸਮੇਤ ਨੌਜਵਾਨ ਗ੍ਰਿਫਤਾਰ




**ਚੌਂਕ ਮਹਿਤਾ, 26 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਥਾਣਾ ਮਹਿਤਾ ਦੀ ਪੁਲੀਸ ਨੇ ਇਕ ਨੌਜਵਾਨ ਨੂੰ ਨਜਾਇਜ ਪਿਸਟਲ ਅਤੇ ਹੈਰੋਇਨ ਸਮੇਤ ਗ੍ਰਿਫਤਾਰ ਕੀਤਾ ਹੈ। ਜਾਣਕਾਰੀ ਮੁਤਾਬਿਕ ਐੱਸ.ਐੱਚ.ਓ. ਹਰਪਾਲ ਸਿੰਘ ਨੇ ਦੱਸਿਆ ਕਿ ਏ.ਐੱਸ.ਆਈ. ਬਲਕਾਰ ਸਿੰਘ, ਹਵਾਲਦਾਰ ਨਿਰਵੈਰ ਸਿੰਘ ਤੇ ਕਾਂਸਟੇਬਲ ਗੁਰਪ੍ਰੀਤ ਸਿੰਘ ਨੇ ਸਾਥੀ ਮੁਲਾਜਮਾਂ ਸਮੇਤ ਗੁਰਦੁਆਰਾ ਚੇਲੇਆਣਾ ਸਾਹਿਬ ਨੇੜੇ ਪਿੰਡ ਮਹਿਸਮਪੁਰ ਖੁਰਦ ਦੀ ਡਰੇਨ ਦੇ ਪੁਲ ਉਪਰ ਨਾਕਾਬੰਦੀ ਕੀਤੀ ਸੀ। ਜਿਸ ਦੌਰਾਨ ਇੱਕ ਬਿਨਾ ਨੰਬਰੀ ਮੋਟਰਸਾਈਕਲ ਤੇ ਸਵਾਰ ਨੌਜਵਾਨ ਨੂੰ ਰੁੱਕਣ ਦਾ ਇਸ਼ਾਰਾ ਕੀਤਾ ਤਾਂ ਉਸ ਨੇ ਪੁਲਿਸ ਪਾਰਟੀ ਨੂੰ ਦੇਖ ਕੇ ਮੋਟਰਸਾਈਕਲ ਭਜਾਉਣ ਦੀ ਕੋਸ਼ਿਸ਼ ਕੀਤੀ, ਪਰ ਮੁਲਾਜਮਾਂ ਦੇ ਵੱਲੋਂ ਮੁਸਤੈਦੀ ਨਾਲ ਉਸ ਨੂੰ ਕਾਬੂ ਕੇ ਲਿਆ ਗਿਆ। ਪੁੱਛਗਿੱਛ ਕਰਨ ਤੇ ਉਕਤ ਨੌਜਵਾਨ ਨੇ ਆਪਣਾ ਨਾਮ ਸੋਨੀ ਸਿੰਘ ਉਰਫ ਸੋਨੂੰ ਪੁੱਤਰ ਨਿਰਮਲ ਸਿੰਘ ਵਾਸੀ ਨਵਾਂ ਤਨੇਲ ਥਾਣਾ ਮੱਤੇਵਾਲ ਦੱਸਿਆ, ਤਲਾਸ਼ੀ ਲੈਣ ਤੇ ਉਸ ਦੇ ਕੋਲੋਂ ਇੱਕ 32 ਬੋਰ ਪਿਸਟਲ, 2 ਜਿੰਦਾ ਰੌਂਦ, ਇਕ ਮੈਗਜੀਨ ਅਤੇ ਮੋਟਰਸਾਈਕਲ ਦੀ ਹੈਡ ਲਾਈਟ ਵਿੱਚ ਲੁਕਾ ਕੇ ਰੱਖੀ 262 ਗ੍ਰਾਮ ਹੈਰੋਇਨ ਬਰਾਮਦ ਹੋਈ ਹੈ। ਐੱਸ.ਐੱਚ.ਓ. ਹਰਪਾਲ ਸਿੰਘ ਨੇ ਦੱਸਿਆ ਕਿ ਗ੍ਰਿਫਤਾਰ ਕੀਤੇ ਗਏ ਨੌਜਵਾਨ ਖਿਲਾਫ ਬੰਦਾ ਮੁਕਦਮਾਂ ਦਰਜ ਕਰਕੇ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

# ਮੁੱਖ ਸੇਵਾਦਾਰ ਭਾਈ ਤਰਲੋਚਨ ਸਿੰਘ ਸਠਿਆਲਾ ਨਾਲ ਦੁੱਖ ਦਾ ਪ੍ਰਗਟਾਵਾ



**ਚੌਂਕ ਮਹਿਤਾ, 25 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ )**-ਗੁ: ਬੁੰਗਾ ਛੇਵੀਂ ਪਾਤਸ਼ਾਹੀ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਸਠਿਆਲਾ ਦੇ ਮੁੱਖ ਸੇਵਾਦਾਰ ਭਾਈ ਤਰਲੋਚਨ ਸਿੰਘ ਦੇ ਸਤਿਕਾਰਯੋਗ ਮਾਤਾ ਮਹਿੰਦਰ ਕੌਰ (95) ਪਤਨੀ ਸਵ: ਸੂਬੇਦਾਰ ਜਗੀਰ ਸਿੰਘ ਆਪਣੇ ਸਵਾਸਾਂ ਦੀ ਪੂੰਜੀ ਪੂਰੀ ਕਰਕੇ ਵਾਹਿਗੁਰੂ ਜੀ ਦੇ ਚਰਨਾ 'ਚ ਜਾ ਬਿਰਾਜੇ ਹਨ ਇਸ ਮੌਕੇ ਤੇ ਮੁੱਖ ਸੇਵਾਦਾਰ ਭਾਈ ਤਰਲੋਚਨ ਸਿੰਘ, ਮਲਕੀਤ ਸਿੰਘ ਤੇ ਜ਼ੈਲਦਾਰ ਸਤਪਾਲ ਸਿੰਘ ਨਾਲ ਬਾਬਾ ਨਰਿੰਦਰ ਸਿੰਘ, ਬਾਬਾ ਪਲਵਿੰਦਰ ਸਿੰਘ, ਬਾਬਾ ਬਲਵਿੰਦਰ ਸਿੰਘ ਸੱਚੀਆ ਮਾਈਆਂ, ਗਿਆਨੀ ਸੁੱਚਾ ਸਿੰਘ , ਗਿਆਨੀ ਬੂਟਾ ਸਿੰਘ, ਸਰਪੰਚ ਗੁਰਜਿੰਦਰ ਸਿੰਘ, ਸਾ: ਸਰਪੰਚ ਦਲਵਿੰਦਰ ਸਿੰਘ, ਸਰਪੰਚ ਦਲਬੀਰ ਸਿੰਘ, ਸਰਪੰਚ ਚਰਨਜੀਤ ਸਿੰਘ ਭੱਟੀ, ਸੁਸਾਇਟੀ ਪ੍ਰਧਾਨ ਜਥੇ: ਗੁਰਮੁੱਖ ਸਿੰਘ ਡਾਂਗਾ, ਪ੍ਰਧਾਨ ਤੇਜਿੰਦਰ ਸਿੰਘ, ਕੋਚ ਦਲਜੀਤ ਸਿੰਘ, ਗੁ: ਬੁੰਗਾ ਸਾਹਿਬ ਪ੍ਰਬੰਧਕ ਕਮੇਟੀ ਦੇ ਸੇਵਾਦਾਰ ਆਦਿ ਵਲੋਂ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਇਸ ਮੌਕੇ ਤੇ ਮੁੱਖ ਸੇਵਾਦਾਰ ਭਾਈ ਤਰਲੋਚਨ ਸਿੰਘ ਨੇ ਦੱਸਿਆ ਹੈ ਕਿ ਮਾਤਾ ਮਹਿੰਦਰ ਕੌਰ ਦੀ ਆਤਮਿਕ ਸ਼ਾਂਤੀ ਲਈ ਸ੍ਰੀ ਅਖੰਡ ਪਾਠ ਦੇ ਭੋਗ 28 ਜੂਨ ਦਿਨ ਸ਼ਨੀਵਾਰ ਨੂੰ ਸਾਡੇ ਗ੍ਰਹਿ ਵਿਖੇ ਪਾਉਣ ਉਪਰੰਤ ਅੰਤਿਮ ਅਰਦਾਸ ਗੁ: ਬੁੰਗਾ ਸਾਹਿਬ ਸਠਿਆਲਾ ਵਿਖੇ ਦੁਪਹਿਰ ਬਾਅਦ ਹੋਵੇਗੀ।

# ਪੰਜਾਬ ਸਰਕਾਰ ਵਪਾਰੀਆਂ ਦੀਆਂ ਸਾਰੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਲਈ ਵਚਨਬੱਧ: ਅਨਿਲ ਠਾਕੁਰ

**☛ ਪੰਜਾਬ ਵਪਾਰ ਕਮਿਸ਼ਨ, ਆਬਕਾਰੀ ਤੇ ਕਰ ਵਿਭਾਗ ਦੇ ਚੇਅਰਮੈਨ ਨੇ ਜ਼ਿਲ੍ਹੇ ਦੇ ਉਦਯੋਗਾਂ ਅਤੇ ਵੱਖ-ਵੱਖ ਐਸੋਸੀਏਸ਼ਨਾਂ ਨਾਲ ਕੀਤੀ ਮੀਟਿੰਗ ☛ ਟੈਕਸ ਸੁਧਾਰ, ਓਟੀਐਸ ਸਕੀਮ ਤੇ ਵਪਾਰਕ ਸਮੱਸਿਆਵਾਂ 'ਤੇ ਖੁੱਲ ਕੇ ਹੋਈ ਚਰਚਾ ☛ ਵਪਾਰੀਆਂ ਦੀਆਂ ਸਮੱਸਿਆਵਾਂ ਨੂੰ ਸੁਣਦੇ ਹੋਏ ਜਲਦ ਹੱਲ ਦੇ ਯਤਨ ਦਾ ਦਿੱਤਾ ਭਰੋਸਾ**

**ਹੁਸ਼ਿਆਰਪੁਰ, 26 ਜੂਨ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਪਾਰ ਕਮਿਸ਼ਨ, ਆਬਕਾਰੀ ਅਤੇ ਕਰ ਵਿਭਾਗ ਦੇ ਚੇਅਰਮੈਨ ਅਨਿਲ ਠਾਕੁਰ ਨੇ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਹੁਸ਼ਿਆਰਪੁਰ ਜ਼ਿਲ੍ਹੇ ਦੇ ਵੱਖ-ਵੱਖ ਵਪਾਰਕ ਸੰਗਠਨਾਂ ਅਤੇ ਵਪਾਰਕ ਐਸੋਸੀਏਸ਼ਨਾਂ ਦੇ ਨੁਮਾਇੰਦਿਆਂ ਨਾਲ ਇੱਕ ਮਹੱਤਵਪੂਰਨ ਮੀਟਿੰਗ ਕੀਤੀ। ਮੀਟਿੰਗ ਦੀ ਸ਼ੁਰੂਆਤ ਵਿੱਚ ਸਹਾਇਕ ਟੈਕਸ ਕਮਿਸ਼ਨਰ ਪਰਮਜੀਤ ਸਿੰਘ ਅਤੇ ਵਪਾਰ ਮੰਡਲ ਹੁਸ਼ਿਆਰਪੁਰ ਦੇ ਪ੍ਰਧਾਨ ਗੋਪੀ ਚੰਦ ਕਪੂਰ ਨੇ ਚੇਅਰਮੈਨ ਦਾ ਸਵਾਗਤ ਕੀਤਾ। ਮੀਟਿੰਗ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਅਨਿਲ ਠਾਕੁਰ ਨੇ ਕਿਹਾ ਕਿ ਵਪਾਰੀਆਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਅਨੁਸਾਰ, ਉਨ੍ਹਾਂ ਨੇ ਸਾਲ 2017-18 ਦੀ ਪਹਿਲੀ ਤਿਮਾਹੀ ਦੇ ਬਕਾਇਆ ਟੈਕਸ ਬਕਾਏ ਦੇ ਮਾਮਲਿਆਂ ਦੇ ਹੱਲ ਲਈ ਓਟੀਐਸ (ਵਨ ਟਾਈਮ ਸੈਟਲਮੈਂਟ) ਸਕੀਮ ਲਾਗੂ ਕਰਨ ਲਈ ਵਿੱਤ ਮੰਤਰੀ, ਪੰਜਾਬ ਨੂੰ ਸਿਫਾਰਸ਼ ਭੇਜੀ ਹੈ ਅਤੇ ਇਹ ਸਕੀਮ ਜਲਦੀ ਹੀ ਲਾਗੂ ਕਰ ਦਿੱਤੀ ਜਾਵੇਗੀ। ਚੇਅਰਮੈਨ ਵੱਲੋਂ ਵਪਾਰੀਆਂ ਅਤੇ ਉਦਯੋਗਿਕ ਇਕਾਈਆਂ ਦੇ ਨੁਮਾਇੰਦਿਆਂ ਦੀਆਂ ਸਮੱਸਿਆਵਾਂ ਨੂੰ ਧਿਆਨ ਨਾਲ ਸੁਣਿਆ ਗਿਆ, ਜਿਨ੍ਹਾਂ ਵਿੱਚੋਂ ਬਹੁਤ ਸਾਰੀਆਂ ਸਮੱਸਿਆਵਾਂ ਨੂੰ ਵਿਭਾਗੀ ਅਧਿਕਾਰੀਆਂ ਦੀ ਮਦਦ ਨਾਲ ਮੌਕੇ 'ਤੇ ਹੀ ਹੱਲ ਕਰ ਦਿੱਤਾ ਗਿਆ। ਬਾਕੀ ਰਹਿੰਦੇ ਗੁੰਝਲਦਾਰ ਮੁੱਦਿਆਂ ਨੂੰ ਜੀਐਸਟੀ ਕੌਂਸਲ ਰਾਹੀਂ ਹੱਲ ਕਰਨ ਦਾ ਭਰੋਸਾ ਵੀ ਦਿੱਤਾ ਗਿਆ। ਸ੍ਰੀ ਠਾਕੁਰ ਨੇ ਸਾਰੇ ਵਪਾਰੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ-ਆਪਣੇ ਖੇਤਰਾਂ ਵਿੱਚ ਟੈਕਸ ਅਦਾ ਕਰਨ ਵਿੱਚ ਸਹਿਯੋਗ ਕਰਨ ਤਾਂ ਜੋ ਸੂਬੇ ਦੇ ਮਾਲੀਏ ਵਿੱਚ ਵਾਧਾ ਕੀਤਾ ਜਾ ਸਕੇ। ਉਨ੍ਹਾਂ ਭਰੋਸਾ ਦਿੱਤਾ ਕਿ ਪੰਜਾਬ ਸਰਕਾਰ ਵਪਾਰੀਆਂ ਦੀਆਂ ਸਾਰੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਲਈ ਵਚਨਬੱਧ ਹੈ। ਮੀਟਿੰਗ ਵਿੱਚ ਚੈਂਬਰ ਆਫ਼ ਕਾਮਰਸ ਅਤੇ ਵੱਖ-ਵੱਖ ਵਪਾਰਕ ਜਥੇਬੰਦੀਆਂ ਦੇ ਨੁਮਾਇੰਦੇ ਸੋਮਨਾਥ ਬੰਗੜ, ਪ੍ਰੇਮ ਚੰਦ ਜੈਨ, ਅਜੈ ਸੈਣੀ, ਅਜੈ ਭਾਟੀਆ, ਬੌਬੀ ਕੌਸ਼ਲ, ਰਾਜੇਸ਼ ਜੈਨ, ਮੁਨੀਸ਼ ਨੰਦਾ, ਪ੍ਰੇਮ ਸੈਣੀ, ਮੋਹਨ ਲਾਲ ਢੀਂਗਰਾ, ਚੰਦਰ ਮੋਹਨ, ਜਗ ਰੂਪ ਸਿੰਘ ਧਾਮੀ ਅਤੇ ਹੋਰ ਅਧਿਕਾਰੀ ਹਾਜ਼ਰ ਸਨ। ਵਿਭਾਗੀ ਪੱਧਰ 'ਤੇ ਉਪ ਕਮਿਸ਼ਨਰ ਸਟੇਟ ਟੈਕਸ ਜਲੰਧਰ ਡਿਵੀਜ਼ਨ ਦਰਵੀਰ ਰਾਜ, ਸੰਯੁਕਤ ਨਿਰਦੇਸ਼ਕ-ਕਮ-ਉਪ ਕਮਿਸ਼ਨਰ ਸਟੇਟ ਟੈਕਸ ਦਲਜੀਤ ਕੌਰ, ਸਟੇਟ ਟੈਕਸ ਅਫਸਰ ਸੰਦੀਪ ਕੁਮਾਰ, ਜਗਰੂਪ ਸਿੰਘ, ਨੀਤਿਕਾ ਅਗਰਵਾਲ, ਡੀਐਸ ਚੀਮਾ, ਅਮਰਜੀਤ, ਰਾਧਾ ਰਮਨ, ਗਗਨਦੀਪ ਸਿੰਘ, ਰਘੂ ਰੈਣਾ ਅਤੇ ਸਹਾਇਕ ਸਟੇਟ ਟੈਕਸ ਅਫਸਰ ਜਸਜੀਤ ਕੌਰ ਸਮੇਤ ਹੋਰ ਅਧਿਕਾਰੀ ਮੌਜੂਦ ਸਨ।